ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 17 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੨ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਪੰਜਾਬ ਦਾ ਚਰਚਿਤ ਬੇਅਦਬੀ ਅਤੇ ਕੋਟਕਪੂਰਾ ਗੋਲੀਬਾਰੀ ਮਾਮਲਾ

# ਸੁਖਬੀਰ ਬਾਦਲ ਨੂੰ SIT ਨੇ ਭੇਜਿਆ ਸੰਮਨ, ਸੋਮਵਾਰ ਨੂੰ ਹੋਵੇਗੀ ਪੁੱਛਗਿੱਛ



### ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ

ਪੰਜਾਬ ਦੇ ਚਰਚਿਤ ਬੇਅਦਬੀ ਅਤੇ ਕੋਟਕਪੂਰਾ ਗੋਲੀਬਾਰੀ ਮਾਮਲੇ - ਬਹਿਬਲ ਕਲਾਂ ਵਿੱਚ ਵਿਸ਼ੇਸ਼ ਜਾਂਚ ਟੀਮ ਨੇ ਵੱਡੀ ਕਾਰਵਾਈ ਕੀਤੀ ਹੈ। ਸਿਟ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੂੰ ਪੁੱਛਗਿੱਛ ਲਈ ਤਲਬ ਕੀਤਾ ਹੈ। ਸੁਖਬੀਰ ਬਾਦਲ ਤੋਂ ਅਗਲੇ ਸੋਮਵਾਰ ਪੁੱਛਗਿੱਛ ਕੀਤੀ ਜਾਵੇਗੀ। ਇਸ ਤੋਂ ਪਹਿਲਾਂ ਭਾਜਪਾ ਆਗੂ ਵਿਜੇ ਸਾਂਪਲਾ ਤੋਂ ਵੀ ਪੁੱਛਗਿੱਛ ਕੀਤੀ ਜਾ ਚੁੱਕੀ ਹੈ। ਜੁਲਾਈ 2026 ਦੇ ਸ਼ੁਰੂਆਤ ਵਿੱਚ, ਡੀਆਈਜੀ ਹਰਜੀਤ ਸਿੰਘ ਦੀ ਅਗਵਾਈ ਵਾਲੀ ਨਵੀਂ ਐਸਆਈਟੀ ਨੇ ਫਰੀਦਕੋਟ ਦੇ ਬੁਰਜ ਜਵਾਹਰ ਸਿੰਘ ਵਾਲਾ, ਬਰਗਾੜੀ ਅਤੇ ਬਹਿਬਲ ਕਲਾਂ ਘਟਨਾ ਸਥਾਨ ਦਾ ਦੌਰਾ ਕਰਕੇ ਪੂਰੇ ਘਟਨਾਕ੍ਰਮ ਦਾ ਰੀ-ਕ੍ਰਿਏਸ਼ਨ ਕੀਤਾ। ਟੀਮ ਨੇ ਸਬੂਤਾਂ ਦਾ ਵਿਸ਼ਲੇਸ਼ਣ ਕੀਤਾ ਅਤੇ ਬਾਜਾਖਾਨਾ ਪੁਲਿਸ ਸਟੇਸ਼ਨ ਦਾ ਵੀ ਦੌਰਾ ਕੀਤਾ, ਜਿੱਥੇ ਕੇਸ ਡਾਇਰੀ ਅਤੇ ਹੋਰ ਦਸਤਾਵੇਜ਼ ਸੁਰੱਖਿਅਤ ਹਨ। ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਜੂਨ 2026 ਵਿੱਚ ਐਸਆਈਟੀ ਸਾਹਮਣੇ ਆਪਣਾ ਬਿਆਨ ਦਰਜ ਕਰਵਾਇਆ ਸੀ। ਇਹ ਬਿਆਨ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਦਸੰਬਰ 2024 ਵਿੱਚ ਅਕਾਲ ਤਖ਼ਤ ਸਾਹਮਣੇ ਦਿੱਤੀ ਗਈ ਬਿਨਾਂ ਸ਼ਰਤ ਮੁਆਫ਼ੀ ਦੇ ਸਬੰਧ ਵਿੱਚ ਦਰਜ ਕੀਤਾ ਗਿਆ। ਜੂਨ ਅਤੇ ਜੁਲਾਈ 2026 ਦੌਰਾਨ, ਐਸਆਈਟੀ ਨੇ ਸਾਬਕਾ ਕੇਂਦਰੀ ਰਾਜ ਮੰਤਰੀ ਅਤੇ ਭਾਜਪਾ ਨੇਤਾ ਵਿਜੇ ਸਾਂਪਲਾ, ਸਾਬਕਾ ਓਐਸਡੀ ਗਗਨਦੀਪ ਸਿੰਘ ਬਰਾੜ ਅਤੇ ਤਤਕਾਲੀ ਡਿਪਟੀ ਕਮਿਸ਼ਨਰ ਮਾਲਵਿੰਦਰ ਸਿੰਘ ਜੱਗੀ ਨੂੰ ਤਲਬ ਕੀਤਾ ਅਤੇ ਪੁੱਛਗਿੱਛ ਕੀਤੀ। ਸ਼੍ਰੋਮਣੀ ਅਕਾਲੀ ਦਲ ਦੇ ਆਗੂ ਮਨਤਾਰ ਸਿੰਘ ਬਰਾੜ ਨੂੰ ਵੀ ਐਸਆਈਟੀ ਸਾਹਮਣੇ ਪੇਸ਼ ਹੋਣਾ ਪਿਆ ਅਤੇ ਕਹਾਣੀ ਦਾ ਆਪਣਾ ਪੱਖ ਪੇਸ਼ ਕਰਨਾ ਪਿਆ। ਦੱਸ ਦਈਏ ਕਿ ਭਾਜਪਾ ਆਗੂ ਵਿਜੇ ਸਾਂਪਲਾ ਦੇ ਬਿਆਨ ਤੋਂ ਬਾਅਦ ਸੁਖਬੀਰ ਸਿੰਘ ਨੂੰ ਤਲਬ ਕੀਤਾ ਜਾ ਰਿਹਾ ਹੈ।

### ਭਾਜਪਾ ਆਗੂ ਵਿਜੇ ਸਾਂਪਲਾ ਦੇ ਬਿਆਨ ਤੋਂ ਬਾਅਦ ਸੁਖਬੀਰ ਸਿੰਘ ਨੂੰ ਤਲਬ ਕੀਤਾ ਗਿਆ

## ਆਮ ਆਦਮੀ ਪਾਰਟੀ ਦੇ ਵਿਧਾਇਕ ਡਾ. ਵਿਜੈ ਸਿੰਗਲਾ ਹਾਦਸੇ ਦਾ ਸ਼ਿਕਾਰ



**ਪੰਜਾਬ ਸਿਆਸਤ ਤੋਂ ਬੁਰੀ ਖਬਰ ਸਾਹਮਣੇ** ਆ ਰਹੀ ਹੈ, ਜਿਸ ਕਾਰਨ ਸਿਆਸਤਦਾਨਾਂ ਵਿਚਾਲੇ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ। ਜਾਣਕਾਰੀ ਲਈ ਦੱਸ ਦੇਈਏ ਕਿ ਅੱਜ ਅੱਜ ਸਵੇਰੇ ਚੰਡੀਗੜ੍ਹ ਵਿੱਚ ਆਮ ਆਦਮੀ ਪਾਰਟੀ ਦੇ ਵਿਧਾਇਕ ਡਾ. ਵਿਜੈ ਸਿੰਗਲਾ ਹਾਦਸੇ ਦਾ ਸ਼ਿਕਾਰ ਹੋ ਗਏ। ਹਾਲਾਂਕਿ ਹੁਣ ਉਨ੍ਹਾਂ ਦੀ ਸਿਹਤ ਨੂੰ ਲੈ ਅਪਡੇਟ ਸਾਹਮਣੇ ਆਇਆ ਹੈ। ਦਰਅਸਲ, ਉਨ੍ਹਾਂ ਦੇ ਸੋਸ਼ਲ ਮੀਡੀਆ ਹੈਂਡਲ ਉੱਪਰ ਸਿਹਤ ਨੂੰ ਲੈ ਕੇ ਜਾਣਕਾਰੀ ਸਾਂਝੀ ਕੀਤੀ ਗਈ ਹੈ। ਉਨ੍ਹਾਂ ਦੀ ਟੀਮ ਵੱਲੋਂ ਇਹ ਜਾਣਕਾਰੀ ਸਾਂਝੀ ਕੀਤੀ ਗਈ ਹੈ। ਫੇਸਬੁੱਕ ਸਫੇ ਉਤੇ ਜਾਣਕਾਰੀ ਸਾਂਝੀ ਕਰਦੇ ਹੋਏ ਲਿਖਿਆ ਗਿਆ ਹੈ ਕਿ ਅੱਜ ਸਵੇਰੇ ਚੰਡੀਗੜ੍ਹ ਵਿੱਚ ਐੱਮ.ਐੱਲ.ਏ. ਡਾ. ਵਿਜੈ ਸਿੰਗਲਾ ਦਾ ਮੋਟਰਸਾਈਕਲ ਨਾਲ ਐਕਸੀਡੈਂਟ ਹੋ ਗਿਆ ਸੀ। ਹੁਣ ਪਰਮਾਤਮਾ ਦੀ ਕ੍ਰਿਪਾ ਨਾਲ ਐੱਮ.ਐੱਲ.ਏ. ਸਾਹਿਬ ਬਿਲਕੁੱਲ ਠੀਕ ਹਨ। ਹਸਪਤਾਲ ਵਿੱਚੋਂ ਛੁੱਟੀ ਮਿਲ ਗਈ ਹੈ। ਬਹੁਤ ਜਲਦ ਮਾਨਸਾ ਆਉਣਗੇ ਅਤੇ ਪਹਿਲਾਂ ਵਾਂਗ ਹੀ ਲੋਕਾਂ ਵਿੱਚ ਹੋਣਗੇ। ਸਾਰੇ ਭਰਾਵਾਂ ਨੂੰ ਬੇਨਤੀ ਹੈ ਕਿ ਉਹ ਬਿਲਕੁੱਲ ਠੀਕ ਹਨ ਅਤੇ ਜੋ ਵੀ ਸਾਡੇ ਵੀਰ ਭਰਾ ਫੋਨ ਕਰ ਰਹੇ ਹਨ, ਅਸੀਂ ਉਹਨਾਂ ਨੂੰ ਬੇਨਤੀ ਕਰਦੇ ਹਾਂ ਕਿ ਉਨ੍ਹਾਂ ਨੂੰ ਫੋਨ ਨਾ ਕਰਨ ਥੋੜ੍ਹਾ ਆਰਾਮ ਤੋਂ ਬਾਅਦ ਫੇਰ ਤੁਹਾਡੇ ਵਿੱਚ ਹਾਜ਼ਿਰ ਹੋਣਗੇ।

## ਕਾਦੀਆਂ ਨਗਰ ਕੌਂਸਲ ਦੇ ਪ੍ਰਧਾਨ ਦੇ ਅਹੁਦੇ ਲਈ ਚੋਣ ਜੰਗ ਦਾ ਮੈਦਾਨ ਬਣੀ

### ਆਪ ਅਤੇ ਕਾਂਗਰਸ ਕੌਂਸਲਰਾਂ ਵਿਚਾਲੇ ਝੜਪ; 3 ਕਾਂਗਰਸੀ ਕੌਂਸਲਰ ਲਾਪਤਾ



ਗੁਰਦਾਸਪੁਰ ( ਕਾਦੀਆਂ ), 16 ਜੁਲਾਈ (ਆਵਾਜ਼ਿ ਕੌਮ ਬਿਊਰੋ)- ਗੁਰਦਾਸਪੁਰ ਦੇ ਕਾਦੀਆਂ ਨਗਰ ਕੌਂਸਲ ਦੇ ਪ੍ਰਧਾਨ ਦੇ ਅਹੁਦੇ ਲਈ ਚੋਣ ਜੰਗ ਦਾ ਮੈਦਾਨ ਬਣ ਗਈ ਹੈ। ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਅਤੇ ਕਾਂਗਰਸ ਦੇ ਨਗਰ ਕੌਂਸਲਰਾਂ ਵਿਚਕਾਰ ਝੜਪ ਹੋ ਗਈ। ਇਸ ਦੌਰਾਨ ਕਾਂਗਰਸ ਦੇ 3 ਕੌਂਸਲਰ ਲਾਪਤਾ ਹੋ ਗਏ, ਜਦੋਂ ਕਿ ਪੁਲਿਸ ਨੇ ਕੁਝ ਲੋਕਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਜਾਣਕਾਰੀ ਅਨੁਸਾਰ, ਕਾਂਗਰਸੀ ਕੌਂਸਲਰਾਂ 'ਤੇ ਨਗਰ ਕੌਂਸਲ ਪਹੁੰਚਣ ਤੋਂ ਪਹਿਲਾਂ ਹੀ ਅਣਪਛਾਤੇ ਵਿਅਕਤੀਆਂ ਨੇ ਹਮਲਾ ਕਰ ਦਿੱਤਾ। ਇਸ ਹਮਲੇ ਤੋਂ ਬਾਅਦ 3 ਕਾਂਗਰਸੀ ਕੌਂਸਲਰ ਲਾਪਤਾ ਦੱਸੇ ਜਾ ਰਹੇ ਹਨ। ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਨੇ ਇਸ ਘਟਨਾ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ ਕਿ ਤਿੰਨ ਕਾਂਗਰਸੀ ਕੌਂਸਲਰ ਜੋ ਕਥਿਤ ਤੌਰ 'ਤੇ ਲਾਪਤਾ ਹਨ, ਉਨ੍ਹਾਂ ਵਿਰੁੱਧ ਕਾਦੀਆਂ ਪੁਲਿਸ ਸਟੇਸ਼ਨ ਵਿੱਚ ਲੜਾਈ-ਝਗੜੇ ਦਾ ਮਾਮਲਾ ਪਹਿਲਾਂ ਹੀ ਦਰਜ ਹੈ। ਉਨ੍ਹਾਂ ਨੇ ਪੁਲਿਸ ਤੋਂ ਇਨ੍ਹਾਂ ਕੌਂਸਲਰਾਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ। ਮਾਹਲ ਨੇ ਇਹ ਵੀ ਕਿਹਾ ਕਿ ਕੋਈ ਵੱਡੀ ਲੜਾਈ ਨਹੀਂ ਹੋਈ ਹੈ, ਪਰ ਕੁਝ ਪਿੰਡ ਵਾਸੀ ਇਸ ਵਿੱਚ ਸ਼ਾਮਲ ਸਨ, ਜਦੋਂ ਕਿ ਉਹ ਖੁਦ ਅਪੀਲ ਕਰ ਰਹੇ ਹਨ ਕਿ ਨਗਰ ਕੌਂਸਲ ਚੋਣਾਂ ਵਿੱਚ ਕੋਈ ਬਾਹਰੀ ਵਿਅਕਤੀ ਨਹੀਂ ਹੋਣਾ ਚਾਹੀਦਾ। ਬਟਾਲਾ ਪੁਲਿਸ ਦੇ ਸੁਪਰਡੈਂਟ ਰਮਨਦੀਪ ਸਿੰਘ ਨੇ ਦੱਸਿਆ ਕਿ ਜਿਨ੍ਹਾਂ ਕੌਂਸਲਰਾਂ ਵਿਰੁੱਧ ਕੇਸ ਦਰਜ ਕੀਤੇ ਗਏ ਸਨ, ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਪੁਲਿਸ ਨੇ ਝਗੜੇ ਵਿੱਚ ਸ਼ਾਮਲ ਲੋਕਾਂ ਨੂੰ ਸ਼ਾਂਤ ਕਰ ਦਿੱਤਾ ਹੈ ਅਤੇ ਸਥਿਤੀ ਕਾਬੂ ਹੇਠ ਹੈ।

## ਪੰਜਾਬ ਕਾਂਗਰਸ ਦੇ ਕਲੇਸ਼ ਨੂੰ ਲੈ ਚਰਚਾ ਤੇਜ਼

# ਚੰਨੀ-ਰੰਧਾਵਾ ਦਿੱਲੀ ਪਹੁੰਚੇ, ਰਾਹੁਲ ਗਾਂਧੀ ਲੈਣਗੇ ਆਖਰੀ ਫੈਸਲਾ



ਨਵੀਂ ਦਿੱਲੀ (ਚੰਡੀਗੜ੍ਹ), 16 ਜੁਲਾਈ (ਆਵਾਜ਼ਿ ਕੌਮ ਬਿਊਰੋ)- ਪੰਜਾਬ ਕਾਂਗਰਸ ਦੇ ਅੰਦਰ ਧੜੇਬੰਦੀ ਖਤਮ ਕਰਨ ਲਈ ਪਾਰਟੀ ਹਾਈਕਮਾਨ ਹੁਣ ਐਕਟਿਵ ਹੋ ਗਿਆ ਹੈ। ਇਸ ਸਬੰਧ ਵਿੱਚ, ਸਾਬਕਾ ਮੁੱਖ ਮੰਤਰੀ ਅਤੇ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ, ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਅਤੇ ਵਿਧਾਇਕ ਰਾਣਾ ਗੁਰਜੀਤ ਸਿੰਘ ਦਿੱਲੀ ਪਹੁੰਚੇ ਹਨ। ਇੱਥੇ, ਉਹ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਕੇਸੀ ਵੇਣੂਗੋਪਾਲ ਨਾਲ ਮੁਲਾਕਾਤ ਕਰਨਗੇ। ਇਸ ਤੋਂ ਪਹਿਲਾਂ, ਚੰਨੀ ਨੇ ਰਣਦੀਪ ਸੁਰਜੇਵਾਲਾ ਨਾਲ ਮੁਲਾਕਾਤ ਕੀਤੀ। ਦੂਜੇ ਪਾਸੇ, ਰਾਹੁਲ ਗਾਂਧੀ ਨੇ ਪੰਜਾਬ ਇੰਚਾਰਜ ਭੁਪੇਸ਼ ਬਘੇਲ ਨੂੰ ਦਿੱਲੀ ਤੋਂ ਛੱਤੀਸਗੜ੍ਹ ਭੇਜ ਦਿੱਤਾ ਅਤੇ ਇਸ ਵੇਲੇ ਚੰਨੀ ਧੜੇ ਤੋਂ ਦੂਰੀ ਬਣਾ ਕੇ ਰੱਖ ਰਹੇ ਹਨ। ਰਾਹੁਲ ਗਾਂਧੀ ਚਰਨਜੀਤ ਸਿੰਘ ਚੰਨੀ ਦੇ ਪ੍ਰੈਸ਼ਰ ਦੀਆਂ ਚਾਲਾਂ ਤੋਂ ਬਹੁਤ ਨਾਰਾਜ਼ ਹਨ। ਇਸ ਲਈ, ਉਨ੍ਹਾਂ ਨੇ ਚੰਨੀ ਨੂੰ ਅਜੇ ਤੱਕ ਮੁਲਾਕਾਤ ਦਾ ਸਮਾਂ ਨਹੀਂ ਦਿੱਤਾ। ਕਾਂਗਰਸ ਹਾਈਕਮਾਨ ਨੇ ਚੋਣਾਂ ਲਈ ਜੋ ਕਮੇਟੀਆਂ ਐਲਾਨੀਆ ਸੀ, ਉਸਦੀ ਮਨਜ਼ੂਰੀ ਰਾਹੁਲ ਗਾਂਧੀ ਨੇ ਦਿੱਤੀ ਸੀ। ਚਰਨਜੀਤ ਸਿੰਘ ਚੰਨੀ ਅਤੇ ਉਨ੍ਹਾਂ ਦੇ ਕੈਂਪ ਨੇ ਹਾਈਕਮਾਨ ਦੀ ਸੂਚੀ ਨੂੰ ਸਪੱਸ਼ਟ ਤੌਰ 'ਤੇ ਨਕਾਰ ਦਿੱਤਾ ਹੈ, ਇਹ ਕਹਿੰਦੇ ਹੋਏ ਕਿ ਉਹ ਇਸਨੂੰ ਸਵੀਕਾਰ ਨਹੀਂ ਕਰਦੇ। ਉਨ੍ਹਾਂ ਨੇ ਭੁਪੇਸ਼ ਬਘੇਲ ਦੀਆਂ ਮੀਟਿੰਗਾਂ ਵਿੱਚ ਵੀ ਸ਼ਿਰਕਤ ਨਹੀਂ ਕੀਤੀ। ਰਾਹੁਲ ਗਾਂਧੀ ਇਸ ਗੱਲ ਤੋਂ ਵੀ ਨਾਰਾਜ਼ ਹਨ ਕਿ ਚੰਨੀ ਨੇ ਹਾਈਕਮਾਨ ਦੇ ਫੈਸਲੇ ਨੂੰ ਸਪੱਸ਼ਟ ਤੌਰ 'ਤੇ ਨਕਾਰ ਦਿੱਤਾ ਹੈ।

## ਯੂ.ਪੀ. ਤੋਂ ਮਾਛੀਵਾੜਾ ਪਰਤ ਰਹੇ ਆੜ੍ਹਤੀ ਸਮੇਤ 3 ਦੀ ਮੌਤ, 2 ਗੰਭੀਰ ਜ਼ਖ਼ਮੀ


### ਮ੍ਰਿਤਕਾਂ ਦੀ ਸੰਤੋਖ ਸਿੰਘ ਬਾਜਵਾ, ਹਰਜੀਤ ਸਿੰਘ ਅਤੇ ਭੁਪਿੰਦਰ ਕੌਰ ਵਜੋਂ ਹੋਈ ਪਛਾਣ

ਮਾਛੀਵਾੜਾ ਸਾਹਿਬ, 16 ਜੁਲਾਈ (ਆਵਾਜ਼ਿ ਕੌਮ ਬਿਊਰੋ)- ਮਾਛੀਵਾੜਾ ਇਲਾਕੇ ਵਿਚ ਉਸ ਸਮੇਂ ਦੁਖਦਈ ਖ਼ਬਰ ਸੁਣਨ ਨੂੰ ਮਿਲੀ, ਜਦੋਂ ਯੂ.ਪੀ. ਤੋਂ ਪਰਤ ਰਹੇ ਪਰਿਵਾਰ ਨਾਲ ਵੱਡਾ ਸੜਕ ਹਾਦਸਾ ਵਾਪਰ ਗਿਆ। ਇਸ ਹਾਦਸੇ ਦੌਰਾਨ 3 ਵਿਅਕਤੀਆਂ ਦੀ ਮੌਤ ਹੋ ਗਈ ਜਿਨ੍ਹਾਂ ਵਿਚ ਮਾਛੀਵਾੜਾ ਦੇ ਆੜ੍ਹਤੀ ਤੇ ਸ਼ੈਲਰ ਮਾਲਕ ਸੰਤੋਖ ਸਿੰਘ ਬਾਜਵਾ (65) ਵਾਸੀ ਪਿੰਡ ਇਰਾਕ, ਹਰਜੀਤ ਸਿੰਘ (60) ਵਾਸੀ ਹਾਦੀਵਾਲ ਅਤੇ ਭੁਪਿੰਦਰ ਕੌਰ ਦੀ ਮੌਤ ਹੋ ਗਈ ਜਦਕਿ ਹਾਦਸੇ ਵਿਚ ਆੜ੍ਹਤੀ ਮੁਕੰਦ ਸਿੰਘ ਬੈਨੀਪਾਲ ਅਤੇ ਲਾਡੀ ਸਿੰਘ ਜਖ਼ਮੀ ਹੋ ਗਏ। ਜਾਣਕਾਰੀ ਅਨੁਸਾਰ ਮੁਕੰਦ ਸਿੰਘ ਬੈਨੀਪਾਲ ਲਖੀਮਪੁਰ ਖੀਰੀ (ਯੂ.ਪੀ.) ਵਿਖੇ ਖੇਤੀਬਾੜੀ ਕਰਦੇ ਹਨ, ਜਿਨ੍ਹਾਂ ਦਾ ਕਾਰੋਬਾਰ ਮਾਛੀਵਾੜਾ ਵਿਖੇ ਵੀ ਹੈ । ਆੜ੍ਹਤੀ ਸੰਤੋਖ ਸਿੰਘ ਬਾਜਵਾ ਅਤੇ ਹਰਜੀਤ ਸਿੰਘ ਹਾਦੀਵਾਲ ਵੀ ਇਨ੍ਹਾਂ ਦੇ ਰਿਸ਼ਤੇਦਾਰ ਹਨ, ਜੋ ਕਿ ਯੂ.ਪੀ. ਵਿਖੇ ਇਨ੍ਹਾਂ ਨੂੰ ਮਿਲਣ ਲਈ ਗਏ ਸਨ। ਅੱਜ ਜਦੋਂ ਮੁਕੰਦ ਸਿੰਘ ਬੈਨੀਪਾਲ ਇਨ੍ਹਾਂ ਸਾਰਿਆਂ ਨੂੰ ਨਾਲ ਲੈ ਕੇ ਸਕਾਰਪਿਓ ਗੱਡੀ ਰਾਹੀਂ ਯੂ.ਪੀ. ਤੋਂ ਮਾਛੀਵਾੜਾ ਆ ਰਹੇ ਸਨ ਤਾਂ ਰਸਤੇ ਵਿਚ ਸਵੇਰੇ 7.30 ਵਜੇ ਬਰੇਲੀ ਸ਼ਹਿਰ ਨੇੜ੍ਹੇ ਨਿਰਮਾਣ ਅਧੀਨ ਹਾਈਵੇ ਤੋ ਲੰਘਦਿਆਂ ਕੈਂਟਰ ਨਾਲ ਸਿੱਧੀ ਟੱਕਰ ਹੋ ਗਈ। ਇਹ ਸੜਕ ਹਾਦਸਾ ਇੰਨਾ ਭਿਆਨਕ ਸੀ ਕਿ ਆੜ੍ਹਤੀ ਸੰਤੋਖ ਸਿੰਘ, ਭੁਪਿੰਦਰ ਕੌਰ ਅਤੇ ਹਰਜੀਤ ਸਿੰਘ ਦੀ ਮੌਤ ਹੋ ਗਈ ਜਦਕਿ ਮੁਕੰਦ ਸਿੰਘ ਤੇ ਲਾਡੀ ਸਿੰਘ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਏ। ਜਖ਼ਮੀਆਂ ਨੂੰ ਤੁਰੰਤ ਨੇੜ੍ਹਲੇ ਹਸਪਤਾਲ ਲਿਆਂਦਾ ਗਿਆ ਜਿਥੇ ਉਨ੍ਹਾਂ ਦਾ ਇਲਾਜ ਸ਼ੁਰੂ ਕਰ ਦਿੱਤਾ ਗਿਆ ਹੈ। ਬਰੇਲੀ ਦੇ ਨਵਾਬਗੰਜ ਥਾਣਾ ਦੀ ਪੁਲਿਸ ਵਲੋਂ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਕਬਜ਼ੇ ਵਿਚ ਲੈ ਕੇ ਪੋਸਟ ਮਾਰਟਮ ਲਈ ਭੇਜ ਦਿੱਤਾ ਗਿਆ ਹੈ। ਮ੍ਰਿਤਕ ਤਿੰਨੋ ਹੀ ਆਪਸ ਵਿਚ ਰਿਸ਼ਤੇਦਾਰ ਹਨ ਅਤੇ ਜਦੋਂ ਉਨ੍ਹਾਂ ਦੀ ਮੌਤ ਦੀ ਸੂਚਨਾ ਘਰ ਵਿਚ ਪਹੁੰਚੀ ਤਾਂ ਮਾਹੌਲ ਬਹੁਤ ਹੀ ਗ਼ਮਗੀਨ ਹੋ ਗਿਆ। ਲਾਸ਼ਾਂ ਦਾ ਪੋਸਟ ਮਾਰਟਮ ਕਰਵਾਉਣ ਉਪਰੰਤ ਮ੍ਰਿਤਕ ਦੇਹਾਂ ਮਾਛੀਵਾੜਾ ਵਿਖੇ ਲਿਆਂਦੀਆਂ ਜਾਣਗੀਆਂ, ਜਿਥੇ ਅੰਤਿਮ ਸਸਕਾਰ ਕੀਤਾ ਜਾਵੇਗਾ।


ਦੇਗ ਤੇਗ ਫ਼ਤਹਿ
ਪੰਥ ਕੀ ਜੀਤ
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ
ਮਹਾਨ ਸ਼ਹੀਦੀ ਸਮਾਗਮ
24 ਤੋਂ 26 ਜੁਲਾਈ 2026
ਅਰੰਭ
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026
ਭੋਗ
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026
ਸ਼ਹੀਦ ਸਿੰਘਾਂ ਦੀ ਯਾਦ ਵਿੱਚ
ਸ਼ਹੀਦ ਜਨਰਲ ਲਾਭ ਸਿੰਘ
ਮੁਖੀ ਖਾਲਿਸਤਾਨ ਕਮਾਂਡੋ ਫੋਰਸ
ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ
ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ
ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ
ਜਥੇਦਾਰ ਬੱਬਰ ਖਾਲਸਾ
ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ
ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ
ਸ਼ਹੀਦੀ ਸਮਾਗਮ
ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ।
ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ।
ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।
ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।
ਸਿੱਖ ਫੈਡਰੇਸ਼ਨ, ਯੂ. ਕੇ.
ਪਰਮਿੰਦਰ ਸਿੰਘ ਬੱਲ
ਪ੍ਰਧਾਨ
ਅਜੀਤਪਾਲ ਸਿੰਘ ਸਹੋਤਾ
ਜਨਰਲ ਸਕੱਤਰ
ਹਰਮੇਲ ਸਿੰਘ ਖਾਲਸਾ
ਆਰਗੇਨਾਈਜ਼ਰ
ਟੈਲੀਫ਼ੋਨ: 07771608 363
ਈ-ਮੇਲ: PSBAL46@gmail.com

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਧੁਰ ਕੀ ਸ਼ਬਦ ਸਚੀ ਟਕਸਾਲ ॥ ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ) www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ





# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ: **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV



ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੇ
ਟਰੇਸੀ
ਆਵਾਜ਼ਿ ਕੌਮ AWAZE QAUM International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731 | +1 209 624 6549 | +1 209 624 91

ਆਵਾਜ਼ਿ ਕੌਮ AWAZE QAUM

## ਇੱਕ ਨਜ਼ਰ...



## ਭਾਰਤ ਸਿੱਖਿਆ ਰਤਨ ਐਵਾਰਡ ਨਾਲ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਸਨਮਾਨਿਤ

ਜੰਡਿਆਲਾ ਗੁਰੂ, 16 ਜੁਲਾਈ (ਕੁਲਵੰਤ ਸਿੰਘ ਵਿਰਦੀ)- ਸੇਂਟ ਸੋਲਜਰ ਇਲੀਟ ਕਾਨਵੇਂਟ ਸਕੂਲ ਜੰਡਿਆਲਾ ਗੁਰੂ ਦੇ ਸਤਿਕਾਰਯੋਗ ਡਾਇਰੈਕਟਰ ਪ੍ਰਿੰਸੀਪਲ ਡਾ .ਅਮਰਪ੍ਰੀਤ ਕੌਰ ਜੀ ਨੂੰ ਲਾਇਨਜ਼ ਓਲੰਪੀਆਰਡ ਫਾਉਂਡੇਸ਼ਨ ਨਵੀਂ ਦਿੱਲੀ ਦੁਆਰਾ ਵੱਕਾਰੀ ਭਾਰਤ ਸਿੱਖਿਆ ਰਤਨ ਸਨਮਾਨ ਨਾਲ ਸਨਮਾਨਿਤ ਕੀਤਾ ਗਿਆ।ਇਹ ਵਿਸ਼ੇਸ਼ ਸਨਮਾਨ ਉਹਨਾਂ ਦੀ ਸਿੱਖਿਆ ਦੇ ਖੇਤਰ ਵਿੱਚ ਯੋਗ ਅਗਵਾਈ, ਅਤੁੱਟ ਸਮਰਪਣ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਸ਼ਾਨਦਾਰ ਸਿੱਖਿਆ ਯੋਜਨਾਵਾਂ ਬਣਾਉਣਾ ਅਤੇ ਬੱਚਿਆਂ ਨੂੰ ਆਧੁਨਿਕ ਸਿੱਖਿਆ ਦੇ ਨਾਲ ਜੋੜ ਕੇ ਸਮੇਂ ਦੇ ਹਾਣੀ ਬਣਾਉਣ ਕਰਕੇ ਹੈ । ਸਕੂਲ ਦੇ ਮੈਨੇਜਰ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਜੀ ਨੂੰ ਵਧਾਈ ਦਿੱਤੀ ਅਤੇ ਸਿੱਖਿਆ ਦੇ ਖੇਤਰ ਵਿੱਚ ਉਹਨਾਂ ਦੇ ਅਣਥੱਕ ਯਤਨਾ ,ਸਮਰਪਣ ਅਤੇ ਸ਼ਾਨਦਾਰ ਯੋਗਦਾਨ ਦੀ ਸ਼ਲਾਘਾ ਕੀਤੀ। ਇਸ ਮੌਕੇ ਤੇ ਸਕੂਲ ਦੇ ਸਾਰੇ ਸਟਾਫ ਅਤੇ ਵਿਦਿਆਰਥੀਆਂ ਨੇ ਵੀ ਉਹਨਾਂ ਨੂੰ ਇਸ ਮਾਣ ਮੱਤੇ ਪੁਰਸਕਾਰ ਮਿਲਣ ਤੇ ਖੁਸ਼ੀ ਮਨਾਈ। ਪੂਰੇ ਸੇਂਟ ਸੋਲਜਰ ਪਰਿਵਾਰ ਨੇ ਇਸ ਮਾਣਮੱਤੇ ਅਵਾਰਡ ਦਾ ਜਸ਼ਨ ਮਨਾਇਆ ਅਤੇ ਆਉਣ ਵਾਲੇ ਸਾਲਾਂ ਵਿੱਚ ਉਹਨਾਂ ਦੀਆਂ ਹੋਰ ਬਹੁਤ ਸਾਰੀਆਂ ਪ੍ਰਾਪਤੀਆਂ ਦੀ ਕਾਮਨਾ ਕੀਤੀ।। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ੍ਰੀਮਤੀ ਸ਼ਿਲਪਾ ਸ਼ਰਮਾ , ਕੁਆਰਡੀਨੇਟਰ ਨਿਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ !

ਆਵਾਜ਼ਿ ਕੌਮ AWAZE QAUM International Newspaper & WEB TV

## ਚੇਅਰਮੈਨ ਘੁੱਲੀ ਨੇ ਪਿੰਡ ਕੌਲਸੇੜੀ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਲਈ ਬੱਸ ਰਵਾਨਾ ਕੀਤੀ



ਧੂਰੀ, 16 ਜੁਲਾਈ ( ਰਣਜੀਤ ਸਿੰਘ ਪੇਧਨੀ )- ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਤਹਿਤ ਅੱਜ ਪਿੰਡ ਕੌਲਸੇੜੀ ਤੋਂ ਸਰਪੰਚ ਜਗਰੂਪ ਸਿੰਘ ਕੌਲਸੇੜੀ ਦੀ ਅਗਵਾਈ ਹੇਠ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਅਧੀਨ ਮੁੱਖ ਮੰਤਰੀ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਦੇ ਦਿਸ਼ਾ ਨਿਰਦੇਸ਼ਾ ਤੇ ਸ਼ਰਧਾਲੂਆਂ ਦਾ ਇੱਕ ਜਥਾ ਬੱਸ ਰਾਹੀਂ ਧਾਰਮਿਕ ਯਾਤਰਾ ਲਈ ਜੈਕਾਰਿਆਂ ਲਗਾਉਂਦਾ ਹੋਇਆ ਰਵਾਨਾ ਕੀਤਾ ਗਿਆ। ਇਸ ਮੌਕੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਯਾਤਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੀ ਸੁਖਦ, ਸੁਰੱਖਿਅਤ ਅਤੇ ਮੰਗਲਮਈ ਯਾਤਰਾ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਬਜ਼ੁਰਗਾਂ ਅਤੇ ਸ਼ਰਧਾਲੂਆਂ ਲਈ ਇੱਕ ਵੱਡਾ ਉਪਹਾਰ ਹੈ । ਇਸ ਯੋਜਨਾ ਰਾਹੀਂ ਆਮ ਪਰਿਵਾਰਾਂ ਨੂੰ ਦੇਸ਼ ਦੇ ਪ੍ਰਸਿੱਧ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ, ਜਿਸ ਨਾਲ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਸਨਮਾਨ ਮਿਲਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ, ਸਿਹਤ, ਬਿਜਲੀ, ਰੋਜ਼ਗਾਰ, ਮਹਿਲਾ ਭਲਾਈ ਅਤੇ ਸਮਾਜਿਕ ਸੁਰੱਖਿਆ ਦੇ ਖੇਤਰਾਂ ਵਿੱਚ ਇਤਿਹਾਸਕ ਫੈਸਲੇ ਲੈ ਕੇ ਲੋਕਾਂ ਦੀ ਜ਼ਿੰਦਗੀ ਵਿੱਚ ਸਕਾਰਾਤਮਕ ਬਦਲਾਅ ਲਿਆ ਰਹੀ ਹੈ।

## ਯੁਵਾ ਆਪਦਾ ਮਿਤਰ ਯੋਜਨਾ ਤਹਿਤ ਐਨ .ਐਸ.ਐਸ. ਸੇਵਾਦਾਰਾਂ ਦੀ ਟ੍ਰੇਨਿੰਗ ਦਾ ਚੌਥਾ ਦਿਨ ਸਫਲਤਾਪੂਰਵਕ ਸੰਪੰਨ

ਸੰਗਰੂਰ, 16 ਜੁਲਾਈ ( ਰਣਜੀਤ ਸਿੰਘ ਪੇਧਨੀ )-ਅਕਾਲ ਕਾਲਜ ਆਫ ਐਜੂਕੇਸ਼ਨ, ਸੰਗਰੂਰ ਵਿਖੇ ਚੱਲ ਰਹੇ ਸੱਤ ਦਿਨਾਂ ਦੇ ਯੁਵਾ ਆਪਦਾ ਮਿਤਰ ਯੋਜਨਾ ਤਹਿਤ ਐਨ .ਐਸ.ਐਸ. ਸੇਵਾਦਾਰਾਂ ਦੀ ਟ੍ਰੇਨਿੰਗ ਦਾ ਚੌਥਾ ਦਿਨ ਸਫਲਤਾਪੂਰਵਕ ਸੰਪੰਨ ਹੋਇਆ। ਇਸ ਦਿਨ ਦਾ ਮੁੱਖ ਉਦੇਸ਼ ਭਾਗੀਦਾਰਾਂ ਦੀਆਂ ਆਫ਼ਤ ਪ੍ਰਬੰਧਨ ਸੰਬੰਧੀ ਵਿਹਾਰਕ ਯੋਗਤਾਵਾਂ ਨੂੰ ਕਲਾਸਰੂਮ ਸੈਸ਼ਨਾਂ, ਡੈਮੋਨਸਟ੍ਰੇਸ਼ਨਾਂ ਅਤੇ ਅਨੁਭਵ ਆਧਾਰਿਤ ਗਤੀਵਿਧੀਆਂ ਰਾਹੀਂ ਮਜ਼ਬੂਤ ਕਰਨਾ ਸੀ। ਚੌਥੇ ਦਿਨ ਦੌਰਾਨ ਫਸਟ ਏਡ, ਨਰਮ ਟਿਸ਼ੂਆਂ ਸੱਟਾਂ ਅੱਗ ਸੰਬੰਧੀ ਸਿਧਾਂਤ ਅਤੇ ਫਾਇਰ ਸੇਫਟੀ ਡੈਮੋਨਸਟ੍ਰੇਸ਼ਨ, ਭਾਰ ਨੂੰ ਚੁੱਕਣਾ ਅਤੇ ਸਥਿਰ ਕਰਨਾ ਅਤੇ ਜ਼ਖ਼ਮੀ ਵਿਅਕਤੀਆਂ ਨੂੰ ਸੁਰੱਖਿਅਤ ਢੰਗ ਨਾਲ ਚੁੱਕਣਾ ਅਤੇ ਇਕ ਤੋਂ ਦੂਜੀ ਥਾਂ ਲੈਕੇ ਜਾਣਾ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਟ੍ਰੇਨਿੰਗ ਦਿੱਤੀ ਗਈ। ਇਨ੍ਹਾਂ ਸੈਸ਼ਨਾਂ ਦਾ ਉਦੇਸ਼ ਐਨ .ਐਸ.ਐਸ. ਸੇਵਾਦਾਰਾਂ ਦੇ ਗਿਆਨ ਅਤੇ ਹੁਨਰਾਂ ਨੂੰ ਮਜ਼ਬੂਤ ਕਰਨਾ ਸੀ ਤਾਂ ਜੋ ਉਹ ਆਫ਼ਤਾਂ ਅਤੇ ਦੁਰਘਟਨਾਵਾਂ ਦੌਰਾਨ ਤੁਰੰਤ ਅਤੇ ਪ੍ਰਭਾਵਸ਼ਾਲੀ ਸਹਾਇਤਾ ਪ੍ਰਦਾਨ ਕਰ ਸਕਣ। ਸੈਸ਼ਨਾਂ ਰਾਹੀਂ ਆਫ਼ਤ ਤਿਆਰੀ ਦੀ ਮਹੱਤਤਾ ਅਤੇ ਪ੍ਰਸ਼ਿਕਸ਼ਿਤ ਕਮਿਊਨਿਟੀ ਸੇਵਾਦਾਰਾਂ ਦੀ ਅਹਿਮ ਭੂਮਿਕਾ ਨੂੰ ਵੀ ਉਜਾਗਰ ਕੀਤਾ ਗਿਆ। ਦਿਨ ਦੇ ਅੰਤ ਵਿੱਚ ਪ੍ਰੋ. (ਡਾ.) ਜੋਗ ਸਿੰਘ ਭਾਟੀਆ, ਸੀਨੀਅਰ ਕਨਸਲਟੈਂਟ (ਆਫ਼ਤ ਪ੍ਰਬੰਧਨ), MGSIPA, ਪੰਜਾਬ ਸਰਕਾਰ, ਅਤੇ ਉਨ੍ਹਾਂ ਦੀ ਟੀਮ ਵੱਲੋਂ ਫਾਇਰ ਐਂਡ ਐਮਰਜੈਂਸੀ ਸਰਵਿਸਿਜ਼ ਵਿਭਾਗ, ਸੰਗਰੂਰ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਗਈ। ਉਨ੍ਹਾਂ ਨੇ ਨੌਜਵਾਨਾਂ ਨੂੰ ਵਿਹਾਰਕ ਅਤੇ ਖੇਤਰੀ ਅਨੁਭਵ ਪ੍ਰਦਾਨ ਕਰਨ ਲਈ ਵਿਭਾਗ ਦਾ ਧੰਨਵਾਦ ਕੀਤਾ ਅਤੇ ਸਨਮਾਨ ਵਜੋਂ ਇੱਕ ਯਾਦਗਾਰੀ ਚਿੰਨ੍ਹ ਭੇਟ ਕੀਤਾ। ਸੰਗਰੂਰ ਵਿੱਚ ਪ੍ਰੋ. ਜੋਗ ਭਾਟੀਆ (ਸੀਨੀਅਰ ਕਨਸਲਟੈਂਟ ਦੀ ਅਗਵਾਈ ਹੇਠ ਆਫ਼ਤ ਪ੍ਰਬੰਧਨ ਮਾਹਿਰਾਂ ਦੀ ਇੱਕ ਸਮਰਪਿਤ ਟੀਮ ਆਫ਼ਤਾਂ ਦੀ ਰੋਕਥਾਮ, ਤਿਆਰੀ, ਜਵਾਬੀ ਕਾਰਵਾਈ ਅਤੇ ਪੁਨਰਵਾਸ ਨਾਲ ਸੰਬੰਧਿਤ ਵਿਹਾਰਕ ਟ੍ਰੇਨਿੰਗ ਪ੍ਰਦਾਨ ਕਰ ਰਹੀ ਹੈ। ਇਸ ਟੀਮ ਵਿੱਚ ਸ਼੍ਰੀ ਯੋਗੇਸ਼, ਸ਼੍ਰੀ ਸੁਨੀਲ, ਸ਼੍ਰੀ ਬਲਵਿੰਦਰ, ਸ਼੍ਰੀ ਸਲੋਨੀ, ਸ਼੍ਰੀ ਏਤਿਸ਼ਾ ਪਰਮਾਰ ਅਤੇ ਸ਼੍ਰੀ ਕਾਰਤਿਕ ਸ਼ਾਮਲ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬਹਿਬਲ ਕਲਾਂ ਗੋਲੀਕਾਂਡ ਮਾਮਲੇ ਵਿੱਚ ਨਿਰਪੱਖ ਜਾਂਚ ਹੋਵੇ, ਦੋਸ਼ੀ ਨੂੰ ਸਜ਼ਾ ਅਤੇ ਬੇਕਸੂਰ ਨੂੰ ਇਨਸਾਫ਼ ਮਿਲੇ: ਪ੍ਰੋ. ਸਰਚਾਂਦ ਸਿੰਘ ਖਿਆਲਾ



ਅੰਮ੍ਰਿਤਸਰ, 16 ਜੁਲਾਈ (ਆਵਾਜ਼ਿ ਕੌਮ ਬਿਊਰੋ)- ਭਾਜਪਾ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਬਹਿਬਲ ਕਲਾਂ ਗੋਲੀਕਾਂਡ ਮਾਮਲੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੂੰ ਐਸਆਈਟੀ ਵੱਲੋਂ 20 ਜੁਲਾਈ ਨੂੰ ਤਲਬ ਕੀਤੇ ਜਾਣ ਦੇ ਸੰਦਰਭ ਵਿੱਚ ਕਿਹਾ ਕਿ ਭਾਜਪਾ ਸ਼ੁਰੂ ਤੋਂ ਹੀ ਇਸ ਪੂਰੇ ਮਾਮਲੇ ਵਿੱਚ ਨਿਰਪੱਖ, ਪਾਰਦਰਸ਼ੀ ਅਤੇ ਕਾਨੂੰਨ ਅਨੁਸਾਰ ਜਾਂਚ ਦੀ ਹਮਾਇਤੀ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ "ਦੁੱਧ ਦਾ ਦੁੱਧ ਅਤੇ ਪਾਣੀ ਦਾ ਪਾਣੀ" ਹੋਣਾ ਚਾਹੀਦਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਚਾਹੇ ਕੋਈ ਕਿੰਨਾ ਵੀ ਵੱਡਾ ਸਿਆਸੀ ਆਗੂ, ਅਧਿਕਾਰੀ ਜਾਂ ਪ੍ਰਭਾਵਸ਼ਾਲੀ ਵਿਅਕਤੀ ਕਿਉਂ ਨਾ ਹੋਵੇ, ਜੇਕਰ ਉਸ ਨੇ ਕਾਨੂੰਨ ਦੀ ਉਲੰਘਣਾ ਕੀਤੀ ਹੈ ਜਾਂ ਗਲਤ ਹੁਕਮ ਦਿੱਤੇ ਹਨ ਤਾਂ ਉਸ ਨੂੰ ਕਾਨੂੰਨ ਅਨੁਸਾਰ ਸਜ਼ਾ ਮਿਲਣੀ ਚਾਹੀਦੀ ਹੈ। ਇਸ ਦੇ ਨਾਲ ਹੀ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਕਿਸੇ ਬੇਕਸੂਰ ਨੂੰ ਸਿਆਸੀ ਜਾਂ ਹੋਰ ਕਿਸੇ ਕਾਰਨ ਕਰਕੇ ਪਰੇਸ਼ਾਨ ਨਾ ਕੀਤਾ ਜਾਵੇ। ਪੀੜਤ ਪਰਿਵਾਰਾਂ ਨੂੰ ਇਨਸਾਫ਼ ਮਿਲਣਾ ਉਤਨਾ ਹੀ ਜ਼ਰੂਰੀ ਹੈ ਜਿੰਨਾ ਕਿ ਬੇਗੁਨਾਹ ਲੋਕਾਂ ਦੀ ਸੁਰੱਖਿਆ। ਉਨ੍ਹਾਂ ਕਿਹਾ ਕਿ ਐਸਆਈਟੀ ਇਸ ਮਾਮਲੇ ਵਿੱਚ ਭਾਜਪਾ ਦੇ ਸਾਬਕਾ ਪੰਜਾਬ ਪ੍ਰਧਾਨ ਵਿਜੇ ਸਾਂਪਲਾ ਨੂੰ ਵੀ ਪੁੱਛਗਿੱਛ ਲਈ ਬੁਲਾ ਚੁੱਕੀ ਹੈ। ਵਿਜੇ ਸਾਂਪਲਾ ਨੇ ਐਸਆਈਟੀ ਨੂੰ ਉਹ ਮੰਗ-ਪੱਤਰ ਦੀ ਕਾਪੀ ਉਪਲਬਧ ਕਰਵਾਉਣ ਦੀ ਬੇਨਤੀ ਕੀਤੀ ਸੀ, ਜੋ ਉਹ ਉਸ ਸਮੇਂ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਨਾਲ ਮਿਲ ਕੇ ਤਤਕਾਲੀ ਰਾਜਪਾਲ ਨੂੰ ਦੇ ਕੇ ਆਏ ਸਨ, ਤਾਂ ਜੋ ਉਹ ਆਪਣੇ ਦਸਤਖ਼ਤਾਂ ਦੀ ਪੁਸ਼ਟੀ ਕਰ ਸਕਣ। ਪ੍ਰੋ. ਖਿਆਲਾ ਨੇ ਸਵਾਲ ਕੀਤਾ ਕਿ ਜੇਕਰ ਇਹ ਦਸਤਾਵੇਜ਼ ਜਾਂਚ ਲਈ ਮਹੱਤਵਪੂਰਨ ਹੈ ਤਾਂ ਐਸਆਈਟੀ ਨੇ ਉਸ ਦੀ ਕਾਪੀ ਉਨ੍ਹਾਂ ਨੂੰ ਕਿਉਂ ਨਹੀਂ ਦਿੱਤੀ ? ਉਨ੍ਹਾਂ ਕਿਹਾ ਕਿ ਬਹਿਬਲ ਕਲਾਂ ਗੋਲੀਕਾਂਡ ਨਾਲ ਭਾਜਪਾ ਦਾ ਕੋਈ ਸਿੱਧਾ ਸਬੰਧ ਨਹੀਂ ਸੀ, ਭਾਵੇਂ ਉਸ ਸਮੇਂ ਉਹ ਸਰਕਾਰ ਵਿੱਚ ਭਾਈਵਾਲ ਸੀ। ਗੋਲੀ ਚਲਾਉਣ ਦਾ ਫ਼ੈਸਲਾ ਕੈਬਨਿਟ ਵਿੱਚ ਨਹੀਂ ਲਿਆ ਗਿਆ ਸੀ। ਉਸ ਸਮੇਂ ਗ੍ਰਹਿ ਵਿਭਾਗ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਕੋਲ ਸੀ ਅਤੇ ਕਾਨੂੰਨ-ਵਿਵਸਥਾ ਨਾਲ ਸੰਬੰਧਤ ਫ਼ੈਸਲੇ ਲੈਣ ਦੀ ਜ਼ਿੰਮੇਵਾਰੀ ਵੀ ਉਨ੍ਹਾਂ ਦੇ ਅਧੀਨ ਸੀ। ਪ੍ਰੋ. ਖਿਆਲਾ ਨੇ ਕਿਹਾ ਕਿ ਸਾਬਕਾ ਵਿਧਾਇਕ ਮਨਤਾਰ ਸਿੰਘ ਬਰਾੜ ਵੱਲੋਂ ਇਹ ਬਿਆਨ ਦਿੱਤਾ ਗਿਆ ਸੀ ਕਿ ਪ੍ਰਦਰਸ਼ਨਕਾਰੀਆਂ ਖ਼ਿਲਾਫ਼ ਕਾਰਵਾਈ ਤੋਂ ਪਹਿਲਾਂ ਉਸ ਸਮੇਂ ਦੇ ਮੁੱਖ ਮੰਤਰੀ, ਉਪ ਮੁੱਖ ਮੰਤਰੀ ਅਤੇ ਡੀਜੀਪੀ ਨਾਲ ਗੱਲਬਾਤ ਹੋਈ ਸੀ। ਇਸੇ ਤਰ੍ਹਾਂ ਤਤਕਾਲੀ ਮੁੱਖ ਮੰਤਰੀ ਦੇ ਓਐਸਡੀ ਗਗਨਦੀਪ ਸਿੰਘ ਬਰਾੜ ਵੱਲੋਂ ਵੀ ਕਥਿਤ ਤੌਰ 'ਤੇ ਇਹ ਗੱਲ ਸਾਹਮਣੇ ਆਈ ਕਿ ਪ੍ਰਦਰਸ਼ਨਕਾਰੀਆਂ ਨੂੰ ਹਟਾਉਣ ਲਈ ਹੁਕਮ ਦਿੱਤੇ ਗਏ ਸਨ। ਅਜਿਹੇ ਵਿੱਚ ਇਹ ਸਪੱਸ਼ਟ ਹੋਣਾ ਚਾਹੀਦਾ ਹੈ ਕਿ ਬਲ ਪ੍ਰਯੋਗ ਦੀ ਮਨਜ਼ੂਰੀ ਕਿਸ ਪੱਧਰ 'ਤੇ ਅਤੇ ਕਿਸ ਦੇ ਹੁਕਮਾਂ ਨਾਲ ਦਿੱਤੀ ਗਈ ਸੀ। ਉਨ੍ਹਾਂ ਕਿਹਾ ਕਿ 14 ਅਕਤੂਬਰ 2015 ਨੂੰ ਕੋਟਕਪੂਰਾ ਅਤੇ ਬਹਿਬਲ ਕਲਾਂ ਵਿੱਚ ਵਾਪਰੀ ਇਸ ਦੁਖਦਾਈ ਘਟਨਾ ਨੂੰ ਲਗਭਗ ਦਸ ਸਾਲ ਹੋ ਚੁੱਕੇ ਹਨ, ਜਿਸ ਵਿੱਚ ਭਾਈ ਕ੍ਰਿਸ਼ਨ ਭਗਵਾਨ ਸਿੰਘ ਅਤੇ ਭਾਈ ਗੁਰਜੀਤ ਸਿੰਘ ਸਰਾਵਾਂ ਸ਼ਹੀਦ ਹੋਏ। ਇੰਨਾ ਲੰਮਾ ਸਮਾਂ ਬੀਤ ਜਾਣ ਦੇ ਬਾਵਜੂਦ ਪੀੜਤ ਪਰਿਵਾਰ ਅਜੇ ਵੀ ਇਨਸਾਫ਼ ਦੀ ਉਡੀਕ ਕਰ ਰਹੇ ਹਨ। ਪ੍ਰੋ. ਖਿਆਲਾ ਨੇ ਕਿਹਾ ਕਿ ਐਸਆਈਟੀ ਦੀ ਰਿਪੋਰਟ ਅਤੇ ਚਲਾਨ ਵਿੱਚ ਤਤਕਾਲੀ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ, ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ, ਤਤਕਾਲੀ ਡੀਜੀਪੀ ਸੁਮੇਧ ਸੈਣੀ, ਆਈਜੀ ਪਰਮਰਾਜ ਸਿੰਘ ਉਮਰਾਨੰਗਲ, ਐਸਐਸਪੀ ਚਰਨਜੀਤ ਸ਼ਰਮਾ ਸਮੇਤ ਹੋਰਾਂ ਦੇ ਨਾਮ ਦਰਜ ਕੀਤੇ ਗਏ ਹਨ। ਹੁਣ ਜਦੋਂ ਇਹ ਕੇਸ ਫ਼ਰੀਦਕੋਟ ਤੋਂ ਚੰਡੀਗੜ੍ਹ ਤਬਦੀਲ ਕੀਤਾ ਗਿਆ ਹੈ ਤਾਂ ਇਹ ਵੀ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਇਸ ਨਾਲ ਪੀੜਤ ਪਰਿਵਾਰਾਂ ਅਤੇ ਗਵਾਹਾਂ ਨੂੰ ਕਿਸੇ ਕਿਸਮ ਦੀ ਅਣਚਾਹੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਮੁਕੱਦਮੇ ਦੀ ਸੁਣਵਾਈ ਵਿੱਚ ਬੇਲੋੜੀ ਦੇਰੀ ਨਾ ਹੋਵੇ। ਉਨ੍ਹਾਂ ਕਿਹਾ ਕਿ ਇਹ ਵੀ ਚਰਚਾ ਦਾ ਵਿਸ਼ਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਇਸ ਸੰਵੇਦਨਸ਼ੀਲ ਮਾਮਲੇ ਨੂੰ ਨਿਰਪੱਖ ਢੰਗ ਨਾਲ ਅੱਗੇ ਵਧਾ ਰਹੀ ਹੈ ਜਾਂ ਇਸ ਨੂੰ ਚੋਣਾਂ ਤੋਂ ਪਹਿਲਾਂ ਸਿਆਸੀ ਹਥਿਆਰ ਵਜੋਂ ਵਰਤ ਰਹੀ ਹੈ। ਹੁਣ ਤੱਕ ਇਸ ਮਾਮਲੇ ਵਿੱਚ ਕਈ ਐਸਆਈਟੀਆਂ ਬਣ ਚੁੱਕੀਆਂ ਹਨ ਅਤੇ ਸਰਕਾਰ ਨੂੰ ਵੀ ਸੱਤਾ ਵਿੱਚ ਆਏ ਲਗਭਗ ਪੌਣੇ ਪੰਜ ਸਾਲ ਹੋ ਚੁੱਕੇ ਹਨ। ਜੇਕਰ ਜਾਂਚ ਵਿੱਚ ਤੇਜ਼ੀ ਉਸ ਵੇਲੇ ਆਉਂਦੀ ਹੈ ਜਦੋਂ ਚੋਣਾਂ ਨੇੜੇ ਹਨ, ਤਾਂ ਕੁਦਰਤੀ ਤੌਰ 'ਤੇ ਲੋਕਾਂ ਦੇ ਮਨ ਵਿੱਚ ਸਵਾਲ ਉੱਠਣਗੇ। ਇਨ੍ਹਾਂ ਸਵਾਲਾਂ ਦੇ ਜਵਾਬ ਸਰਕਾਰ ਨੂੰ ਆਪਣੇ ਕੰਮ ਅਤੇ ਨਿਰਪੱਖਤਾ ਨਾਲ ਦੇਣੇ ਚਾਹੀਦੇ ਹਨ। ਅੰਤ ਵਿੱਚ ਪ੍ਰੋ. ਖਿਆਲਾ ਨੇ ਕਿਹਾ ਕਿ ਭਾਜਪਾ ਦੀ ਸਪੱਸ਼ਟ ਮੰਗ ਹੈ ਕਿ ਇਸ ਪੂਰੇ ਮਾਮਲੇ ਦੀ ਜਾਂਚ ਪੂਰੀ ਤਰ੍ਹਾਂ ਨਿਰਪੱਖ, ਪਾਰਦਰਸ਼ੀ ਅਤੇ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਮੁਕੰਮਲ ਕੀਤੀ ਜਾਵੇ, ਦੋਸ਼ੀਆਂ ਨੂੰ ਸਜ਼ਾ ਮਿਲੇ, ਬੇਕਸੂਰਾਂ ਨੂੰ ਇਨਸਾਫ਼ ਮਿਲੇ ਅਤੇ ਪੀੜਤ ਪਰਿਵਾਰਾਂ ਨੂੰ ਬਿਨਾਂ ਹੋਰ ਦੇਰੀ ਕੀਤੇ ਨਿਆਂ ਪ੍ਰਦਾਨ ਕੀਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਪੰਜਾਬ ਸਰਕਾਰ ਦੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਸੂਝਵਾਨ ਲੋਕ ਆਮ ਆਦਮੀ ਪਾਰਟੀ 'ਚ ਹੋ ਰਹੇ ਸਾਮਲ: ਈ.ਟੀ.ਓ

## ਪਿੰਡ ਤਾਰਾਗੜ੍ਹ ਦੇ ਮੋਹਤਬਰ ਵਿਅਕਤੀਆਂ ਨੇ ਪਿੰਡ ਵਾਸੀਆਂ ਦੀਆਂ ਮੰਗਾਂ ਪ੍ਰਤੀ ਈ.ਟੀ.ਓ ਨੂੰ ਮੰਗ ਪੱਤਰ ਸੌਂਪਿਆ



ਜੰਡਿਆਲਾ ਗੁਰੂ 16 ਜੁਲਾਈ (ਕੁਲਵੰਤ ਸਿੰਘ ਵਿਰਦੀ) ਬੀਤੇ ਦਿਨ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਤਾਰਾਗੜ੍ਹ ਵਿਖੇ ਲੋਕ ਨਿਰਮਾਣ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਪਹੁੰਚੇ ਅਤੇ ਪਿੰਡ ਦੇ ਮੋਹਤਬਰ ਵਿਅਕਤੀਆ ਵੱਲੋਂ ਸ੍ਰ ਈ.ਟੀ.ਓ ਨੂੰ ਜੀ ਆਇਆ ਆਖਿਆ ਅਤੇ ਭਰਵਾਂ ਸਵਾਗਤ ਕੀਤਾ ਗਿਆ ਇਸ ਮੌਕੇ ਸ੍ਰ ਹਰਭਜਨ ਸਿੰਘ ਈ.ਟੀ.ਓ ਜੀ ਨੇ ਪੰਜਾਬ ਸਰਕਾਰ ਵੱਲੋਂ ਪੰਜਾਬ ਵਾਸੀਆਂ ਨੂੰ ਦਿੱਤੀਆਂ ਗਈਆਂ ਗਰੰਟੀਆਂ ਨੂੰ ਪੂਰਾ ਕੀਤਾ ਗਿਆ ਬਾਰੇ ਪਿੰਡ ਵਾਸੀਆਂ ਨੂੰ ਵਿਸਥਾਰ ਨਾਲ ਦੱਸਿਆ ! ਇਸ ਮੌਕੇ ਪਿੰਡ ਤਾਰਾਗੜ੍ਹ ਦੇ ਸਰਪੰਚ ਬੀਬੀ ਰਜਿੰਦਰ ਕੌਰ ਦੇ ਪਤੀ ਜਗਮੋਹਨ ਸਿੰਘ, ਪ੍ਰਿਥੀਪਾਲ ਸਿੰਘ ਗੋਲਡੀ ,ਦਵਿੰਦਰ ਸਿੰਘ, ਹਰਭਾਲ ਸਿੰਘ ਬਿਟੂ ਥਿੰਦ,ਗੁਲਜਾਰ ਸਿੰਘ ਆਦਿ ਪੰਚਾਂ ਤੇ ਮੋਹਤਬਰ ਵਿਅਕਤੀਆਂ ਵਲੋਂ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਨੂੰ ਸਪੈਸਲ ਤੌਰ ਜੀ ਆਇਆ ਆਖਿਆ ਅਤੇ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਮੋਹਤਬਰ ਵਿਅਕਤੀਆਂ ਨੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਜੀ ਕੋਲੋਂ ਮੰਗ ਕਰਦਿਆਂ ਕਿਹਾ ਕਿ ਇਨਾਂ 14 ਮੰਗਾਂ ਨੂੰ ਜਲਦ ਤੋਂ ਜਲਦ ਪੂਰਾ ਕੀਤਾ ਜਾਵੇ 1ਇਸ ਮੌਕੇ ਸ੍ਰ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਅੱਜ ਪਿੰਡ ਤਾਰਾਗੜ੍ਹ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ, ਜਦੋਂ ਲੰਮੇ ਸਮੇਂ ਤੋਂ ਕਾਂਗਰਸ ਪਾਰਟੀ ਨਾਲ ਜੁੜੇ ਰਹੇ ਸ. ਜਗੀਰ ਸਿੰਘ ਪੁੱਤਰ ਸ. ਉੱਤਮ ਸਿੰਘ ਅਤੇ ਸ. ਦਲਬੀਰ ਸਿੰਘ ਬਿੱਟੂ ਪੁੱਤਰ ਸ. ਹਰਬੰਸ ਸਿੰਘ ਨੇ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਪੰਜਾਬ ਸਰਕਾਰ ਦੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ ।ਪਾਰਟੀ ਵਿੱਚ ਸ਼ਾਮਲ ਹੋ ਰਹੇ ਸਾਰੇ ਸਾਥੀਆਂ ਨੂੰ ਭਰੋਸਾ ਦਿਵਾਉਂਦਾ ਹਾਂ ਕਿ ਉਨ੍ਹਾਂ ਨੂੰ ਹਮੇਸ਼ਾ ਬਣਦਾ ਮਾਣ-ਸਤਿਕਾਰ ਅਤੇ ਸਨਮਾਨ ਦਿੱਤਾ ਜਾਵੇਗਾ। ਅੱਗੇ ਸ੍ਰ ਈ.ਟੀ.ਓ ਨੇ ਕਿਹਾ ਕਿ ਪਿੰਡ ਤਾਰਾਗੜ੍ਹ ਵਾਸੀਆਂ ਦੀਆਂ ਮੰਗਾਂ ਨੂੰ ਜਲਦ ਤੋਂ ਜਲਦ ਪੂਰਾ ਕੀਤਾ ਜਾਵੇਗਾ !

ਆਵਾਜ਼ਿ ਕੌਮ AWAZE QAUM International Newspaper & WEB TV

# ਖ਼ਾਲਸਾ ਰਾਜ ਦੀ ਪ੍ਰਾਪਤੀ ਲਈ ਸ਼ਹਾਦਤਾਂ ਦੇ ਇਤਿਹਾਸ ਨੂੰ ਜਿਊਂਦਾ ਰੱਖਣ ਲਈ 26 ਜੁਲਾਈ ਨੂੰ ਕੋਲਨ ਵਿਖੇ ਹੋਵੇਗਾ ਮਹਾਨ ਸ਼ਹੀਦੀ ਸਮਾਗਮ : ਭਾਈ ਰੇਸ਼ਮ ਸਿੰਘ ਬੱਬਰ



ਨਵੀਂ ਦਿੱਲੀ, 17 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਜਲਾਵਤਨੀ ਆਗੂ ਜਥੇਦਾਰ ਭਾਈ ਰੇਸ਼ਮ ਸਿੰਘ ਬੱਬਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖ਼ਾਲਸਾ ਰਾਜ ਦੀ ਪ੍ਰਾਪਤੀ ਲਈ ਆਪਣੀਆਂ ਜਾਨਾਂ ਨਿਛਾਵਰ ਕਰਨ ਵਾਲੇ ਸਮੂਹ ਸ਼ਹੀਦ ਸਿੰਘਾਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਮਹਾਨ ਸ਼ਹੀਦੀ ਸਮਾਗਮ 26 ਜੁਲਾਈ 2026, ਦਿਨ ਐਤਵਾਰ ਨੂੰ ਗੁਰਦੁਆਰਾ ਸ੍ਰੀ ਦਸਮੇਸ਼ ਸਿੰਘ ਸਭਾ, ਕੋਲਨ (ਜਰਮਨੀ) ਵਿਖੇ ਕਰਵਾਇਆ ਜਾਵੇਗਾ। ਉਨ੍ਹਾਂ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤ ਨੂੰ ਪਰਿਵਾਰਾਂ ਸਮੇਤ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਦੀ ਅਪੀਲ ਕੀਤੀ। ਜਥੇਦਾਰ ਭਾਈ ਰੇਸ਼ਮ ਸਿੰਘ ਬੱਬਰ ਨੇ ਕਿਹਾ ਕਿ ਸਮਾਗਮ ਦੌਰਾਨ ਸ਼ਹੀਦ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ, ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ, ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ, ਸ਼ਹੀਦ ਭਾਈ ਤਲਵਿੰਦਰ ਸਿੰਘ ਬੱਬਰ, ਸ਼ਹੀਦ ਭਾਈ ਰਮਿੰਦਰ ਸਿੰਘ 'ਟੈਣੀ' ਬੱਬਰ, ਸ਼ਹੀਦ ਭਾਈ ਗੁਰਦੇਵ ਸਿੰਘ 'ਦੇਵੂ' ਧੀਰਪੁਰ, ਸ਼ਹੀਦ ਭਾਈ ਬਲਵਿੰਦਰ ਸਿੰਘ ਬੱਬਰ (ਜੰਡਿਆਲਾ), ਸ਼ਹੀਦ ਭਾਈ ਚਰਨਜੀਤ ਸਿੰਘ 'ਚੰਨੀ' ਬੱਬਰ, ਸ਼ਹੀਦ ਜਰਨੈਲ ਭਾਈ ਲਾਭ ਸਿੰਘ, ਸ਼ਹੀਦ ਭਾਈ ਬਲਵਿੰਦਰ ਸਿੰਘ ਬੱਬਰ (ਹਵਾਰਾ), ਸ਼ਹੀਦ ਭਾਈ ਹਰਜੀਤ ਸਿੰਘ ਭਾਉਵਾਲ ਸਮੇਤ ਖ਼ਾਲਸਾ ਪੰਥ ਦੇ ਸਮੂਹ ਸ਼ਹੀਦ ਸਿੰਘਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਪੰਥ ਦੀ ਅਮੋਲਕ ਧਰੋਹਰ ਹਨ, ਜਿਨ੍ਹਾਂ ਤੋਂ ਹਰ ਪੀੜ੍ਹੀ ਨੂੰ ਪ੍ਰੇਰਣਾ ਮਿਲਦੀ ਰਹੇਗੀ। ਉਨ੍ਹਾਂ ਦੱਸਿਆ ਕਿ ਸਮਾਗਮ ਦੀ ਸ਼ੁਰੂਆਤ 24 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਆਰੰਭ ਨਾਲ ਹੋਵੇਗੀ, ਜਦਕਿ 26 ਜੁਲਾਈ ਨੂੰ ਭੋਗ ਉਪਰੰਤ ਗੁਰਬਾਣੀ ਕੀਰਤਨ, ਅਰਦਾਸ ਅਤੇ ਪੰਥਕ ਵਿਚਾਰਾਂ ਦਾ ਪ੍ਰਵਾਹ ਹੋਵੇਗਾ। ਵੱਖ-ਵੱਖ ਪੰਥਕ ਸ਼ਖ਼ਸੀਅਤਾਂ ਸੰਗਤ ਨੂੰ ਸੰਬੋਧਨ ਕਰਦਿਆਂ ਸ਼ਹੀਦਾਂ ਦੇ ਜੀਵਨ, ਸੰਘਰਸ਼ ਅਤੇ ਕੁਰਬਾਨੀਆਂ 'ਤੇ ਚਾਨਣਾ ਪਾਉਣਗੀਆਂ। ਜਥੇਦਾਰ ਭਾਈ ਰੇਸ਼ਮ ਸਿੰਘ ਬੱਬਰ ਨੇ ਕਿਹਾ ਕਿ ਸ਼ਹੀਦਾਂ ਦੀ ਯਾਦ ਨੂੰ ਸਾਂਭਣਾ ਅਤੇ ਉਨ੍ਹਾਂ ਦੇ ਆਦਰਸ਼ਾਂ ਨੂੰ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਉਣਾ ਸਮੂਹ ਪੰਥ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਸਮੂਹ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ ਹਾਜ਼ਰੀ ਭਰ ਕੇ ਸ਼ਹੀਦਾਂ ਪ੍ਰਤੀ ਆਪਣਾ ਸਤਿਕਾਰ ਪ੍ਰਗਟ ਕਰਨ ਅਤੇ ਗੁਰੂ ਘਰ ਦੀਆਂ ਬਖ਼ਿਸ਼ਸ਼ਾਂ ਦੇ ਭਾਗੀ ਬਣਨ।

## ਇੱਕ ਨਜ਼ਰ . . .



### ਦਿੱਲੀ ਕਮੇਟੀ ਵਲੋਂ ਸ਼੍ਰੋਮਣੀ ਰਾਗੀ ਐਵਾਰਡ ਨਾਲ ਸਨਮਾਨਿਤ ਹੋਇਆ ਭਾਈ ਗੁਰਦੀਪ ਸਿੰਘ, ਭਾਈ ਹਰਜੀਤ ਸਿੰਘ ਤੇ ਭਾਈ ਗੁਰਮੀਤ ਸਿੰਘ ਦਾ ਜੱਥਾ

### ਅੰਮ੍ਰਿਤਧਾਰੀ ਪਰਿਵਾਰਾਂ ਦੇ ਬੱਚਿਆਂ ਲਈ 100 ਫੀਸਦੀ ਟਿਊਸ਼ਨ ਫੀਸ ਮੁਆਫ਼: ਕਾਲਕਾ, ਕਾਹਲੋਂ, ਕਰਮਸਰ

ਨਵੀਂ ਦਿੱਲੀ, 17 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਬੰਗਲਾ ਸਾਹਿਬ ਵਿਖੇ 23ਵੇਂ ਰਾਗ ਦਰਬਾਰ ਕੀਰਤਨ ਸਮਾਗਮ ਦੌਰਾਨ ਭਾਈ ਗੁਰਦੀਪ ਸਿੰਘ, ਭਾਈ ਹਰਜੀਤ ਸਿੰਘ ਅਤੇ ਭਾਈ ਗੁਰਮੀਤ ਸਿੰਘ ਦੇ ਜੱਥੇ ਨੂੰ ਦੂਜੇ ਸ਼੍ਰੋਮਣੀ ਰਾਗੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਰਾਗ ਦਰਬਾਰ ਦਾ ਉਦੇਸ਼ ਗੁਰੂ ਸਾਹਿਬਾਨਾਂ ਵੱਲੋਂ ਪ੍ਰਚਲਿਤ ਰਾਗ ਆਧਾਰਿਤ ਕੀਰਤਨ ਪਰੰਪਰਾ ਨੂੰ ਪ੍ਰਫੁੱਲਤ ਕਰਨਾ ਅਤੇ ਇਸ ਖੇਤਰ ਵਿੱਚ ਵਿਸ਼ੇਸ਼ ਸੇਵਾ ਨਿਭਾਉਣ ਵਾਲੇ ਰਾਗੀ ਸਿੰਘਾਂ ਦਾ ਸਨਮਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਸਨਮਾਨਿਤ ਜੱਥਾ ਪਿਛਲੇ 50 ਸਾਲਾਂ ਤੋਂ ਦਿੱਲੀ ਦੇ ਇਤਿਹਾਸਕ ਗੁਰਦੁਆਰਿਆਂ ਵਿੱਚ ਨਿਰੰਤਰ ਕੀਰਤਨ ਦੀ ਸੇਵਾ ਨਿਭਾ ਰਿਹਾ ਹੈ ਅਤੇ ਇਸ ਦੇ ਸਿੱਖਾਏ ਕਈ ਰਾਗੀ ਅੱਜ ਦੇਸ਼-ਵਿਦੇਸ਼ ਵਿੱਚ ਸੇਵਾ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਦਿੱਲੀ ਕਮੇਟੀ ਵੱਲੋਂ ਸ਼ੁਰੂ ਕੀਤਾ ਗਿਆ ਸ਼੍ਰੋਮਣੀ ਰਾਗੀ ਐਵਾਰਡ ਦੇਸ਼ ਵਿੱਚ ਆਪਣੀ ਕਿਸਮ ਦਾ ਵਿਲੱਖਣ ਸਨਮਾਨ ਹੈ, ਜਿਸ ਰਾਹੀਂ ਗੁਰਮਤਿ ਸੰਗੀਤ ਦੀ ਸੰਭਾਲ ਅਤੇ ਕੀਰਤਨੀਆਂ ਦੀਆਂ ਲੰਬੀਆਂ ਤੇ ਨਿਰਸਵਾਰਥ ਸੇਵਾਵਾਂ ਨੂੰ ਮਾਣ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਨੌਜਵਾਨ ਪੀੜ੍ਹੀ ਨੂੰ ਰਾਗੀ ਪਰੰਪਰਾ ਨਾਲ ਜੋੜਨ ਵਿੱਚ ਵੀ ਸਹਾਈ ਸਾਬਤ ਹੋਣਗੇ। ਇਸ ਮੌਕੇ ਕਮੇਟੀ ਨੇ ਦੱਸਿਆ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਵਿੱਚ ਅੰਮ੍ਰਿਤਧਾਰੀ ਪਰਿਵਾਰਾਂ, ਗ੍ਰੰਥੀ ਸਿੰਘਾਂ, ਰਾਗੀ ਸਿੰਘਾਂ ਅਤੇ ਗੁਰਦੁਆਰਿਆਂ ਦੇ ਸੇਵਾਦਾਰਾਂ ਦੇ ਬੱਚਿਆਂ ਲਈ 12ਵੀਂ ਜਮਾਤ ਤੱਕ 100 ਫੀਸਦੀ ਟਿਊਸ਼ਨ ਫੀਸ ਮੁਆਫ਼ ਰਹੇਗੀ। ਖਾਲਸਾ ਸਾਜਨਾ ਦਿਵਸ ਮੌਕੇ ਕੀਤੇ ਐਲਾਨ ਅਨੁਸਾਰ ਅੰਮ੍ਰਿਤਧਾਰੀ ਪਰਿਵਾਰਾਂ ਤੋਂ ਮਿਲੀਆਂ ਅਰਜ਼ੀਆਂ 'ਤੇ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਯੋਗ ਪਰਿਵਾਰਾਂ ਨੂੰ ਜਲਦ ਮਨਜ਼ੂਰੀ ਪੱਤਰ ਜਾਰੀ ਕੀਤੇ ਜਾਣਗੇ। ਇਸ ਲਈ ਪੰਜ ਮੈਂਬਰੀ ਕਮੇਟੀ ਬਣਾਈ ਗਈ ਹੈ ਅਤੇ ਅਰਜ਼ੀਆਂ ਧਰਮ ਪ੍ਰਚਾਰ ਵਿੰਗ ਰਾਹੀਂ ਸਵੀਕਾਰ ਕੀਤੀਆਂ ਜਾਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

### ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਦਾ ਦਿਲ ਜਿੱਤਿਆ : ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸ਼ਮਾ



ਚੌਕ ਮਹਿਤਾ,16 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਆਪਣੀ ਆਖਰੀ ਚੋਣ ਗਾਰੰਟੀ ਨੂੰ ਪੂਰਾ ਕਰਕੇ, ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਰਾਹੀਂ ਪੰਜਾਬ ਦੇ ਹਰ ਵਰਗ ਦੇ ਲੋਕਾਂ ਦਾ ਦਿਲ ਜਿੱਤ ਲਿਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਜੰਡਿਆਲਾ ਗੁਰੂ ਤੋ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਆਪਣੇ ਸਾਰੇ ਵਾਅਦੇ ਪੂਰੇ ਕੀਤੇ ਹਨ, ਜਿਸ ਤਹਿਤ ਆਪਣੀ ਵੱਡੀ ਗਾਰੰਟੀ ਨੂੰ ਪੂਰਾ ਕਰਦਿਆਂ ਸਰਕਾਰ ਨੇ ਔਰਤਾਂ ਦੀ ਆਰਥਿਕ ਮਜ਼ਬੂਤੀ ਲਈ ਵੱਡਾ ਕਦਮ ਚੁੱਕਿਆ ਹੈ ਅਤੇ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਨਿਰਧਾਰਿਤ ਰਾਸ਼ੀ ਸਿੱਧੀ ਮਹਿਲਾਵਾਂ ਦੇ ਖਾਤਿਆਂ ਵਿੱਚ ਪਾਈ ਗਈ ਹੈ, ਜਿਸ ਤਹਿਤ ਸਾਰੀਆਂ ਮਹਿਲਾਵਾਂ ਨੂੰ 3000 ਹਜ਼ਾਰ ਰੁਪਏ ਅਤੇ ਅਨੁਸੂਚਿਤ ਜਾਤੀ ਦੀਆਂ ਮਹਿਲਾਵਾਂ ਨੂੰ 4500 ਉਨ੍ਹਾਂ ਦੇ ਖਾਤਿਆਂ ਵਿੱਚ ਜਮ੍ਹਾਂ ਹੋ ਗਏ ਹਨ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸਰਕਾਰ ਨੇ ਬਿਨਾਂ ਕਿਸੇ ਪੱਖਪਾਤ ਤੋਂ ਹਰ ਵਰਗ ਦੀਆਂ ਮਹਿਲਾਵਾਂ ਨੂੰ ਇਸ ਸਕੀਮ ਵਿੱਚ ਸ਼ਾਮਲ ਕੀਤਾ ਹੈ।

### ਪਿੰਡ ਭਲਾਈਪੁਰ ਪੂਰਬਾ ਵਿੱਚ ਪੰਚਾਇਤੀ ਦੀ ਅਗਵਾਈ ਹੇਠ ਬੂਟੇ ਲਗਾਏ



ਚੌਕ ਮਹਿਤਾ,16 ਜੁਲਾਈ( ਬਾਬਾ ਸੁਖਵੰਤ ਸਿੰਘ ਚੰਨਣਕੇ)- ਪਿੰਡ ਭਲਾਈਪੁਰ ਪੂਰਬਾ ਵਿੱਚੋਂ ਪਿੰਡ ਦੀ ਖ਼ੂਬਸੂਰਤੀ ਅਤੇ ਵਾਤਾਵਰਣ ਦੀ ਸ਼ੁੱਧਤਾ ਲਈ ਸਰਪੰਚ ਬੀਬੀ ਪ੍ਰਵੀਨ ਕੌਰ ਅਤੇ ਸਮੂਹ ਪੰਚਾਇਤ ਅਤੇ ਐਨ ਆਰ ਆਈ ਦੇ ਸਹਿਯੋਗ ਨਾਲ ਪਿੰਡ ਵਿੱਚ ਖਜੂਰਾਂ,ਪਾਮ ਅਤੇ ਹੋਰ ਬਹੁਤ ਮਹਿੰਗੇ ਬੂਟੇ ਲਗਾਏ ਗਏ। ਇਸ ਮੌਕੇ ਤੇ ਸਮਾਜ ਸੇਵੀ ਗਿਆਨੀ ਤੇਜਬੀਰ ਸਿੰਘ ਭਲਾਈਪੁਰ ਨੇ ਕਿਹਾ ਕਿ ਸਾਨੂੰ ਆਪਣੇ ਪਿੰਡਾਂ ਵਿੱਚ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ ।ਅਤੇ ਬੂਟਿਆਂ ਨੂੰ ਆਪਣੇ ਪੁੱਤਰਾਂ ਧੀਆਂ ਵਾਂਗ ਸੰਭਾਲ ਵੀ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਪਿੰਡ ਦੀ ਪੰਚਾਇਤ ਅਤੇ ਸਮਾਜ ਸੇਵੀ, ਪਤਵੰਤੇ ਸੱਜਣ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਪਰਮਜੀਤ ਸਿੰਘ ਭਿਓਰਾ ਦੀ ਰਿਹਾਈ 'ਤੇ ਪੰਜਵਾਂ ਰਿਮਾਈਂਡਰ; 30 ਸਾਲਾਂ ਦੀ ਬੰਦੀ ਬਾਅਦ ਵੀ ਸਰਕਾਰਾਂ ਚੁੱਪ, ਸਰਨਾ ਨੇ ਦੋਹਰੇ ਮਾਪਦੰਡਾਂ 'ਤੇ ਚੁੱਕੇ ਗੰਭੀਰ ਸਵਾਲ



ਨਵੀਂ ਦਿੱਲੀ, 16 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਤਕਰੀਬਨ 30 ਸਾਲਾਂ ਤੋਂ ਜੇਲ੍ਹ ਵਿੱਚ ਬੰਦ ਭਾਈ ਪਰਮਜੀਤ ਸਿੰਘ ਭਿਓਰਾ ਦੀ ਰਿਹਾਈ ਸਬੰਧੀ ਲਗਾਈ ਗਈ ਅਰਜ਼ੀ 'ਤੇ ਬੁੜੈਲ ਜੇਲ੍ਹ ਦੇ ਸੁਪਰਡੈਂਟ ਵੱਲੋਂ ਪੰਜਾਬ ਸਰਕਾਰ ਨੂੰ ਪੰਜਵੀਂ ਵਾਰ ਰਿਮਾਈਂਡਰ ਭੇਜਿਆ ਗਿਆ ਹੈ। ਇਸ ਦੇ ਬਾਵਜੂਦ ਸਰਕਾਰ ਵੱਲੋਂ ਅਜੇ ਤੱਕ ਕੋਈ ਫ਼ੈਸਲਾ ਨਾ ਲਏ ਜਾਣ ਕਾਰਨ ਸਿੱਖ ਜਥੇਬੰਦੀਆਂ ਅਤੇ ਪੰਥਕ ਹਲਕਿਆਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਭਾਈ ਪਰਮਜੀਤ ਸਿੰਘ ਭਿਓਰਾ ਖ਼ਿਲਾਫ਼ ਦਰਜ ਸਾਰੇ ਕੇਸ ਸਮਾਪਤ ਹੋ ਚੁੱਕੇ ਹਨ। ਜੇਲ੍ਹ ਰਿਕਾਰਡ ਅਨੁਸਾਰ ਉਹ 33 ਸਾਲਾਂ ਤੋਂ ਵੱਧ ਸਮੇਂ ਤੋਂ ਬੰਦੀ ਹਨ ਅਤੇ ਉਨ੍ਹਾਂ ਦਾ ਜੇਲ੍ਹ ਅੰਦਰ ਚਾਲ-ਚਲਣ ਵੀ ਬੇਹੱਦ ਸੰਤੋਸ਼ਜਨਕ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਲ੍ਹ ਪ੍ਰਸ਼ਾਸਨ ਨੇ ਖੁਦ ਉਨ੍ਹਾਂ ਨੂੰ ਰਿਹਾਈ ਲਈ ਅਰਜ਼ੀ ਦੇਣ ਦੀ ਸਲਾਹ ਦਿੱਤੀ ਸੀ, ਪਰ ਅਰਜ਼ੀ ਭੇਜੇ ਜਾਣ ਤੋਂ ਬਾਅਦ ਵੀ ਪੰਜਾਬ ਸਰਕਾਰ ਨੇ ਕੋਈ ਫ਼ੈਸਲਾ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਜਦੋਂ ਜੇਲ੍ਹ ਪ੍ਰਸ਼ਾਸਨ ਨੂੰ ਪੰਜਵੀਂ ਵਾਰ ਰਿਮਾਈਂਡਰ ਭੇਜਣਾ ਪਵੇ ਤਾਂ ਇਹ ਸਰਕਾਰ ਦੀ ਬੇਰੁਖ਼ੀ, ਪ੍ਰਸ਼ਾਸਨਿਕ ਨਾਕਾਮੀ ਅਤੇ ਨਿਆਂ ਪ੍ਰਤੀ ਉਦਾਸੀਨਤਾ ਦਾ ਸਪੱਸ਼ਟ ਸਬੂਤ ਹੈ। ਸਰਨਾ ਨੇ ਕਿਹਾ ਕਿ ਇੱਕ ਪਾਸੇ ਭਾਈ ਪਰਮਜੀਤ ਸਿੰਘ ਭਿਓਰਾ ਵਰਗੇ ਬੰਦੀ, ਜਿਨ੍ਹਾਂ ਦੇ ਸਾਰੇ ਕੇਸ ਸਮਾਪਤ ਹੋ ਚੁੱਕੇ ਹਨ, ਦਹਾਕਿਆਂ ਦੀ ਸਜ਼ਾ ਕੱਟ ਚੁੱਕੇ ਹਨ ਅਤੇ ਜਿਨ੍ਹਾਂ ਦਾ ਜੇਲ੍ਹ ਰਿਕਾਰਡ ਵੀ ਬੇਦਾਗ. ਹੈ, ਉਨ੍ਹਾਂ ਦੀ ਰਿਹਾਈ ਦੀਆਂ ਫ਼ਾਈਲਾਂ ਸਰਕਾਰੀ ਦਫ਼ਤਰਾਂ ਵਿੱਚ ਧੂੜ ਫੱਕ ਰਹੀਆਂ ਹਨ, ਜਦਕਿ ਦੂਜੇ ਪਾਸੇ ਦੇਸ਼ ਦੇ ਕਈ ਚਰਚਿਤ ਮਾਮਲਿਆਂ ਵਿੱਚ ਕਾਨੂੰਨੀ ਪ੍ਰਕਿਰਿਆ ਤਹਿਤ ਦੋਸ਼ੀਆਂ ਜਾਂ ਮੁਲਜ਼ਮਾਂ ਨੂੰ ਪੈਰੋਲ, ਫਰਲੋ ਜਾਂ ਜ਼ਮਾਨਤ ਵਰਗੀਆਂ ਰਾਹਤਾਂ ਮਿਲਦੀਆਂ ਰਹੀਆਂ ਹਨ। ਉਨ੍ਹਾਂ ਇਸ ਸੰਦਰਭ ਵਿੱਚ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ, ਆਸਾਰਾਮ ਬਾਪੂ, ਮਾਲੇਗਾਂਵ ਮਾਮਲੇ ਨਾਲ ਜੁੜੇ ਸੰਸਦ ਮੈਂਬਰ ਪ੍ਰਗਿਆ ਸਿੰਘ ਠਾਕੁਰ ਅਤੇ ਲੈਫ਼ਟੀਨੈਂਟ ਕਰਨਲ ਪ੍ਰਸਾਦ ਸ਼੍ਰੀਕਾਂਤ ਪੁਰੋਹਿਤ ਦਾ ਜ਼ਿਕਰ ਕਰਦਿਆਂ ਕਿਹਾ ਕਿ ਜੇ ਕਾਨੂੰਨ ਅਨੁਸਾਰ ਹੋਰ ਮਾਮਲਿਆਂ ਵਿੱਚ ਰਾਹਤਾਂ ਦਿੱਤੀਆਂ ਜਾ ਸਕਦੀਆਂ ਹਨ ਤਾਂ ਭਾਈ ਪਰਮਜੀਤ ਸਿੰਘ ਭਿਓਰਾ ਵਰਗੇ ਬੰਦੀਆਂ ਦੇ ਮਾਮਲਿਆਂ ਵਿੱਚ ਲਗਾਤਾਰ ਟਾਲਮਟੋਲ ਕਿਉਂ ਕੀਤੀ ਜਾ ਰਹੀ ਹੈ. ? ਉਨ੍ਹਾਂ ਕਿਹਾ ਕਿ ਭਾਰਤ ਦਾ ਸੰਵਿਧਾਨ ਹਰ ਨਾਗਰਿਕ ਨੂੰ ਕਾਨੂੰਨ ਅੱਗੇ ਬਰਾਬਰੀ ਦਾ ਅਧਿਕਾਰ ਦਿੰਦਾ ਹੈ, ਪਰ ਬੰਦੀ ਸਿੰਘਾਂ ਦੇ ਮਾਮਲੇ ਵਿੱਚ ਇਹ ਬਰਾਬਰੀ ਕਿਤੇ ਵੀ ਨਜ਼ਰ ਨਹੀਂ ਆ ਰਹੀ। ਉਨ੍ਹਾਂ ਸਵਾਲ ਕੀਤਾ ਕਿ ਕੀ ਬੰਦੀ ਸਿੰਘਾਂ ਲਈ ਕਾਨੂੰਨ ਦੇ ਮਾਪਦੰਡ ਵੱਖਰੇ ਹਨ ? ਕੀ ਸਿੱਖ ਹੋਣਾ ਹੀ ਉਨ੍ਹਾਂ ਨਾਲ ਲਗਾਤਾਰ ਹੋ ਰਹੇ ਵਿਤਕਰੇ ਦਾ ਕਾਰਨ ਬਣ ਗਿਆ ਹੈ ? ਉਨ੍ਹਾਂ ਕਿਹਾ ਕਿ ਇਨਸਾਫ਼ ਵਿੱਚ ਦੇਰੀ, ਇਨਸਾਫ਼ ਤੋਂ ਇਨਕਾਰ ਦੇ ਬਰਾਬਰ ਹੈ ਅਤੇ ਪੰਜਾਬ ਸਰਕਾਰ ਨੂੰ ਇਸ ਸਵਾਲ ਦਾ ਜਵਾਬ ਦੇਣਾ ਚਾਹੀਦਾ ਹੈ ਕਿ ਆਖ਼ਰ ਭਾਈ ਪਰਮਜੀਤ ਸਿੰਘ ਭਿਓਰਾ ਦੀ ਰਿਹਾਈ ਦਾ ਮਾਮਲਾ ਹੋਰ ਕਿੰਨਾ ਸਮਾਂ ਫ਼ਾਈਲਾਂ ਵਿੱਚ ਦੱਬਿਆ ਰਹੇਗਾ। ਸਰਨਾ ਨੇ ਦੋਸ਼ ਲਗਾਇਆ ਕਿ ਸਮੂਹ ਬੰਦੀ ਸਿੰਘਾਂ ਦੀ ਰਿਹਾਈ ਦਾ ਮਸਲਾ ਲੰਬੇ ਸਮੇਂ ਤੋਂ ਸਿਆਸੀ ਸੋਚ ਦਾ ਸ਼ਿਕਾਰ ਬਣਿਆ ਹੋਇਆ ਹੈ। ਹਰ ਸਰਕਾਰ ਨੇ ਇਨਸਾਫ਼ ਦੇਣ ਦੀ ਥਾਂ ਟਾਲਮਟੋਲ ਦੀ ਨੀਤੀ ਅਪਣਾਈ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਬੰਦੀ ਸਿੰਘਾਂ ਦੇ ਮਾਮਲੇ ਸਬੰਧੀ ਪੰਜਾਬ ਸਰਕਾਰ ਨਾਲ ਕਈ ਵਾਰ ਪੱਤਰ-ਵਿਹਾਰ ਕੀਤਾ ਗਿਆ, ਪਰ ਨਾ ਤਾਂ ਕਿਸੇ ਪੱਤਰ ਦਾ ਜਵਾਬ ਦਿੱਤਾ ਗਿਆ ਅਤੇ ਨਾ ਹੀ ਮੁਲਾਕਾਤ ਲਈ ਸਮਾਂ ਦਿੱਤਾ ਗਿਆ। ਇਹ ਸਰਕਾਰ ਦੀ ਨੀਅਤ ਅਤੇ ਗੰਭੀਰਤਾ 'ਤੇ ਵੱਡਾ ਸਵਾਲੀਆ ਨਿਸ਼ਾਨ ਹੈ। ਉਨ੍ਹਾਂ ਕਿਹਾ ਕਿ ਭਾਈ ਪਰਮਜੀਤ ਸਿੰਘ ਭਿਓਰਾ ਸਮੇਤ ਸਮੂਹ ਬੰਦੀ ਸਿੰਘਾਂ ਦੇ ਮਾਮਲੇ ਹੁਣ ਕਿਸੇ ਸਿਆਸੀ ਨਜ਼ਰੀਏ ਨਾਲ ਨਹੀਂ, ਸਗੋਂ ਸੰਵਿਧਾਨਕ, ਮਨੁੱਖੀ ਅਧਿਕਾਰਾਂ ਅਤੇ ਕਾਨੂੰਨੀ ਮਾਪਦੰਡਾਂ ਦੇ ਆਧਾਰ 'ਤੇ ਨਿਪਟਾਏ ਜਾਣੇ ਚਾਹੀਦੇ ਹਨ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਭਾਈ ਪਰਮਜੀਤ ਸਿੰਘ ਭਿਓਰਾ ਸਮੇਤ ਸਮੂਹ ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਲੰਬਿਤ ਮਾਮਲਿਆਂ ਦਾ ਤੁਰੰਤ ਨਿਪਟਾਰਾ ਕਰਕੇ ਇਹ ਸਾਬਤ ਕੀਤਾ ਜਾਵੇ ਕਿ ਕਾਨੂੰਨ ਦੀ ਨਜ਼ਰ ਵਿੱਚ ਸਾਰੇ ਨਾਗਰਿਕ ਬਰਾਬਰ ਹਨ ਅਤੇ ਨਿਆਂ ਕਿਸੇ ਧਰਮ ਜਾਂ ਸਿਆਸੀ ਸੋਚ ਦਾ ਮੁਹਤਾਜ ਨਹੀਂ।

ਆਵਾਜ਼ਿ ਕੌਮ AWAZE QAUM International Newspaper & WEB TV

# ਨਸ਼ੇ ਤੇ ਪਤਿਤਪੁਣਾ ਸਿੱਖ ਕੌਮ ਉੱਤੇ ਸਭ ਤੋਂ ਵੱਡਾ ਹਮਲਾ; ਹਾਲੇ ਵੀ ਨਾ ਜਾਗੇ ਤਾਂ ਕੱਲ੍ਹ ਵਿਰਾਸਤ ਬਚਾਉਣੀ ਹੋਵੇਗੀ ਔਖੀ: ਭਾਈ ਸ਼ੁਭਦੀਪ ਸਿੰਘ



ਨਵੀਂ ਦਿੱਲੀ 16 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪੰਥ ਪ੍ਰਸਿੱਧ ਹਜ਼ੂਰੀ ਰਾਗੀ ਭਾਈ ਸ਼ੁਭਦੀਪ ਸਿੰਘ ਨੇ ਨੌਜੁਆਨਾਂ ਅੰਦਰ ਫੈਲ ਰਹੇ ਨਸ਼ੇ ਅਤੇ ਪਤਿਤਪੁਣੇ ਉਤੇ ਗਹਿਰੀ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਅੱਜ ਸਿੱਖ ਪੰਥ ਉੱਤੇ ਸਭ ਤੋਂ ਵੱਡਾ ਹਮਲਾ ਤਲਵਾਰਾਂ ਨਾਲ ਨਹੀਂ, ਸਗੋਂ ਨਸ਼ਿਆਂ, ਪੱਛਮੀ ਅੰਨ੍ਹੀ ਰੀਸ ਅਤੇ ਸਿੱਖੀ ਤੋਂ ਦੂਰ ਕੀਤੀ ਜਾ ਰਹੀ ਨੌਜਵਾਨ ਪੀੜ੍ਹੀ ਰਾਹੀਂ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਹੜੀ ਕੌਮ ਨੇ ਆਪਣੇ ਕੇਸਾਂ ਦੀ ਰੱਖਿਆ ਲਈ ਖ਼ੂਨ ਦੀਆਂ ਨਦੀਆਂ ਵਗਾਈਆਂ, ਉਸੇ ਕੌਮ ਦੇ ਕੁਝ ਨੌਜਵਾਨ ਬੱਚੇ ਬੱਚੀਆਂ ਅੱਜ ਫੈਸ਼ਨ ਦੇ ਨਾਂ 'ਤੇ ਗੁਰੂ ਦੀ ਬਖ਼ਸ਼ੀ ਦਾਤ ਨੂੰ ਤਿਆਗ ਰਹੇ ਹਨ, ਜੋ ਬੇਹੱਦ ਦੁਖਦਾਈ ਅਤੇ ਚਿੰਤਾਜਨਕ ਹੈ। ਭਾਈ ਸ਼ੁਭਦੀਪ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਫ਼ੁਰਮਾਨ ਹੈ, "ਮਨ ਤੂੰ ਜੋਤਿ ਸਰੂਪੁ ਹੈ ਆਪਣਾ ਮੂਲੁ ਪਛਾਣੁ।" ਪਰ ਜਦੋਂ ਮਨੁੱਖ ਆਪਣੇ ਮੂਲ ਤੋਂ ਟੁੱਟ ਜਾਂਦਾ ਹੈ ਤਾਂ ਨਸ਼ੇ, ਕਾਮ, ਕ੍ਰੋਧ, ਲੋਭ ਅਤੇ ਮੋਹ ਉਸ ਦੀ ਜ਼ਿੰਦਗੀ ਉੱਤੇ ਕਬਜ਼ਾ ਕਰ ਲੈਂਦੇ ਹਨ। ਅੱਜ ਇਹੀ ਦ੍ਰਿਸ਼ ਪੰਜਾਬ ਅਤੇ ਸਿੱਖ ਸਮਾਜ ਵਿੱਚ ਚਿੰਤਾ ਦਾ ਕਾਰਨ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਛੋਟੇ ਸਾਹਿਬਜ਼ਾਦਿਆਂ ਨੇ ਨੀਹਾਂ ਵਿੱਚ ਚਿਣੇ ਜਾਣਾ ਕਬੂਲ ਕੀਤਾ ਪਰ ਧਰਮ ਨਹੀਂ ਛੱਡਿਆ, ਜਿਨ੍ਹਾਂ ਭਾਈ ਤਾਰੂ ਸਿੰਘ ਜੀ ਨੇ ਕੇਸਾਂ ਦੀ ਰੱਖਿਆ ਲਈ ਆਪਣੀ ਖੋਪੜੀ ਲਹਵਾ ਦਿੱਤੀ, ਜਿਨ੍ਹਾਂ ਭਾਈ ਮਣੀ ਸਿੰਘ ਜੀ ਨੇ ਬੰਦ-ਬੰਦ ਕਟਵਾਉਣਾ ਮਨਜ਼ੂਰ ਕੀਤਾ ਅਤੇ ਜਿਨ੍ਹਾਂ ਬਾਬਾ ਦੀਪ ਸਿੰਘ ਜੀ ਨੇ ਸਿਰ ਹਥੇਲੀ 'ਤੇ ਰੱਖ ਕੇ ਗੁਰੂ ਘਰ ਦੀ ਲਾਜ ਰੱਖੀ, ਉਨ੍ਹਾਂ ਦੇ ਵਾਰਸ ਜੇ ਅੱਜ ਨਸ਼ਿਆਂ ਦੀਆਂ ਸੂਈਆਂ ਅਤੇ ਫੈਸ਼ਨ ਦੀ ਕੈਂਚੀ ਅੱਗੇ ਹਾਰ ਮੰਨ ਜਾਣ ਤਾਂ ਇਹ ਸ਼ਹੀਦਾਂ ਦੀਆਂ ਕੁਰਬਾਨੀਆਂ ਦਾ ਸਤਿਕਾਰ ਨਹੀਂ, ਸਗੋਂ ਉਨ੍ਹਾਂ ਨਾਲ ਬੇਇਨਸਾਫ਼ੀ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਸੋਚਣਾ ਗਲਤ ਹੈ ਕਿ ਕੇਸ ਕਟਾਉਣਾ ਜਾਂ ਨਸ਼ਿਆਂ ਵਿੱਚ ਡੁੱਬਣਾ ਸਿਰਫ਼ ਨਿੱਜੀ ਮਾਮਲਾ ਹੈ। ਜਦੋਂ ਇੱਕ ਸਿੱਖ ਆਪਣੀ ਪਹਿਚਾਣ ਛੱਡਦਾ ਹੈ ਤਾਂ ਪੂਰੀ ਕੌਮ ਕਮਜ਼ੋਰ ਹੁੰਦੀ ਹੈ। ਜਦੋਂ ਇੱਕ ਨੌਜਵਾਨ ਨਸ਼ੇ ਦਾ ਸ਼ਿਕਾਰ ਹੁੰਦਾ ਹੈ ਤਾਂ ਸਿਰਫ਼ ਇੱਕ ਘਰ ਨਹੀਂ, ਸਗੋਂ ਸਮਾਜ ਦੀ ਇੱਕ ਨੀਂਹ ਹਿੱਲ ਜਾਂਦੀ ਹੈ। ਭਾਈ ਸ਼ੁਭਦੀਪ ਸਿੰਘ ਨੇ ਕਿਹਾ ਕਿ ਅੱਜ ਲੋੜ ਗੁਰੂ ਘਰਾਂ ਨੂੰ ਸਿਰਫ਼ ਮੱਥਾ ਟੇਕਣ ਤੱਕ ਸੀਮਤ ਰੱਖਣ ਦੀ ਨਹੀਂ, ਸਗੋਂ ਗੁਰਬਾਣੀ ਨੂੰ ਜੀਵਨ ਵਿੱਚ ਉਤਾਰਨ ਦੀ ਹੈ। ਮਾਪੇ ਆਪਣੇ ਬੱਚਿਆਂ ਨੂੰ ਸਿਰਫ਼ ਡਿਗਰੀਆਂ ਹੀ ਨਹੀਂ, ਗੁਰਮਤਿ, ਇਤਿਹਾਸ ਅਤੇ ਰਹਿਤ-ਮਰਿਆਦਾ ਦੀ ਸਿੱਖਿਆ ਵੀ ਦੇਣ। ਨੌਜਵਾਨ ਅੰਮ੍ਰਿਤ ਵੇਲੇ, ਨਾਮ ਬਾਣੀ ਅਤੇ ਗੁਰੂ ਦੀ ਸੰਗਤ ਨਾਲ ਜੁੜਨ, ਕਿਉਂਕਿ ਇਹੀ ਨਸ਼ਿਆਂ ਅਤੇ ਵਿਕਾਰਾਂ ਦਾ ਅਸਲ ਇਲਾਜ ਹੈ। ਉਨ੍ਹਾਂ ਅਖੀਰ ਵਿੱਚ ਚੇਤਾਵਨੀ ਦਿੰਦਿਆਂ ਕਿਹਾ ਕਿ ਜੇ ਅੱਜ ਵੀ ਸਿੱਖ ਕੌਮ ਨਾ ਜਾਗੀ ਤਾਂ ਦੁਸ਼ਮਣਾਂ ਨੂੰ ਸਾਨੂੰ ਹਰਾਉਣ ਦੀ ਲੋੜ ਨਹੀਂ ਪਵੇਗੀ, ਅਸੀਂ ਆਪਣੇ ਗੁਰੂ ਦੀ ਬਖ਼ਸ਼ੀ ਪਹਿਚਾਣ ਅਤੇ ਆਪਣੇ ਸ਼ਹੀਦਾਂ ਦੀ ਵਿਰਾਸਤ ਨੂੰ ਆਪਣੇ ਹੀ ਹੱਥਾਂ ਨਾਲ ਗੁਆ ਬੈਠਾਂਗੇ। ਇਹ ਸਮਾਂ ਚੁੱਪ ਰਹਿਣ ਦਾ ਨਹੀਂ, ਸਗੋਂ ਗੁਰੂ ਵੱਲ ਮੁੜਨ ਅਤੇ ਹਰ ਘਰ ਵਿੱਚ ਸਿੱਖੀ ਦੀ ਜੋਤ ਮੁੜ ਜਗਾਉਣ ਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਰਾਜੌਰੀ ਗਾਰਡਨ ਗੁਰਦੁਆਰਾ ਸਾਹਿਬ ਵਿਖੇ 4 ਦਿਨਾਂ ਦੇ ਹੈਲਥ ਸੈਮੀਨਾਰ ਦਾ ਆਯੋਜਨ, ਬਿਨਾਂ ਦਵਾਈ ਤੰਦਰੁਸਤ ਜੀਵਨ ਸ਼ੈਲੀ 'ਤੇ ਰਹੇਗਾ ਕੇਂਦਰਿਤ



ਨਵੀਂ ਦਿੱਲੀ, 16 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਪੱਛਮੀ ਦਿੱਲੀ ਦੇ ਰਾਜੌਰੀ ਗਾਰਡਨ ਸਥਿਤ ਸ਼੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਸਾਹਿਬ ਵਿਖੇ ਚਾਰ ਦਿਨਾਂ ਦੇ ਹੈਲਥ ਸੈਮੀਨਾਰ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸੈਮੀਨਾਰ ਦੌਰਾਨ ਕੁਦਰਤੀ ਜੀਵਨ ਸ਼ੈਲੀ, ਸੰਤੁਲਿਤ ਆਹਾਰ ਅਤੇ ਸਿਹਤ ਪ੍ਰਤੀ ਜਾਗਰੂਕਤਾ ਰਾਹੀਂ ਬਿਹਤਰ ਜੀਵਨ ਜਿਉਣ ਸੰਬੰਧੀ ਜਾਣਕਾਰੀ ਦਿੱਤੀ ਜਾਵੇਗੀ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਰਦਾਰ ਹਰਮਨਜੀਤ ਸਿੰਘ, ਜਨਰਲ ਸਕੱਤਰ ਮਨਜੀਤ ਸਿੰਘ ਖੰਨਾ, ਪ੍ਰੀਤ ਪ੍ਰਤਾਪ ਸਿੰਘ, ਹਰਜੀਤ ਸਿੰਘ ਰਾਜਾ ਬਖ਼ਸ਼ੀ ਅਤੇ ਸਮੂਹ ਕਮੇਟੀ ਦੇ ਵਿਸ਼ੇਸ਼ ਯਤਨਾਂ ਸਦਕਾ ਇਸ 4 ਦਿਨਾਂ ਦੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਹੈ। ਇਸ ਮੌਕੇ ਐਨ.ਡੀ.ਐਸ. ਦੇ ਸੰਸਥਾਪਕ ਬੀ.ਵੀ.ਚੌਹਾਨ, ਮੁੱਖ ਵਕਤਾ ਨਰਹਰੀ ਭਾਈ ਪਾਂਡਿਆ ਅਤੇ ਅੰਤਰਰਾਸ਼ਟਰੀ ਮੋਟੀਵੇਸ਼ਨਲ ਸਪੀਕਰਾਂ ਨੇ ਕੁਦਰਤੀ ਭੋਜਨ ਪ੍ਰਣਾਲੀ ਅਤੇ ਤੰਦਰੁਸਤ ਜੀਵਨ ਸ਼ੈਲੀ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ। ਵਕਤਾਵਾਂ ਨੇ ਦੱਸਿਆ ਕਿ ਸਹੀ ਖ਼ੁਰਾਕ ਅਤੇ ਕੁਦਰਤੀ ਜੀਵਨ ਸ਼ੈਲੀ ਅਪਣਾ ਕੇ ਮੋਟਾਪਾ, ਸ਼ੂਗਰ, ਉੱਚ ਰਕਤਚਾਪ, ਕੋਲੇਸਟਰੋਲ, ਦਿਲ, ਗੁਰਦੇ, ਜਿਗਰ, ਥਾਇਰਾਇਡ, ਗੈਸ, ਮਾਈਗ੍ਰੇਨ, ਗਠੀਆ, ਸਾਇਟੀਕਾ, ਸਰਵਾਈਕਲ, ਡਿਪ੍ਰੈਸ਼ਨ ਅਤੇ ਹੋਰ ਕਈ ਪੁਰਾਣੀਆਂ ਸਿਹਤ ਸਮੱਸਿਆਵਾਂ ਤੋਂ ਰਾਹਤ ਮਿਲ ਸਕਦੀ ਹੈ। ਸਰਦਾਰ ਹਰਮਨਜੀਤ ਸਿੰਘ ਨੇ ਦੱਸਿਆ ਕਿ ਇਸ ਸੈਮੀਨਾਰ ਵਿੱਚ ਨਾ ਸਿਰਫ਼ ਦਿੱਲੀ ਸਗੋਂ ਦਿੱਲੀ ਤੋਂ ਬਾਹਰਲੇ ਇਲਾਕਿਆਂ ਤੋਂ ਵੀ ਵੱਡੀ ਗਿਣਤੀ ਵਿੱਚ ਲੋਕਾਂ ਨੇ ਪਹੁੰਚ ਕੇ ਭਾਗ ਲਿਆ।

# ਇੱਕ ਨਜ਼ਰ...



## ਸਰਪੰਚ ਹੋਤੀਪੁਰ ਦੀ ਅਗਵਾਈ ਹੇਠ ਪੰਚਾਇਤ ਯੂਨੀਅਨ ਸੰਗਰੂਰ ਦੀ ਓਐਸਡੀ ਸੁੱਖੀ ਨੂੰ ਮੰਗ ਪੱਤਰ ਸੌਂਪਿਆ

ਧੂਰੀ, 16 ਜੁਲਾਈ ( ਰਣਜੀਤ ਸਿੰਘ ਪੇਧਨੀ )-ਅੱਜ ਸੰਗਰੂਰ ਜ਼ਿਲ੍ਹੇ ਦੇ ਸਰਪੰਚਾਂ ਦਾ ਵਫ਼ਦ ਮਾਨਯੋਗ *ਸੁਖਵੀਰ ਸਿੰਘ OSD ਮੁੱਖ ਮੰਤਰੀ ਪੰਜਾਬ* ਨੂੰ ਧੂਰੀ ਵਿਖੇ ਮਿਲਿਆ। ਇਹ ਮੀਟਿੰਗ *ਜ਼ਿਲ੍ਹਾ ਪ੍ਰਧਾਨ ਸ. ਮਨਿੰਦਰ ਸਿੰਘ ਲਖਮੀਰਵਾਲਾ* ਦੀ ਅਗਵਾਈ 'ਚ ਹੋਈ। ਇਸ ਦੌਰਾਨ ਸਰਪੰਚਾਂ ਵੱਲੋਂ ਪੰਚਾਇਤਾਂ ਦੇ ਹੱਕਾਂ ਸਬੰਧੀ *ਮੰਗ ਪੱਤਰ* ਵੀ OSD ਸਾਹਿਬ ਨੂੰ ਸੌਂਪਿਆ ਗਿਆ। ਮੰਗ ਪੱਤਰ 'ਚ ਮੁੱਖ ਮੰਗਾਂ:1.ਪੰਚਾਇਤਾਂ ਦੀ 10 ਲੱਖ ਦੀ ਵਿੱਤੀ ਸ਼ਕਤੀ ਸੀਮਾ ਨੂੰ ਤੁਰੰਤ ਖਤਮ ਕੀਤਾ ਜਾਵੇ,2. ਪਿੰਡਾਂ ਦੇ ਵਿਕਾਸ ਕਾਰਜਾਂ 'ਚ ਪੰਚਾਇਤਾਂ ਨੂੰ ਵੱਧ ਅਧਿਕਾਰ ਦਿੱਤੇ ਜਾਣ। ਪੰਚਾਇਤ ਫੰਡ ਜਲਦ ਜਾਰੀ ਕੀਤੇ ਜਾਣ,4 ਪਿੰਡਾਂ ਵਿੱਚ ਕੰਮਾਂ ਪ੍ਰਤੀ ਠੇਕੇਦਾਰੀ ਪ੍ਰਥਾ ਖਤਮ ਕਰਕੇ ਕੰਮ ਸਿੱਧੇ ਪੰਚਾਇਤਾਂ ਤੋਂ ਕਰਵਾਏ ਜਾਣ ਸਰਪੰਚ ਅਤੇ ਸੈਕਟਰੀ ਨੂੰ ਪੰਜਾਹ ਹਜ਼ਾਰ ਰੁਪਏ ਤੱਕ ਦਾ ਚੈੱਕ ਕੱਟਣ ਦਾ ਅਧਿਕਾਰ ਦਿੱਤਾ ਜਾਵੇ,6 : ਸੀ ਐਮ ਸਾਹਿਬ ਦਾ ਜਿੱਥੇ ਵੀ ਪੰਜਾਬ ਵਿੱਚ ਪ੍ਰੋਗਰਾਮ ਹੋਵੇ ਉਸ ਜਗਾ ਦੇ ਜ਼ਿਲਾ ਪ੍ਰਧਾਨ ਅਤੇ ਬਲਾਕ ਪ੍ਰਧਾਨ ਦਾ ਨਾਮ ਵੀ ਵੀ ਆਈ ਪੀ ਲਿਸਟ ਵਿੱਚ ਐਡ ਕੀਤਾ ਜਾਵੇ ਤਾਂ ਸਰਪੰਚਾਂ ਦਾ ਸਨਮਾਨ ਬਰਕਰਾਰ ਰਹੇ। ਓਐਸਡੀ ਸੁਖਵੀਰ ਸਿੰਘ ਜੀ ਨੇ ਸਾਰੀਆਂ ਮੰਗਾਂ ਧਿਆਨ ਨਾਲ ਸੁਣੀਆਂ ਅਤੇ ਮੁੱਖ ਮੰਤਰੀ ਸਾਹਿਬ ਤੱਕ ਪਹੁੰਚਾਉਣ ਦਾ ਭਰੋਸਾ ਦਿੱਤਾ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਪੰਚਾਇਤਾਂ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਇਸ ਮੌਕੇ ਸੰਗਰੂਰ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਦੇ ,ਬਲਾਕ ਪ੍ਰਧਾਨ ਅਤੇ ਸਰਪੰਚ ਸਾਹਿਬਾਨ ਵੱਡੀ ਗਿਣਤੀ 'ਚ ਮੌਜੂਦ ਸਨ। ਇਸ ਮੌਕੇ ਜ਼ਿਲ੍ਹਾ ਪ੍ਰਧਾਨ *ਮਨਿੰਦਰ ਸਿੰਘ ਲਖਮੀਰਵਾਲਾ* ਨੇ ਕਿਹਾ ਕਿ ਸਰਪੰਚ ਯੂਨੀਅਨ ਪਿੰਡਾਂ ਦੇ ਵਿਕਾਸ ਲਈ ਹਮੇਸ਼ਾ ਸੰਘਰਸ਼ ਕਰਦੀ ਰਹੇਗੀ। ਮੀਟਿੰਗ 'ਚ ਪੰਚਾਇਤਾਂ ਦੇ ਹੱਕਾਂ ਲਈ *ਮੰਗ ਪੱਤਰ* ਦਿੱਤਾ ਗਿਆ। OSD ਸਾਹਿਬ ਨੇ ਸਾਰੀਆਂ ਮੰਗਾਂ ਮੁੱਖ ਮੰਤਰੀ ਸਾਹਿਬ ਤੱਕ ਪਹੁੰਚਾਉਣ ਦਾ ਭਰੋਸਾ।

ਆਵਾਜ਼ਿ ਕੌਮ AWAZE QAUM International Newspaper & WEB TV

## ਅਕਾਲ ਯੂਨੀਵਰਸਿਟੀ ਵਿਖੇ ਯੂ.ਪੀ.ਐਸ.ਸੀ. ਪ੍ਰੀਖਿਆ ਦੀ ਤਿਆਰੀ ਲਈ ਕਰਵਾਇਆ ਵਿਸ਼ੇਸ਼ ਮਾਰਗਦਰਸ਼ਨ



ਤਲਵੰਡੀ ਸਾਬੋ, 16 ਜੁਲਾਈ (ਗੁਰਜੰਟ ਸਿੰਘ ਨਥੇਹਾ)- ਮਾਲਵਾ ਖਿੱਤੇ ਦੀ ਪ੍ਰਮੁੱਖ ਵਿਦਿਅਕ ਸੰਸਥਾ ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਵੱਲੋਂ ਸਿਵਲ ਸੇਵਾਵਾਂ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਦੀ ਸੁਚੱਜੀ ਅਗਵਾਈ ਲਈ 'ਨੈਕਸ਼ਟ ਆਈ ਏ ਐੱਸ' (ਸੈਂਟਰ ਫਾਰ ਸਿਵਲ ਸਰਵਿਸਿਜ਼ ਪ੍ਰੀਖਿਆ) ਦੇ ਸਹਿਯੋਗ ਨਾਲ ਇੱਕ ਵਿਸ਼ੇਸ਼ ਅਤੇ ਪ੍ਰਭਾਵਸ਼ਾਲੀ ਮਾਰਗਦਰਸ਼ਨ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਸੈਮੀਨਾਰ ਵਿੱਚ ਮੁੱਖ ਬੁਲਾਰੇ ਵਜੋਂ ਨਵੀਂ ਦਿੱਲੀ ਤੋਂ ਪਹੁੰਚੇ 'ਨੈਕਸ਼ਟ ਆਈ ਏ ਐੱਸ' ਦੇ ਮੈਂਟਰ ਅਤੇ 6 ਸਾਲਾਂ ਦਾ ਲੰਮਾ ਤਜਰਬਾ ਰੱਖਣ ਵਾਲੇ ਮਾਹਿਰ ਸ੍ਰੀਮਤੀ ਸੁਪ੍ਰੀਆ ਸਿੰਘ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਯੂਨੀਵਰਸਿਟੀ ਦੀ ਵਿਦਿਆਰਥਣ ਅਵਨੀਤ ਕੌਰ ਵੱਲੋਂ ਮੁੱਖ ਮਹਿਮਾਨ ਦੇ ਨਿੱਘੇ ਸਵਾਗਤ ਨਾਲ ਹੋਈ। ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸੁਪ੍ਰੀਆ ਸਿੰਘ ਨੇ ਯੂ.ਪੀ.ਐਸ.ਸੀ. ਪ੍ਰੀਖਿਆ ਨਾਲ ਜੁੜੇ ਕਈ ਭੁਲੇਖਿਆਂ ਨੂੰ ਦੂਰ ਕੀਤਾ। ਉਨ੍ਹਾਂ ਕਿਹਾ ਕਿ ਅਕਸਰ ਵਿਦਿਆਰਥੀ ਸਿਲੇਬਸ ਦੇ ਵੱਡੇ ਆਕਾਰ ਅਤੇ ਅਧਿਐਨ ਸਮੱਗਰੀ ਦੇ ਬੋਝ ਹੇਠ ਦੱਬ ਜਾਂਦੇ ਹਨ। ਉਨ੍ਹਾਂ ਜ਼ੋਰ ਦੇ ਕੇ ਆਖਿਆ, "ਯੂ.ਪੀ.ਐਸ.ਸੀ. ਵਿੱਚ ਸਫ਼ਲਤਾ ਕਿਤਾਬਾਂ ਦੇ ਢੇਰ ਇਕੱਠੇ ਕਰਨ ਨਾਲ ਨਹੀਂ, ਸਗੋਂ ਸਹੀ ਮਾਰਗਦਰਸ਼ਨ, ਤਿਆਰੀ ਵਿੱਚ ਲਗਾਤਾਰਤਾ ਅਤੇ ਇੱਕ ਕੇਂਦਰਿਤ ਰਣਨੀਤੀ ਅਪਣਾਉਣ ਨਾਲ ਮਿਲਦੀ ਹੈ।" ਸੈਮੀਨਾਰ ਦੇ ਅਖੀਰ ਵਿੱਚ ਇੱਕ ਸਵਾਲ-ਜਵਾਬ ਸੈਸ਼ਨ ਹੋਇਆ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੀਆਂ ਸ਼ੰਕਾਵਾਂ ਅਤੇ ਮੁਸ਼ਕਿਲਾਂ ਮਾਹਿਰਾਂ ਸਾਹਮਣੇ ਰੱਖੀਆਂ ਅਤੇ ਤੁਰੰਤ ਹੱਲ ਹਾਸਲ ਕੀਤੇ। ਅਕਾਲ ਯੂਨੀਵਰਸਿਟੀ ਦੇ ਪ੍ਰਬੰਧਕਾਂ ਨੇ ਸ੍ਰੀਮਤੀ ਸੁਪ੍ਰੀਆ ਸਿੰਘ ਅਤੇ 'ਨੈਕਸ਼ਟ ਆਈ ਏ ਐੱਸ' ਦੀ ਟੀਮ ਦਾ ਧੰਨਵਾਦ ਕੀਤਾ। ਯੂਨੀਵਰਸਿਟੀ ਪ੍ਰਸ਼ਾਸਨ ਨੇ ਕਿਹਾ ਕਿ ਅਜਿਹੇ ਸੈਮੀਨਾਰ ਵਿਦਿਆਰਥੀਆਂ ਦੇ ਭਵਿੱਖ ਨੂੰ ਸੁਨਹਿਰੀ ਬਣਾਉਣ ਵਿੱਚ ਅਹਿਮ ਸਾਬਤ ਹੁੰਦੇ ਹਨ। ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਨਾਲ ਹਿੱਸਾ ਲਿਆ।

## ਛੱਤ ਡਿੱਗਣ ਕਾਰਨ ਮਾਂ-ਪੁੱਤਰ ਦੀ ਮੌਤ ਤੋਂ ਬਾਅਦ ਕਾਂਗਰਸੀ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਦੁਖੀ ਪਰਿਵਾਰ ਨਾਲ ਕੀਤੀ ਮੁਲਾਕਾਤ

ਤਲਵੰਡੀ ਸਾਬੋ, 16 ਜੁਲਾਈ (ਗੁਰਜੰਟ ਸਿੰਘ ਨਥੇਹਾ)- ਪਿਛਲੇ ਦਿਨੀਂ ਤਲਵੰਡੀ ਸਾਬੋ ਸ਼ਹਿਰ ਵਿੱਚ ਵਾਪਰੇ ਦਰਦਨਾਕ ਹਾਦਸੇ ਦੌਰਾਨ ਇੱਕ ਗਰੀਬ ਪਰਿਵਾਰ ਦੇ ਮਕਾਨ ਦੀ ਛੱਤ ਅਚਾਨਕ ਡਿੱਗ ਜਾਣ ਕਾਰਨ ਮਾਂ ਅਤੇ ਪੁੱਤਰ ਦੀ ਮੌਕੇ 'ਤੇ ਹੀ ਮੌਤ ਹੋ ਗਈ ਸੀ, ਜਦਕਿ ਪਰਿਵਾਰ ਦੀਆਂ ਦੋ ਧੀਆਂ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈਆਂ ਸਨ। ਇਸ ਦੁਖਦਾਈ ਘਟਨਾ ਨੇ ਪੂਰੇ ਇਲਾਕੇ ਨੂੰ ਗਮਗੀਨ ਕਰ ਦਿੱਤਾ। ਇਸ ਦੁਖ ਦੀ ਘੜੀ ਵਿੱਚ ਕਾਂਗਰਸ ਪਾਰਟੀ ਦੇ ਹਲਕਾ ਤਲਵੰਡੀ ਸਾਬੋ ਦੇ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੁਖੀ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਨ ਲਈ ਉਨ੍ਹਾਂ ਦੇ ਘਰ ਪਹੁੰਚੇ। ਉਨ੍ਹਾਂ ਨੇ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਇਸ ਅਸਹਿਣਯੋਗ ਘਾਟੇ ਦੀ ਭਰਪਾਈ ਤਾਂ ਸੰਭਵ ਨਹੀਂ, ਪਰ ਕਾਂਗਰਸ ਪਾਰਟੀ ਅਤੇ ਉਹ ਖੁਦ ਇਸ ਮੁਸ਼ਕਲ ਸਮੇਂ ਵਿੱਚ ਪਰਿਵਾਰ ਦੇ ਨਾਲ ਖੜ੍ਹੇ ਹਨ। ਇਸ ਮੌਕੇ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਦੁਖੀ ਗਰੀਬ ਪਰਿਵਾਰ ਨੂੰ ਆਪਣੀ ਵੱਲੋਂ ਮਾਲੀ ਮਦਦ ਵੀ ਭੇਟ ਕੀਤੀ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਪਰਿਵਾਰ ਦੇ ਜ਼ਖ਼ਮੀ ਬੱਚਿਆਂ ਦੇ ਇਲਾਜ ਅਤੇ ਉਨ੍ਹਾਂ ਦੀ ਪੜ੍ਹਾਈ ਸਬੰਧੀ ਹਰ ਸੰਭਵ ਸਹਿਯੋਗ ਕੀਤਾ ਜਾਵੇਗਾ ਤਾਂ ਜੋ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਇਕੱਲਿਆਂ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਇਸ ਹਾਦਸੇ ਤੋਂ ਪ੍ਰਭਾਵਿਤ ਪਰਿਵਾਰ ਨੂੰ ਬਣਦੀ ਆਰਥਿਕ ਸਹਾਇਤਾ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਜਲਦ ਤੋਂ ਜਲਦ ਮੁਹੱਈਆ ਕਰਵਾਈਆਂ ਜਾਣ।

# ਜਿੱਥੇ ਕਦੇ ਖਾਲੀ ਜ਼ਮੀਨ ਪਈ ਸੀ, ਅੱਜ ਉੱਥੇ ਹੋ ਰਹੇ ਹਨ ਨੌਜਵਾਨਾਂ ਦੇ ਸੁਪਨੇ ਸਾਕਾਰ

**ਐਚਐਮਈਐਲ ਦੀ ਪਹਿਲ ਨਾਲ ਪਿੰਡ ਗਿਆਣਾ ਵਿੱਚ ਬਣੇ ਜਿਮ ਅਤੇ ਆਧੁਨਿਕ ਲਾਇਬ੍ਰੇਰੀ ਨੇ ਬਦਲੀ ਨੌਜਵਾਨਾਂ ਦੀ ਜ਼ਿੰਦਗੀ, ਕੋਈ ਬਣਿਆ ਅਧਿਆਪਕ ਤਾਂ ਕੋਈ ਪੁਲਿਸ ਅਤੇ ਫੌਜ ਵਿੱਚ ਹੋਇਆ ਭਰਤੀ**





ਤਲਵੰਡੀ ਸਾਬੋ, 16 ਜੁਲਾਈ (ਗੁਰਜੰਟ ਸਿੰਘ ਨਥੇਹਾ)- ਸ਼ਾਮ ਢਲਦੇ ਹੀ ਪਿੰਡ ਗਿਆਨਾ ਦੀ ਪੰਚਾਇਤੀ ਲਾਇਬ੍ਰੇਰੀ ਵਿੱਚ ਕਿਤਾਬਾਂ ਦੇ ਸਫ਼ੇ ਪਲਟਣ ਦੀਆਂ ਆਵਾਜ਼ਾਂ ਗੂੰਜਣ ਲੱਗ ਪੈਂਦੀਆਂ ਹਨ। ਕੋਈ ਐੱਸਐੱਸਸੀ ਸੀਜੀਐੱਲ ਦੀ ਤਿਆਰੀ ਕਰ ਰਿਹਾ ਹੈ, ਕੋਈ ਬੈਂਕਿੰਗ ਪ੍ਰੀਖਿਆ ਦੀ, ਤਾਂ ਕੋਈ ਅਧਿਆਪਕ ਬਣਨ ਜਾਂ ਅਗਨੀਵੀਰ ਵਜੋਂ ਭਾਰਤੀ ਫੌਜ ਵਿੱਚ ਭਰਤੀ ਹੋਣ ਦਾ ਸੁਪਨਾ ਲੈ ਕੇ ਪੜ੍ਹਾਈ ਵਿੱਚ ਜੁਟਿਆ ਹੋਇਆ ਹੈ। ਨੇੜੇ ਹੀ ਬਣੇ ਜਿਮ ਵਿੱਚ ਕੁਝ ਨੌਜਵਾਨ ਕਸਰਤ ਕਰਦੇ ਹੋਏ ਪਸੀਨਾ ਬਹਾ ਰਹੇ ਹਨ। ਕੁਝ ਸਮੇਂ ਬਾਅਦ ਇਹੀ ਨੌਜਵਾਨ ਕਿਤਾਬਾਂ ਹੱਥ ਵਿੱਚ ਲੈ ਕੇ ਲਾਇਬ੍ਰੇਰੀ ਵਿੱਚ ਬੈਠ ਜਾਂਦੇ ਹਨ। ਪਿੰਡ ਵਿੱਚ ਆਇਆ ਇਹ ਬਦਲਾਅ ਅਚਾਨਕ ਨਹੀਂ ਆਇਆ। ਇਸ ਦੇ ਪਿੱਛੇ ਐਚਐਮਈਐਲ ਦੀ ਗੁਰੂ ਗੋਬਿੰਦ ਸਿੰਘ ਰਿਫਾਈਨਰੀ ਦੀ ਇੱਕ ਅਜਿਹੀ ਪਹਿਲ ਹੈ, ਜਿਸ ਨੇ ਨੌਜਵਾਨਾਂ ਨੂੰ ਇੱਕ ਵਧੀਆ ਥਾਂ, ਅਨੁਕੂਲ ਮਾਹੌਲ ਅਤੇ ਆਪਣੇ ਸੁਪਨੇ ਪੂਰੇ ਕਰਨ ਲਈ ਸਹੀ ਦਿਸ਼ਾ ਦਿੱਤੀ।ਅੱਜ ਪਿੰਡ ਵਿੱਚ ਬਣਿਆ ਜਿਮ ਅਤੇ ਆਧੁਨਿਕ ਸਹੂਲਤਾਂ ਨਾਲ ਲੈਸ ਪੰਚਾਇਤੀ ਲਾਇਬ੍ਰੇਰੀ ਨੌਜਵਾਨਾਂ ਦੇ ਸੁਪਨਿਆਂ ਦਾ ਕੇਂਦਰ ਬਣ ਚੁੱਕੇ ਹਨ। ਇੱਥੇ ਪੜ੍ਹਾਈ ਕਰਕੇ ਮਜ਼ਦੂਰ ਪਰਿਵਾਰਾਂ ਨਾਲ ਸੰਬੰਧਤ ਤਿੰਨ ਨੌਜਵਾਨ ਸਰਕਾਰੀ ਨੌਕਰੀਆਂ ਹਾਸਲ ਕਰਨ ਵਿੱਚ ਕਾਮਯਾਬ ਹੋਏ ਹਨ। ਜੀਵਨ ਸਿੰਘ ਸਰਕਾਰੀ ਪ੍ਰਾਇਮਰੀ ਅਧਿਆਪਕ ਬਣੇ, ਸੁਖਵਿੰਦਰ ਸਿੰਘ ਪੰਜਾਬ ਪੁਲਿਸ ਵਿੱਚ ਭਰਤੀ ਹੋਏ ਅਤੇ ਉਨ੍ਹਾਂ ਦੇ ਭਰਾ ਗੁਰਲਾਲ ਸਿੰਘ ਭਾਰਤੀ ਫੌਜ ਵਿੱਚ ਸ਼ਾਮਲ ਹੋਏ। ਇਨ੍ਹਾਂ ਸਫਲਤਾਵਾਂ ਨੇ ਪਿੰਡ ਦੇ ਹੋਰ ਨੌਜਵਾਨਾਂ ਵਿੱਚ ਵੀ ਇਹ ਵਿਸ਼ਵਾਸ ਜਗਾਇਆ ਹੈ ਕਿ ਜੇ ਮਿਹਨਤ ਨੂੰ ਸਹੀ ਮਾਹੌਲ ਮਿਲੇ ਤਾਂ ਮੰਜ਼ਿਲ ਦੂਰ ਨਹੀਂ ਰਹਿੰਦੀ। ਪਿੰਡ ਦੇ ਨੌਜਵਾਨ ਗੁਰਮੀਤ ਸਿੰਘ ਨੇ ਦੱਸਿਆ ਕਿ ਸਾਲ 2022-23 ਵਿੱਚ ਐਚਐਮਈਐਲ ਨੇ ਪਿੰਡ ਦੇ ਯੂਥ ਕਲੱਬ ਨਾਲ ਮਿਲ ਕੇ ਖਾਲੀ ਪਈ ਪੰਚਾਇਤੀ ਜ਼ਮੀਨ ਨੂੰ ਵਿਕਸਤ ਕਰਨ ਦੀ ਪਹਿਲ ਕੀਤੀ। ਜ਼ਮੀਨ ਦੀ ਚਾਰਦੀਵਾਰੀ ਕਰਕੇ ਉੱਥੇ ਬਣੇ ਪੁਰਾਣੇ ਕਮਰੇ ਦੀ ਮੁਰੰਮਤ ਕੀਤੀ ਗਈ ਅਤੇ ਆਧੁਨਿਕ ਮਸ਼ੀਨਾਂ ਨਾਲ ਲੈਸ ਜਿਮ ਸਥਾਪਤ ਕੀਤਾ ਗਿਆ। ਇਸ ਦੇ ਨਾਲ ਹੀ ਪੰਚਾਇਤ ਦੇ ਸਹਿਯੋਗ ਨਾਲ ਲਾਇਬ੍ਰੇਰੀ ਲਈ ਫਰਨੀਚਰ, ਕੂਲਰ, ਬੁੱਕ ਰੈਕ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਗਈਆਂ। ਸ਼ੁਰੂ ਵਿੱਚ ਨੌਜਵਾਨ ਸਿਰਫ਼ ਕਸਰਤ ਕਰਨ ਲਈ ਜਿਮ ਆਉਂਦੇ ਸਨ। ਪਰ ਨੇੜੇ ਹੀ ਬਣੀ ਸ਼ਾਂਤ ਅਤੇ ਸੁਵਿਧਾਜਨਕ ਲਾਇਬ੍ਰੇਰੀ ਨੇ ਉਨ੍ਹਾਂ ਨੂੰ ਪੜ੍ਹਾਈ ਵੱਲ ਵੀ ਆਕਰਸ਼ਿਤ ਕੀਤਾ। ਹੌਲੀ-ਹੌਲੀ ਜਿਮ ਤੋਂ ਬਾਅਦ ਲਾਇਬ੍ਰੇਰੀ ਵਿੱਚ ਬੈਠ ਕੇ ਪੜ੍ਹਨਾ ਉਨ੍ਹਾਂ ਦੀ ਰੋਜ਼ਾਨਾ ਦੀ ਰੁਟੀਨ ਬਣ ਗਿਆ। ਕਿਸੇ ਨੇ ਆਨਲਾਈਨ ਕਲਾਸਾਂ ਲਗਾਉਣੀਆਂ ਸ਼ੁਰੂ ਕੀਤੀਆਂ, ਤਾਂ ਕਿਸੇ ਨੇ ਇੱਥੇ ਉਪਲਬਧ ਪੰਜਾਬੀ ਸਾਹਿਤ ਅਤੇ ਵਿਆਕਰਨ ਦੀਆਂ ਕਿਤਾਬਾਂ ਨਾਲ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਸ਼ੁਰੂ ਕਰ ਦਿੱਤੀ। ਜੀਵਨ ਸਿੰਘ ਦੇ ਪਿਤਾ ਦਿਹਾੜੀ-ਮਜ਼ਦੂਰੀ ਕਰਦੇ ਸਨ। ਸੀਮਤ ਸਾਧਨਾਂ ਵਾਲੇ ਪਰਿਵਾਰ ਵਿੱਚ ਅਧਿਆਪਕ ਬਣਨ ਦਾ ਸੁਪਨਾ ਆਸਾਨ ਨਹੀਂ ਸੀ। ਬਾਰ੍ਹਵੀਂ ਤੋਂ ਬਾਅਦ ਉਨ੍ਹਾਂ ਨੇ ਡਾਇਟ ਬਠਿੰਡਾ ਤੋਂ ਈਟੀਟੀ ਕੀਤੀ ਅਤੇ ਗ੍ਰੈਜੂਏਸ਼ਨ ਪੂਰੀ ਕਰਨ ਤੋਂ ਬਾਅਦ ਅਧਿਆਪਕ ਭਰਤੀ ਪ੍ਰੀਖਿਆ ਦੀ ਤਿਆਰੀ ਸ਼ੁਰੂ ਕੀਤੀ। ਘਰ ਵਿੱਚ ਪੜ੍ਹਾਈ ਲਈ ਅਨੁਕੂਲ ਮਾਹੌਲ ਨਾ ਹੋਣ ਕਾਰਨ ਪਿੰਡ ਦੀ ਲਾਇਬ੍ਰੇਰੀ ਹੀ ਉਨ੍ਹਾਂ ਦਾ ਨਿਯਮਤ ਪੜ੍ਹਾਈ ਕੇਂਦਰ ਬਣ ਗਈ। ਜੀਵਨ ਦੱਸਦੇ ਹਨ, "ਲਾਇਬ੍ਰੇਰੀ ਵਿੱਚ ਮੈਨੂੰ ਸ਼ਾਂਤ ਮਾਹੌਲ ਮਿਲਿਆ। ਇੱਥੇ ਉਪਲਬਧ ਪੰਜਾਬੀ ਸਾਹਿਤ ਅਤੇ ਵਿਆਕਰਨ ਦੀਆਂ ਕਿਤਾਬਾਂ ਨੇ ਟੀਈਟੀ ਦੀ ਤਿਆਰੀ ਵਿੱਚ ਮੇਰੀ ਬਹੁਤ ਮਦਦ ਕੀਤੀ।" ਉਨ੍ਹਾਂ ਦੀ ਮਿਹਨਤ ਰੰਗ ਲੈ ਆਈ ਅਤੇ ਅਪ੍ਰੈਲ 2025 ਵਿੱਚ ਉਹ ਸਰਕਾਰੀ ਪ੍ਰਾਇਮਰੀ ਅਧਿਆਪਕ ਵਜੋਂ ਚੁਣੇ ਗਏ। ਇਸ ਵੇਲੇ ਉਹ ਹੋਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਤਲਵੰਡੀ ਰਈਆਂ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਸੇਵਾਵਾਂ ਨਿਭਾ ਰਹੇ ਹਨ। ਸੁਖਵਿੰਦਰ ਸਿੰਘ ਨੇ ਬੀਐੱਸਸੀ ਕਰਨ ਤੋਂ ਬਾਅਦ ਪੰਜਾਬ ਪੁਲਿਸ ਵਿੱਚ ਭਰਤੀ ਹੋਣ ਦਾ ਟੀਚਾ ਰੱਖਿਆ। ਸ਼ੁਰੂ ਵਿੱਚ ਉਹ ਸਿਰਫ਼ ਜਿਮ ਵਿੱਚ ਕਸਰਤ ਕਰਨ ਆਉਂਦੇ ਸਨ, ਪਰ ਬਾਅਦ ਵਿੱਚ ਉਨ੍ਹਾਂ ਨੇ ਮਹਿਸੂਸ ਕੀਤਾ ਕਿ ਜਿਮ ਦੇ ਨਾਲ ਬਣੀ ਲਾਇਬ੍ਰੇਰੀ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਵੀ ਬਹੁਤ ਵਧੀਆ ਥਾਂ ਹੈ। ਉਨ੍ਹਾਂ ਨੂੰ ਦੇਖ ਕੇ ਉਨ੍ਹਾਂ ਦੇ ਭਰਾ ਗੁਰਲਾਲ ਸਿੰਘ ਵੀ ਨਾਲ ਆਉਣ ਲੱਗ ਪਏ। ਦੋਵੇਂ ਭਰਾ ਪਹਿਲਾਂ ਜਿਮ ਵਿੱਚ ਸਰੀਰਕ ਤਿਆਰੀ ਕਰਦੇ ਅਤੇ ਫਿਰ ਲਾਇਬ੍ਰੇਰੀ ਵਿੱਚ ਬੈਠ ਕੇ ਪੜ੍ਹਾਈ ਕਰਦੇ। ਸੁਖਵਿੰਦਰ ਕਹਿੰਦੇ ਹਨ, "ਅਸੀਂ ਦੋਵੇਂ ਭਰਾ ਜਿਮ ਵਿੱਚ ਕਸਰਤ ਕਰਨ ਤੋਂ ਬਾਅਦ ਲਾਇਬ੍ਰੇਰੀ ਵਿੱਚ ਪੜ੍ਹਦੇ ਸੀ। ਇੱਥੋਂ ਹੀ ਅਸੀਂ ਆਪਣੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕੀਤੀ।" ਜਨਵਰੀ 2026 ਵਿੱਚ ਸੁਖਵਿੰਦਰ ਦੀ ਚੋਣ ਪੰਜਾਬ ਪੁਲਿਸ ਵਿੱਚ ਹੋਈ ਅਤੇ ਇਸ ਵੇਲੇ ਉਹ ਕਪੂਰਥਲਾ ਵਿੱਚ ਸਿਖਲਾਈ ਲੈ ਰਹੇ ਹਨ। ਉਨ੍ਹਾਂ ਦੇ ਭਰਾ ਗੁਰਲਾਲ ਸਿੰਘ ਭਾਰਤੀ ਫੌਜ ਵਿੱਚ ਭਰਤੀ ਹੋ ਚੁੱਕੇ ਹਨ। ਮਜ਼ਦੂਰ ਦੇ ਦੋਵੇਂ ਪੁੱਤਰਾਂ ਦੀ ਇਹ ਸਫਲਤਾ ਹੁਣ ਪਿੰਡ ਦੇ ਹੋਰ ਨੌਜਵਾਨਾਂ ਲਈ ਪ੍ਰੇਰਣਾ ਬਣ ਗਈ ਹੈ। ਇਨ੍ਹਾਂ ਨੌਜਵਾਨਾਂ ਦੀ ਸਫਲਤਾ ਦਾ ਅਸਰ ਹੁਣ ਪੂਰੇ ਪਿੰਡ ਵਿੱਚ ਨਜ਼ਰ ਆ ਰਿਹਾ ਹੈ। ਹਰ ਸ਼ਾਮ ਕਰੀਬ ਇੱਕ ਦਰਜਨ ਨੌਜਵਾਨ ਲਾਇਬ੍ਰੇਰੀ ਵਿੱਚ ਇਕੱਠੇ ਹੋ ਕੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਦੇ ਹਨ। ਉਹ ਪੜ੍ਹਾਈ ਦੇ ਨਾਲ-ਨਾਲ ਆਪਣੇ ਤਜਰਬੇ, ਜਾਣਕਾਰੀ ਅਤੇ ਅਧਿਐਨ ਸਮੱਗਰੀ ਵੀ ਇੱਕ-ਦੂਜੇ ਨਾਲ ਸਾਂਝੀ ਕਰਦੇ ਹਨ। ਦਿਲਜੀਤ ਸਿੰਘ ਅਤੇ ਲਵਪ੍ਰੀਤ ਸਿੰਘ ਅਗਨੀਵੀਰ ਭਰਤੀ ਦੀ ਤਿਆਰੀ ਕਰ ਰਹੇ ਹਨ। ਲਖਵੀਰ ਸਿੰਘ ਦਾ ਟੀਚਾ ਐੱਸਐੱਸਸੀ ਸੀਜੀਐੱਲ ਹੈ, ਮਨਜੀਤ ਸਿੰਘ ਬੈਂਕਿੰਗ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਹਨ, ਜਦਕਿ ਸ਼ੰਮੀ ਸਿੰਘ ਪੀਐੱਸਐੱਸਬੀ ਅਤੇ ਅਧਿਆਪਕ ਭਰਤੀ ਪ੍ਰੀਖਿਆਵਾਂ ਲਈ ਮਿਹਨਤ ਕਰ ਰਹੇ ਹਨ। ਪਿੰਡ ਦੇ ਨੌਜਵਾਨ ਵੀਰ ਦਵਿੰਦਰ ਸਿੰਘ ਕਹਿੰਦੇ ਹਨ ਕਿ ਸਫਲ ਨੌਜਵਾਨਾਂ ਨੂੰ ਦੇਖ ਕੇ ਹੋਰਨਾਂ ਦੀ ਸੋਚ ਵੀ ਬਦਲੀ ਹੈ। ਪਹਿਲਾਂ ਪੜ੍ਹਾਈ ਲਈ ਕੋਈ ਸਾਂਝੀ ਅਤੇ ਸ਼ਾਂਤ ਥਾਂ ਨਹੀਂ ਸੀ, ਪਰ ਹੁਣ ਹਰ ਰੋਜ਼ ਨੌਜਵਾਨ ਇੱਕ ਨਵੇਂ ਟੀਚੇ ਨਾਲ ਇੱਥੇ ਇਕੱਠੇ ਹੁੰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਗਰਾਂਦ ਦਾ ਪਵਿੱਤਰ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ





ਫ਼ਿਰੋਜ਼ਪੁਰ, 16 ਜੁਲਾਈ (ਮਨੋਹਰ ਲਾਲ) : ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਸਾਵਣ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਜੋ ਕਿ ਵਿਦਿਆਲੇ ਦੇ ਉਸਤਾਦ ਗਿਆਨੀ ਨਿਰਵੈਰ ਸਿੰਘ ਨੇ ਆਪਣੇ ਉਸਤਾਦ ਸੰਤ ਗਿਆਨੀ ਅਮਰ ਸਿੰਘ ਕਿਰਤੀ ਦੀ ਬਰਸੀ ਤੇ ਜੋ ਹਰ ਸਾਲ ਮਨਾਈ ਜਾਂਦੀ ਹੈ ਪਾਠਾਂ ਦੇ ਭੋਗ ਪਾਏ ਗਏ। ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ ਜਿਸ ਵਿੱਚ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਗੁਰਬਖਸ਼ ਸਿੰਘ, ਭਾਈ ਰਮਨਦੀਪ ਸਿੰਘ, ਬਲਜੀਤ ਸਿੰਘ ਬੱਬੂ, ਭਾਈ ਸਰਬਜੀਤ ਸਿੰਘ ਹਜ਼ੂਰੀ ਜਥਾ ਸ੍ਰੀ ਬਜੀਦਪੁਰ ਸਾਹਿਬ ਢਾਡੀ ਜਥਾ ਭਾਈ ਬੋਹੜ ਸਿੰਘ ਬਾਰੇ ਕੇ ਨੇ ਹਾਜ਼ਰੀ ਭਰੀ ਅਤੇ ਕਥਾ ਕੀਰਤਨ ਅਤੇ ਸਿੱਖ ਕੌਮ ਦੇ ਸ਼ਹੀਦ ਭਾਈ ਤਾਰੂ ਸਿੰਘ ਜੀ ਦੇ ਜੀਵਨ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਕਥਾ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕੀਤਾ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸੰਤ ਗਿਆਨੀ ਅਮਰ ਸਿੰਘ ਕੀਰਤੀ ਜੋ ਕਿ ਗਿਆਨੀ ਨਿਰਵੈਰ ਸਿੰਘ ਜੀ ਦੇ ਉਸਤਾਦ ਹਨ ਉਨ੍ਹਾਂ ਵਲੋਂ ਹਰ ਸਾਲ ਮਨਾਈ ਜਾਦੀ ਹੈ ਗੁਰਦੁਆਰਾ ਠਾਠ ਛਾਂਗਾ ਖੁਰਦ ਵਿਖੇ ਹਰ ਸਾਲ ਮਨਾਈ ਜਾਂਦੀ ਹੈ। ਸ੍ਰੀ ਮਨ ਬਾਬਾ ਸੁੱਚਾ ਸਿੰਘ ਨੇ ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਤਾਰੂ ਸਿੰਘ ਜੀ ਦੇ ਜੀਵਨ ਬਾਰੇ ਵਿਸਤਾਰ ਪੂਰਵਕ ਚਾਨਣਾ ਪਾਇਆ ਅਤੇ ਕਿਹਾ ਕਿ ਭਾਈ ਤਾਰੂ ਸਿੰਘ ਜੀ ਉਹ ਮਹਾਨ ਯੋਧੇ ਸਨ ਜਿਨਾਂ ਨੇ ਜਕਰੀਆ ਖਾਨ ਦੀ ਈਨ ਨਾ ਮੰਨਦੇ ਹੋਏ ਆਪਣਾ ਖੋਪਰ ਲਵਾਇਆ ਅਤੇ ਗੁਰੂ ਦੀ ਮੋਹਰ ਰੂਪੀ ਕੇਸਾਂ ਦੇ ਸਤਿਕਾਰ ਲਈ ਖੋਪਰ ਲਵਾਉਣ ਵਾਲੇ ਭਾਈ ਤਾਰੂ ਸਿੰਘ ਜੀ ਸਨ ਅਤੇ ਉਨ੍ਹਾਂ ਸਥਾਪਿਤ ਕਰ ਦਿੱਤਾ ਕਿ ਸਿਰ ਜਾਵੇ ਤਾਂ ਜਾਵੇ ਮੇਰਾ ਸਿੱਖੀ ਸਿਦਕ ਨਾ ਜਾਵੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਜਿਨਾਂ ਸ਼ਹੀਦਾਂ ਨੂੰ ਸ਼ਹੀਦ ਕਰ ਦਿੱਤਾ ਜਾਂਦਾ ਹੈ ਉਨ੍ਹਾਂ ਲਈ ਸੂਰਮਾ ਯੋਧਾ ਉਠ ਪੈਂਦਾ ਹੈ ਇਸੇ ਤਰ੍ਹਾਂ ਭਾਈ ਤਾਰੂ ਸਿੰਘ ਜੀ ਦੀ ਸ਼ਹੀਦੀ ਦਾ ਬਦਲਾ ਲਿਆ ਅਤੇ ਜਲਿਆਂ ਵਾਲੇ ਬਾਗ ਦਾ ਸ਼ਹੀਦ ਊਧਮ ਸਿੰਘ ਜੀ ਨੇ ਇੰਗਲੈਂਡ ਜਾ ਕੇ 21 ਸਾਲ ਬਾਅਦ ਜਨਰਲ ਡਾਇਰ ਨੂੰ ਮਾਰ ਕੇ ਬਦਲਾ ਲਿਆ। ਸ਼੍ਰੀ ਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਜਿਹੜੇ ਛੋਟੀ ਉਮਰ ਤੋਂ ਹੀ ਭਗਤੀ ਵਿੱਚ ਲੱਗ ਜਾਂਦੇ ਹਨ ਜਿਵੇਂ ਕਿ ਪ੍ਰਹਲਾਦ ਭਗਤ ਵਾਗੂ ਸਾਨੂੰ ਹਰ ਰੋਜ ਅੰਮ੍ਰਿਤ ਵੇਲੇ ਉੱਠ ਕੇ ਇਸ਼ਨਾਨ ਕਰਕੇ ਨਾਮ ਜਪਣਾ ਚਾਹੀਦਾ ਹੈ ਕਿਉਂਕਿ ਵਾਹਿਗੁਰੂ ਅੰਮ੍ਰਿਤ ਵੇਲੇ ਹੀ ਦਾਤਾਂ ਵੜਦਾ ਹੈ ਇਸ ਲਈ ਸਾਰੀ ਦੁਨੀਆਈ ਅੰਮ੍ਰਿਤ ਵੇਲੇ ਜਾਗ ਕੇ ਨਾਮ ਜਪੋ ਅਤੇ ਵਾਹਿਗੁਰੂ ਕੋਲੋਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜਸਬੀਰ ਸਿੰਘ ਜੱਸੂ ਨੇ ਸੰਗਤਾਂ ਦੀ ਹੱਥੀ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM

# ਇੱਕ ਨਜ਼ਰ...



## ਸ਼ਹੀਦ ਭਗਤ ਸਿੰਘ ਮਾਡਲ ਹਾਈ ਸਕੂਲ ਵਿਖੇ 25ਵਾਂ ਸਾਲਾਨਾ ਸਥਾਪਨਾ ਦਿਵਸ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ

ਫ਼ਿਰੋਜ਼ਪੁਰ, 16 ਜੁਲਾਈ (ਮਨੋਹਰ ਲਾਲ) : ਸਿੱਖਿਆ ਦੇ ਖੇਤਰ ਵਿੱਚ ਇਲਾਕੇ ਦੀ ਸਿਰਮੌਰ ਸੰਸਥਾ ਸ਼ਹੀਦ ਭਗਤ ਸਿੰਘ ਮਾਡਲ ਹਾਈ ਸਕੂਲ ਭਾਨੇ ਵਾਲਾ ਵਿਖੇ ਸਕੂਲ ਦਾ 25ਵਾਂ ਸਾਲਾਨਾ ਸਥਾਪਨਾ ਦਿਵਸ (ਵਰ੍ਹੇਗੰਢ) ਬੜੀ ਹੀ ਸ਼ਰਧਾ ਅਤੇ ਉਤਸ਼ਾਹ ਪੂਰਵਕ ਮਨਾਇਆ ਗਿਆ। ਇਸ ਸ਼ੁਭ ਮੌਕੇ ਤੇ ਸਕੂਲ ਪ੍ਰਬੰਧਕ ਕਮੇਟੀ, ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਇਲਾਕੇ ਦੀ ਚੜ੍ਹਦੀ ਕਲਾ ਅਤੇ ਸਕੂਲ ਦੀ ਤਰੱਕੀ ਲਈ ਅਰਦਾਸ ਕੀਤੀ ਗਈ। ਇਸ ਮੌਕੇ ਗਰਮੀ ਦੇ ਮੌਸਮ ਨੂੰ ਮੁੱਖ ਰੱਖਦਿਆਂ ਸਕੂਲ ਪ੍ਰਸ਼ਾਸਨ ਅਤੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਰਾਹਗੀਰਾਂ ਅਤੇ ਸੰਗਤਾਂ ਲਈ ਠੰਢੇ—ਮਿੱਠੇ ਪਾਣੀ ਦੀ ਵਿਸ਼ੇਸ਼ ਛਬੀਲ ਲਗਾਈ ਗਈ। ਸਕੂਲ ਦੇ ਬੱਚਿਆਂ ਨੇ ਪੂਰੇ ਉਤਸ਼ਾਹ ਨਾਲ ਸੇਵਾ ਨਿਭਾਉਂਦਿਆਂ ਹਰ ਆਉਣ—ਜਾਣ ਵਾਲੇ ਨੂੰ ਛਬੀਲ ਦਾ ਜਲ ਛਕਾਇਆ। ਸਕੂਲ ਦੇ ਪ੍ਰਿੰਸੀਪਲ ਨਰਿੰਦਰ ਸਿੰਘ ਕੇਸਰ ਨੇ ਸਾਰਿਆਂ ਨੂੰ 25ਵੀਂ ਵਰ੍ਹੇਗੰਢ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਸੰਸਥਾ ਦਾ ਉਦੇਸ਼ ਬੱਚਿਆਂ ਨੂੰ ਉੱਚ ਪੱਧਰੀ ਸਿੱਖਿਆ ਦੇਣ ਦੇ ਨਾਲ—ਨਾਲ ਉਨ੍ਹਾਂ ਵਿੱਚ ਸੇਵਾ ਭਾਵਨਾ ਅਤੇ ਨੈਤਿਕ ਕਦਰਾਂ ਕੀਮਤਾਂ ਪੈਦਾ ਕਰਨਾ ਵੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ 25 ਸਾਲਾ ਵਿੱਚ ਸਕੂਲ ਦੇ ਅਨੇਕਾਂ ਵਿਦਿਆਰਥੀਆਂ ਨੇ ਵੱਖ ਵੱਖ ਖੇਤਰਾ ਵਿੱਚ ਆਪਣਾ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੇ ਬਹੁਤ ਸਾਰੇ ਵਿਦਿਆਰਥੀ ਪੰਜਾਬ ਪੁਲਿਸ, ਪੰਚਾਇਤ ਵਿਭਾਗ, ਆਰਮੀ ਆਦਿ ਵਿੱਚ ਭਰਤੀ ਹੋ ਚੁੱਕੇ ਹਨ। ਇਸ ਤੋ ਇਲਾਵਾ ਬਹੁਤ ਸਾਰੇ ਵਿਦਿਆਰਥੀ ਵਿਦੇਸ਼ ਵਿੱਚ ਜਾ ਕੇ ਮੱਲਾਂ ਮਾਰ ਰਹੇ ਹਨ। ਇਸ ਮੌਕੇ ਇਲਾਕੇ ਦੇ ਪਤਵੰਤੇ ਸੱਜਣਾਂ ਨੇ ਸਕੂਲ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਵਾਈਸ ਪ੍ਰਿੰਸੀਪਲ ਸੁਨੀਲ ਰਾਣਾ, ਸਾਕਸ਼ੀ, ਬਲਵੀਰ ਕੌਰ, ਸਲਮਾ, ਸਰਿਤਾ, ਸੁਨੀਤਾ, ਸਨੇਹ ਆਦਿ ਸਕੂਲ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਫ਼ਿਰੋਜ਼ਪੁਰ ਵਿੱਚ ਖਾਲਸਾ ਇਲੈਕਟ੍ਰੌਨਿਕਸੋ ਦੇ ਨਵੇਂ ਸ਼ੋਅਰੂਮ ਦਾ ਉਦਘਾਟਨ 18 ਜੁਲਾਈ ਨੂੰ

ਫ਼ਿਰੋਜ਼ਪੁਰ, 16 ਜੁਲਾਈ (ਮਨੋਹਰ ਲਾਲ) : ਇਲਾਕਾ ਨਿਵਾਸੀਆਂ ਨੂੰ ਸਮੇਂ ਦੇ ਹਾਣੀ ਬਨਾਉਣ ਲਈ ਬਗਦਾਦੀ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ 18 ਜੁਲਾਈ ਨੂੰ ਇਲੈਕਟ੍ਰੋਟਿਕਸ ਵਸਤਾਂ ਦੇ ਸ਼ੋ—ਰੂਮ ਦਾ ਹੋਵੇਗਾ ਆਗਾਜ਼। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁਖਤਿਆਰ ਸਿੰਘ ਨੇ ਦੱਸਿਆ ਕਿ ਬਾਗਦਾਦੀ ਗੇਟ ਦੇ ਬਿਲਕੁਲ ਨਾਲ ਕੇਸਰੀ ਹੱਟ ਨੇੜੇ ਖਾਲਸਾ ਇਲੈਕਟ੍ਰੌਨਿਕਸ ਦੇ ਨਵੇਂ ਸ਼ਾਨਦਾਰ ਸ਼ੋਅਰੂਮ ਦਾ ਉਦਘਾਟਨ ਆਉਂਦੀ 18 ਜੁਲਾਈ ਦਿਨ ਸ਼ਨੀਵਾਰ ਨੂੰ ਸਵੇਰੇ 9:00 ਵਜੇ ਬੜੀ ਧੂਮ—ਧਾਮ ਨਾਲ ਕੀਤਾ ਜਾ ਰਿਹਾ ਹੈ। ਪ੍ਰਬੰਧਕਾਂ ਵੱਲੋਂ ਸਮੂਹ ਇਲਾਕਾ ਨਿਵਾਸੀਆਂ ਅਤੇ ਗਾਹਕਾਂ ਨੂੰ ਆਪਣੇ ਪਰਿਵਾਰ ਸਮੇਤ ਇਸ ਸ਼ੁਭ ਅਵਸਰ ਤੇ ਪਹੁੰਚਣ ਅਤੇ ਆਪਣੀਆਂ ਅਸੀਸਾਂ ਦੇਣ ਲਈ ਤਹਿ ਦਿਲੋਂ ਨਿੱਘਾ ਸੱਦਾ ਦਿੱਤਾ ਗਿਆ ਹੈ। ਇਸ ਨਵੇਂ ਸ਼ੋਅਰੂਮ ਵਿੱਚ ਗਾਹਕਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਘਰੇਲੂ ਵਰਤੋਂ ਦੀਆਂ ਸਾਰੀਆਂ ਆਧੁਨਿਕ ਇਲੈਕਟ੍ਰੌਨਿਕਸ ਵਸਤੂਆਂ ਇੱਕੋ ਛੱਤ ਹੇਠ ਉਪਲਬਧ ਹੋਣਗੀਆਂ। ਇੱਥੇ ਉੱਚ ਕੋਟੀ ਦੇ ਬ੍ਰਾਂਡਾਂ ਦੇ ਰੇਫ਼ਰੀਜਰੇਟਰ (ਫ਼ਰਿੱਜ), ਵਾਸ਼ਿੰਗ ਮਸ਼ੀਨਾਂ, ਐਲ.ਈ.ਡੀ. ਟੀ.ਵੀ, ਮਾਈਕ੍ਰੋਵੇਵ ਓਵਨ, ਮਿਕਸੀ ਗ੍ਰਾਈਂਡਰ ਅਤੇ ਏਅਰ ਕੰਡੀਸ਼ਨਰ ਵਿਸ਼ੇਸ਼ ਤੌਰ ਤੇ ਮਿਲਣਗੇ। ਉਨ੍ਹਾਂ ਦਾਅਵਾ ਕੀਤਾ ਕਿ ਇਸ ਸ਼ੋਰੂਮ ਵਿਚ ਗ੍ਰਾਹਕਾਂ ਨੂੰ ਉੱਚ ਕੋਟੀ ਦਾ ਸਮਾਨ ਵਾਜਬ ਰੇਟ ਤੇ ਮੁਹਇਆ ਕਰਵਾਇਆ ਜਾਵੇਗਾ। ਉਨ੍ਹਾਂ 18 ਜੁਲਾਈ ਨੂੰ ਸ਼ੋਰੂਮ ਵਿਚ ਆਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਇਸ ਦਿਨ ਆਧੁਨਿਕ ਕਿਸਮ ਦੀਆਂ ਵਸਤਾਂ ਤੁਹਾਡੀ ਸੇਵਾ ਵਿਚ ਹਾਜ਼ਰ ਹੋਣਗੀਆਂ, ਜਿਸ ਨਾਲ ਰੋਜਮਰ੍ਹਾ ਦੇ ਕੰਮਾਂ ਵਿਚ ਕਾਫੀ ਲਾਭ ਮਿਲੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## 1 ਅਗਸਤ ਨੂੰ ਇੱਕ ਵਾਰ ਫਿਰ ਮਾਵਾਂ-ਧੀਆਂ ਦੇ ਖਾਤਿਆਂ ਵਿੱਚ ਰਕਮ ਜਮ੍ਹਾਂ ਹੋਣ ਸਬੰਧੀ ਸੁਨੇਹੇ ਉਨ੍ਹਾਂ ਦੇ ਮੋਬਾਈਲ ਫੋਨਾਂ 'ਤੇ ਪ੍ਰਾਪਤ ਹੋਣਗੇ: ਹਰਭਜਨ ਸਿੰਘ ਈ.ਟੀ.ਓ.



ਜੰਡਿਆਲਾ ਗੁਰੂ 16 ਜੁਲਾਈ ( ਕੁਲਵੰਤ ਸਿੰਘ ਵਿਰਦੀ ) - ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ 1 ਅਗਸਤ ਨੂੰ ਇੱਕ ਵਾਰ ਫਿਰ ਮਾਵਾਂ-ਧੀਆਂ ਦੇ ਖਾਤਿਆਂ ਵਿੱਚ ਰਕਮ ਜਮ੍ਹਾਂ ਹੋਣ ਸਬੰਧੀ ਸੁਨੇਹੇ ਉਨ੍ਹਾਂ ਦੇ ਮੋਬਾਈਲ ਫੋਨਾਂ 'ਤੇ ਪ੍ਰਾਪਤ ਹੋਣਗੇ।ਮਾਵਾਂ-ਧੀਆਂ ਸਤਿਕਾਰ ਯੋਜਨਾ ਬਾਰੇ ਗੱਲ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਅਹਿਮ ਸਕੀਮ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਪੰਜਾਬ ਦੀ 18 ਸਾਲ ਤੋਂ ਵੱਧ ਉਮਰ ਦੀ ਹਰ ਔਰਤ ਨੂੰ 1,000 ਰੁਪਏ ਪ੍ਰਤੀ ਮਹੀਨਾ ਦਿੱਤੇ ਜਾ ਰਹੇ ਹਨ, ਜਦਕਿ ਅਨੁਸੂਚਿਤ ਜਾਤੀ ਨਾਲ ਸਬੰਧਤ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਯੋਗ ਲਾਭਪਾਤਰੀਆਂ ਨੂੰ 1 ਜੁਲਾਈ ਤੋਂ ਇਸ ਯੋਜਨਾ ਦਾ ਲਾਭ ਮਿਲਣਾ ਸ਼ੁਰੂ ਹੋ ਚੁੱਕਾ ਹੈ ਅਤੇ ਹੁਣ ਤੱਕ 32 ਲੱਖ ਤੋਂ ਵੱਧ ਔਰਤਾਂ ਇਸ ਸਹੂਲਤ ਦਾ ਲਾਭ ਉਠਾ ਰਹੀਆਂ ਹਨ।ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਲੋਕਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਇਨ੍ਹਾਂ ਮਹੱਤਵਪੂਰਨ ਸਕੀਮਾਂ ਲਈ ਪੰਜਾਬ ਸਰਕਾਰ ਕੋਲ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਕਿਹਾ ਕਿ ਜਿਹੜੀਆਂ ਔਰਤਾਂ ਜੁਲਾਈ ਮਹੀਨੇ ਦੌਰਾਨ ਰਜਿਸਟ੍ਰੇਸ਼ਨ ਨਹੀਂ ਕਰਵਾ ਸਕੀਆਂ, ਉਨ੍ਹਾਂ ਨੂੰ ਅਗਸਤ ਮਹੀਨੇ ਵਿੱਚ ਤਿੰਨ ਮਹੀਨਿਆਂ ਦੀ ਅਦਾਇਗੀ ਇਕੱਠੀ ਪ੍ਰਾਪਤ ਹੋਵੇਗੀ।ਉਨ੍ਹਾਂ ਕਿਹਾ ਕਿ ਇਹ ਸਕੀਮ ਲਗਾਤਾਰ ਜਾਰੀ ਰਹੇਗੀ ਅਤੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਅਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਵਿੱਚ ਸਹਾਇਕ ਸਾਬਤ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਦੀ ਬਿਜਲੀ ਪ੍ਰਣਾਲੀ 'ਖ਼ਤਰੇ ਦੀ ਘੰਟੀ' ਵਜਾ ਰਹੀ ਹੈ, ਪਰ ਭਗਵੰਤ ਮਾਨ ਸਰਕਾਰ ਅਜੇ ਵੀ ਸੱਤਾ ਦੇ ਨਸ਼ੇ 'ਚ ਮਸਤ: ਪ੍ਰੋ. ਸਰਚਾਂਦ ਸਿੰਘ ਖਿਆਲਾ

## ਕੀ ਸਰਕਾਰ ਕਿਸੇ ਵੱਡੇ ਬਲੈਕਆਊਟ ਜਾਂ ਬਿਜਲੀ ਪ੍ਰਣਾਲੀ ਦੇ ਢਹਿ ਜਾਣ ਦੀ ਉਡੀਕ ਕਰ ਰਹੀ ਹੈ?



ਅੰਮ੍ਰਿਤਸਰ, 16 ਜੁਲਾਈ (ਆਵਾਜ਼ਿ ਕੌਮ ਬਿਊਰੋ)- ਪੀਐਸਈਬੀ ਇੰਜੀਨੀਅਰਜ਼ ਐਸੋਸੀਏਸ਼ਨ ਵੱਲੋਂ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦੇ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ ਨੂੰ ਲਿਖਿਆ ਗਿਆ ਪੱਤਰ ਭਗਵੰਤ ਮਾਨ ਸਰਕਾਰ ਦੇ "ਰੰਗਲੇ ਪੰਜਾਬ" ਦੇ ਦਾਅਵਿਆਂ ਦੀ ਅਸਲ ਹਕੀਕਤ ਬੇਨਕਾਬ ਕਰਦਾ ਹੈ। ਇਹ ਕਿਸੇ ਵਿਰੋਧੀ ਪਾਰਟੀ ਦਾ ਦੋਸ਼ ਨਹੀਂ, ਸਗੋਂ ਉਸੇ ਵਿਭਾਗ ਦੇ ਇੰਜੀਨੀਅਰਾਂ ਦੀ ਲਿਖਤੀ ਚਾਰਜਸ਼ੀਟ ਹੈ, ਜੋ ਦਿਨ-ਰਾਤ ਮੈਦਾਨ ਵਿੱਚ ਰਹਿ ਕੇ ਪੰਜਾਬ ਨੂੰ ਰੌਸ਼ਨ ਰੱਖਣ ਦੀ ਕੋਸ਼ਿਸ਼ ਕਰ ਰਹੇ ਹਨ। ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਪੰਜਾਬ ਦੀ ਇਕ ਅਜਿਹੀ ਸਰਕਾਰ ਬਣ ਚੁੱਕੀ ਹੈ ਜਿਸ ਨੇ ਅੱਜ ਤਕ ਇਕ ਵੀ ਯੂਨਿਟ ਬਿਜਲੀ ਪੈਦਾ ਕਰਨ ਦੀ ਕੋਸ਼ਿਸ਼ ਨਹੀਂ ਕੀਤੀ। ਅੱਜ ਜਦੋਂ ਵਿਭਾਗ ਦੇ ਆਪਣੇ ਇੰਜੀਨੀਅਰ ਇਹ ਲਿਖ ਰਹੇ ਹੋਣ ਕਿ ਸਟਾਫ਼ ਦੀ ਭਾਰੀ ਕਮੀ, ਸਮਗਰੀ ਦੀ ਘਾਟ, ਫ਼ੇਲ੍ਹ SBS ਬਿਲਿੰਗ ਸਿਸਟਮ, ਆਈਟੀ ਅਤੇ ERP ਦੀਆਂ ਖਾਮੀਆਂ, 1912 ਕਾਲ ਸੈਂਟਰ ਦੀ ਨਾਕਾਮ ਵਿਵਸਥਾ, ਲੰਬਿਤ ਤਰੱਕੀਆਂ ਅਤੇ ਅਸਹਿਣਯੋਗ ਕੰਮ ਦੇ ਬੋਝ ਕਾਰਨ ਬਿਜਲੀ ਪ੍ਰਣਾਲੀ ਗੰਭੀਰ ਦਬਾਅ ਹੇਠ ਹੈ, ਤਾਂ ਇਹ ਸਿਰਫ਼ ਇੱਕ ਵਿਭਾਗੀ ਸ਼ਿਕਾਇਤ ਨਹੀਂ, ਸਗੋਂ ਪੂਰੇ ਪੰਜਾਬ ਲਈ ਖ਼ਤਰੇ ਦੀ ਘੰਟੀ ਹੈ। ਦੁੱਖ ਦੀ ਗੱਲ ਹੈ ਕਿ ਭਗਵੰਤ ਮਾਨ ਸਰਕਾਰ ਇਸ ਚੇਤਾਵਨੀ ਨੂੰ ਵੀ ਗੰਭੀਰਤਾ ਨਾਲ ਲੈਣ ਦੀ ਬਜਾਏ ਇਸ਼ਤਿਹਾਰਾਂ, ਫੋਟੋਸ਼ੂਟਾਂ ਅਤੇ ਸਿਆਸੀ ਪ੍ਰਚਾਰ ਵਿੱਚ ਮਸਤ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਪੰਜਾਬ ਨੂੰ ਜਵਾਬ ਦੇਣ ਕਿ ਜਦੋਂ ਉਨ੍ਹਾਂ ਦੇ ਆਪਣੇ ਇੰਜੀਨੀਅਰ ਲਿਖਤੀ ਰੂਪ ਵਿੱਚ ਕਹਿ ਰਹੇ ਹਨ ਕਿ ਬਿਜਲੀ ਪ੍ਰਣਾਲੀ ਆਪਣੀ ਸਮਰੱਥਾ ਤੋਂ ਵੱਧ ਦਬਾਅ ਝੱਲ ਰਹੀ ਹੈ, ਤਾਂ ਸਰਕਾਰ ਨੇ ਇਸ ਸੰਕਟ ਨੂੰ ਦੂਰ ਕਰਨ ਲਈ ਹੁਣ ਤੱਕ ਕੀ ਕੀਤਾ? ਕੀ ਸਰਕਾਰ ਕਿਸੇ ਵੱਡੇ ਬਲੈਕਆਊਟ, ਗਰਿੱਡ ਫ਼ੇਲ੍ਹ ਹੋਣ ਜਾਂ ਬਿਜਲੀ ਪ੍ਰਣਾਲੀ ਦੇ ਗੰਭੀਰ ਸੰਕਟ ਦਾ ਇੰਤਜ਼ਾਰ ਕਰ ਰਹੀ ਹੈ? ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਵਰਗੇ ਸਰਹੱਦੀ ਅਤੇ ਖੇਤੀ ਪ੍ਰਧਾਨ ਸੂਬੇ ਵਿੱਚ ਝੋਨੇ ਦੇ ਸੀਜ਼ਨ ਦੌਰਾਨ ਬਿਜਲੀ ਪ੍ਰਣਾਲੀ ਦੀ ਮਜ਼ਬੂਤੀ ਸਭ ਤੋਂ ਵੱਡੀ ਤਰਜੀਹ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਖੇਤੀ, ਉਦਯੋਗ ਅਤੇ ਆਮ ਜਨਤਾ ਨਿਰਵਿਘਨ ਬਿਜਲੀ ਸਪਲਾਈ 'ਤੇ ਨਿਰਭਰ ਹੈ। ਪਰ ਸਰਕਾਰ ਦੀ ਅਣਗਹਿਲੀ ਕਾਰਨ ਇੰਜੀਨੀਅਰਾਂ ਨੂੰ ਨਾ ਲੋੜੀਂਦਾ ਸਟਾਫ਼ ਮਿਲ ਰਿਹਾ ਹੈ, ਨਾ ਸਮਗਰੀ, ਨਾ ਤਕਨੀਕੀ ਸਹਾਇਤਾ ਅਤੇ ਨਾ ਹੀ ਪ੍ਰਸ਼ਾਸਨਿਕ ਸਹਿਯੋਗ। ਅਜਿਹੇ ਹਾਲਾਤਾਂ ਵਿੱਚ ਜੇਕਰ ਬਿਜਲੀ ਸੇਵਾਵਾਂ ਪ੍ਰਭਾਵਿਤ ਹੁੰਦੀਆਂ ਹਨ ਤਾਂ ਇਸ ਦੀ ਪੂਰੀ ਨੈਤਿਕ ਅਤੇ ਪ੍ਰਸ਼ਾਸਨਿਕ ਜ਼ਿੰਮੇਵਾਰੀ ਭਗਵੰਤ ਮਾਨ ਸਰਕਾਰ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਇਮਾਨਦਾਰ ਪ੍ਰਸ਼ਾਸਨ, ਆਧੁਨਿਕ ਤਕਨਾਲੋਜੀ ਅਤੇ ਬਿਹਤਰ ਸੇਵਾਵਾਂ ਦੇ ਵੱਡੇ-ਵੱਡੇ ਵਾਅਦੇ ਕੀਤੇ ਸਨ। ਅੱਜ ਹਾਲਾਤ ਇਹ ਹਨ ਕਿ ਸਰਕਾਰ ਦੇ ਆਪਣੇ ਇੰਜੀਨੀਅਰ ਹੀ ਆਈਟੀ ਪ੍ਰਣਾਲੀ ਦੀ ਨਾਕਾਮੀ, ਮਨੁੱਖੀ ਸਰੋਤਾਂ ਦੀ ਘਾਟ ਅਤੇ ਪ੍ਰਸ਼ਾਸਨਿਕ ਬੇਰੁਖ਼ੀ ਦੀ ਲਿਖਤੀ ਗਵਾਹੀ ਦੇ ਰਹੇ ਹਨ। ਇਹ ਸਿਰਫ਼ ਬਿਜਲੀ ਨਿਗਮ ਦੀ ਨਾਕਾਮੀ ਨਹੀਂ, ਸਗੋਂ ਭਗਵੰਤ ਮਾਨ ਸਰਕਾਰ ਦੀ ਪ੍ਰਸ਼ਾਸਨਿਕ ਅਸਫਲਤਾ ਦਾ ਪ੍ਰਤੱਖ ਸਬੂਤ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਸਰਕਾਰ ਹੁਣ ਬਹਾਨੇ ਬਣਾਉਣ ਦੀ ਬਜਾਏ ਤੁਰੰਤ ਕਾਰਵਾਈ ਕਰੇ। ਪੀਐਸਈਬੀ ਇੰਜੀਨੀਅਰਜ਼ ਐਸੋਸੀਏਸ਼ਨ ਵੱਲੋਂ ਉਠਾਏ ਗਏ ਹਰ ਮੁੱਦੇ ਦਾ ਸਮੇਂਬੱਧ ਹੱਲ ਕੀਤਾ ਜਾਵੇ, ਨਹੀਂ ਤਾਂ ਆਉਣ ਵਾਲੇ ਸਮੇਂ ਵਿੱਚ ਪੈਦਾ ਹੋਣ ਵਾਲੇ ਕਿਸੇ ਵੀ ਵੱਡੇ ਬਿਜਲੀ ਸੰਕਟ, ਵਿਆਪਕ ਬਿਜਲੀ ਕੱਟਾਂ ਜਾਂ ਪ੍ਰਣਾਲੀ ਦੇ ਡਗਮਗਾਉਣ ਦੀ ਜ਼ਿੰਮੇਵਾਰੀ ਤੋਂ ਭਗਵੰਤ ਮਾਨ ਸਰਕਾਰ ਬਚ ਨਹੀਂ ਸਕੇਗੀ। ਪੰਜਾਬ ਨੂੰ ਪ੍ਰਚਾਰ ਨਹੀਂ, ਸਗੋਂ ਸਮਰੱਥ, ਜਵਾਬਦੇਹ ਅਤੇ ਭਰੋਸੇਯੋਗ ਬਿਜਲੀ ਪ੍ਰਣਾਲੀ ਦੀ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਮੇਰੀ ਜ਼ਿੰਦਗੀ ਦਾ ਸਿਰਨਾਵਾਂ ਅਤੇ ਮੇਰਾ ਮਾਣ ਬਲਜੀਤ ਕੌਰ



ਜ਼ਿੰਦਗੀ ਦੇ ਸਫ਼ਰ ਵਿੱਚ ਹਰ ਕਿਸੇ ਨੂੰ ਕੋਈ ਨਾ ਕੋਈ ਰਾਹਗੀਰ ਮਿਲਦਾ ਹੈ, ਪਰ ਕੋਈ ਵਿਰਲਾ ਹੀ ਹੁੰਦਾ ਹੈ ਜੋ ਤੁਹਾਡੀ ਜ਼ਿੰਦਗੀ ਨੂੰ ਨਵੇਂ ਅਰਥ ਅਤੇ ਨਵੀਂ ਦਿਸ਼ਾ ਦੇ ਦੇਵੇ। ਮੇਰੀ ਪਤਨੀ, ਬਲਜੀਤ ਕੌਰ, ਮੇਰੇ ਲਈ ਸਿਰਫ਼ ਮੇਰੀ ਜੀਵਨ-ਸਾਥਣ ਹੀ ਨਹੀਂ, ਬਲਕਿ ਉਹ ਸ਼ਖ਼ਸੀਅਤ ਹੈ ਜਿਸ ਨੇ ਮੈਨੂੰ ਇੱਕ ਨਵੀਂ ਜ਼ਿੰਦਗੀ ਬਖ਼ਸ਼ੀ ਹੈ। ਅੱਜ ਸਾਡਾ ਪਰਿਵਾਰ ਜਿਸ ਮੁਕਾਮ 'ਤੇ ਹੈ, ਉਸ ਦੀ ਮਜ਼ਬੂਤ ਨੀਂਹ ਬਲਜੀਤ ਦੀ ਅਣਥੱਕ ਮਿਹਨਤ ਅਤੇ ਸਬਰ 'ਤੇ ਟਿਕੀ ਹੋਈ ਹੈ। ਇੱਕ ਸੁਚੱਜਾ ਘਰ ਚਲਾਉਣ ਲਈ ਸਿਰਫ਼ ਇੱਟਾਂ-ਪੱਥਰਾਂ ਦੀ ਨਹੀਂ, ਬਲਕਿ ਆਪਸੀ ਤਾਲਮੇਲ ਅਤੇ ਸਮਰਪਣ ਦੀ ਲੋੜ ਹੁੰਦੀ ਹੈ। ਬਲਜੀਤ ਨੇ ਆਪਣੇ ਮੋਢਿਆਂ 'ਤੇ ਘਰ ਦੀ ਆਰਥਿਕ ਜ਼ਿੰਮੇਵਾਰੀ ਨੂੰ ਜਿਸ ਦ੍ਰਿੜ੍ਹਤਾ ਅਤੇ ਸਵੈ-ਮਾਣ ਨਾਲ ਚੁੱਕਿਆ ਹੈ, ਉਹ ਸ਼ਲਾਘਾਯੋਗ ਹੈ। ਬਿਨਾਂ ਕਿਸੇ ਸ਼ਿਕਵਾ-ਸ਼ਿਕਾਇਤ ਦੇ, ਦਿਨ-ਰਾਤ ਮਿਹਨਤ ਕਰਕੇ ਉਸ ਨੇ ਇਸ ਘਰ ਦੀ ਰਸੋਈ ਨੂੰ ਤਪਦਾ ਰੱਖਿਆ ਅਤੇ ਸਾਡੀ ਆਰਥਿਕ ਹੋਂਦ ਨੂੰ ਬਚਾਈ ਰੱਖਿਆ। ਉਸ ਦੀ ਇਹ ਮਿਹਨਤ ਸਾਡੇ ਪਰਿਵਾਰ ਲਈ ਕਿਸੇ ਵਰਦਾਨ ਤੋਂ ਘੱਟ ਨਹੀਂ ਹੈ। ਜਿੱਥੇ ਬਲਜੀਤ ਬਾਹਰ ਰਹਿ ਕੇ ਪਰਿਵਾਰ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਪਸੀਨਾ ਵਹਾ ਰਹੀ ਸੀ, ਉੱਥੇ ਮੈਨੂੰ ਇਸ ਗੱਲ ਦਾ ਹਮੇਸ਼ਾ ਮਾਣ ਰਹੇਗਾ ਕਿ ਮੈਂ ਘਰ ਦੀ ਜ਼ਿੰਮੇਵਾਰੀ ਸੰਭਾਲੀ। ਲਗਾਤਾਰ ਪੰਜ ਸਾਲ ਘਰ ਰਹਿ ਕੇ ਆਪਣੇ ਬੱਚਿਆਂ ਦੀ ਪਰਵਰਿਸ਼ ਕਰਨਾ ਮੇਰੀ ਜ਼ਿੰਦਗੀ ਦਾ ਸਭ ਤੋਂ ਖ਼ੂਬਸੂਰਤ ਫ਼ੈਸਲਾ ਸੀ। ਇਹ ਸਾਡੀ ਆਪਸੀ ਸਮਝਦਾਰੀ ਦੀ ਸਭ ਤੋਂ ਵੱਡੀ ਮਿਸਾਲ ਹੈ ਕਿ ਜਿੱਥੇ ਉਸ ਨੇ ਬਾਹਰ ਕਮਾਨ ਸੰਭਾਲੀ, ਉੱਥੇ ਮੈਂ ਘਰ ਰਹਿ ਕੇ ਆਪਣੇ ਬੱਚਿਆਂ ਦੀਆਂ ਕਿਲਕਾਰੀਆਂ ਨੂੰ ਸਾਂਭਿਆ।÷ ਖ਼ਾਸ ਕਰਕੇ ਸਾਡੀ ਵੱਡੀ ਬੇਟੀ ਪ੍ਰਬਲ ਸਿੰਘ ਚੌਹਾਨ ਨੂੰ ਉਸ ਦੇ ਬਚਪਨ ਦੇ ਸ਼ੁਰੂਆਤੀ ਸਾਲਾਂ ਵਿੱਚ ਆਪਣਾ ਹੱਥ ਦੇ ਕੇ ਤੋਰਨਾ ਅਤੇ ਉਸ ਨੂੰ ਪਾਲਣਾ ਮੇਰੇ ਹਿਰਦੇ ਦੇ ਸਭ ਤੋਂ ਕਰੀਬ ਹੈ। ਇਹ ਪੰਜ ਸਾਲ ਮੇਰੇ ਲਈ ਸਿਰਫ਼ ਬੱਚੇ ਪਾਲਣ ਦਾ ਸਮਾਂ ਨਹੀਂ ਸਨ, ਬਲਕਿ ਬਲਜੀਤ ਦੀ ਮਿਹਨਤ ਨੂੰ ਸਿਜਦਾ ਕਰਨ ਦਾ ਮੇਰਾ ਆਪਣਾ ਇੱਕ ਤਰੀਕਾ ਸੀ। ਸਾਡੀ ਇਸ ਸਾਂਝੀ ਮਿਹਨਤ ਅਤੇ ਪਿਆਰ ਸਦਕਾ ਅੱਜ ਸਾਡੀ ਝੋਲੀ ਵਿੱਚ ਦੋ ਅਨਮੋਲ ਰਤਨ ਹਨ: ਪ੍ਰਬਲ ਸਿੰਘ ਚੌਹਾਨ (10 ਸਾਲ): ਜੋ ਸਾਡੇ ਜੀਵਨ ਦੀ ਪਹਿਲੀ ਉਮੀਦ ਅਤੇ ਮੇਰੀ ਲਾਡਲੀ ਬੇਟੀ ਹੈ, ਜਿਸ ਦੀ ਪਰਵਰਿਸ਼ ਵਿੱਚ ਮੈਂ ਆਪਣੇ ਜੀਵਨ ਦੇ ਸਭ ਤੋਂ ਬਿਹਤਰੀਨ ਸਾਲ ਲਗਾਏ ਹਨ। ਰਹਿਮਤ ਕੌਰ (5 ਸਾਲ): ਜੋ ਆਪਣੇ ਨਾਮ ਵਾਂਗ ਸਾਡੇ ਘਰ ਵਿੱਚ ਰੱਬ ਦੀ ਰਹਿਮਤ ਅਤੇ ਖ਼ੁਸ਼ੀਆਂ ਦੀ ਬਰਸਾਤ ਬਣ ਕੇ ਆਈ ਹੈ। ਕਿਸੇ ਨੇ ਸੱਚ ਹੀ ਕਿਹਾ ਹੈ ਕਿ ਮਰਦ ਅਤੇ ਔਰਤ ਜ਼ਿੰਦਗੀ ਦੇ ਰੱਥ ਦੇ ਦੋ ਪਹੀਏ ਹੁੰਦੇ ਹਨ। ਜੇਕਰ ਅੱਜ ਸਾਡਾ ਘਰ ਖ਼ੁਸ਼ਹਾਲ ਹੈ, ਤਾਂ ਇਸ ਦਾ ਸਿਹਰਾ ਬਲਜੀਤ ਦੀ ਅਣਥੱਕ ਮਿਹਨਤ ਅਤੇ ਸਾਡੀ ਅਟੁੱਟ ਸਾਂਝ ਨੂੰ ਜਾਂਦਾ ਹੈ। ਮੈਨੂੰ ਮਾਣ ਹੈ ਆਪਣੀ ਪਤਨੀ 'ਤੇ, ਜਿਸ ਦੀ ਬਦੌਲਤ ਅੱਜ ਮੈਂ ਸਿਰ ਉੱਚਾ ਕਰਕੇ ਜੀਅ ਰਿਹਾ ਹਾਂ ਅਤੇ ਮੈਨੂੰ ਮਾਣ ਹੈ ਆਪਣੇ-ਆਪ 'ਤੇ ਕਿ ਮੈਂ ਉਸ ਦੀ ਮਿਹਨਤ ਦੇ ਸਤਿਕਾਰ ਵਜੋਂ ਆਪਣੇ ਬੱਚਿਆਂ ਦੀ ਨੀਂਹ ਨੂੰ ਆਪਣੇ ਹੱਥਾਂ ਨਾਲ ਮਜ਼ਬੂਤ ਕੀਤਾ। ਬਲਜੀਤ, ਤੂੰ ਮੇਰੀ ਜ਼ਿੰਦਗੀ ਦੀ ਉਹ ਸਾਰਥਕਤਾ ਹੈਂ ਜਿਸ ਦੇ ਬਿਨਾਂ ਮੈਂ ਅਧੂਰਾ ਸੀ।

**ਪਰਗਟ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

# ਰਾਸ਼ਟਰੀ ਮਹਿਲਾ ਆਯੋਗ ਵੱਲੋਂ ਬਠਿੰਡਾ ਵਿੱਚ ਜਨ ਸੁਣਵਾਈ ਦਾ ਆਯੋਜਨ



ਬਠਿੰਡਾ, 16 ਜੁਲਾਈ (ਗੁਰਜੰਟ ਸਿੰਘ ਨਥੇਹਾ)- ਰਾਸ਼ਟਰੀ ਮਹਿਲਾ ਆਯੋਗ (ਐਨ.ਸੀ.ਡਬਲਿਊ.) ਦੀ ਮਾਣਯੋਗ ਚੇਅਰਪਰਸਨ ਸ੍ਰੀਮਤੀ ਵਿਜਯਾ ਰਹਾਟਕਰ ਨੇ ਅੱਜ 'ਰਾਸ਼ਟਰੀ ਮਹਿਲਾ ਆਯੋਗ ਤੁਹਾਡੇ ਦੁਆਰ' ਮੁਹਿੰਮ ਤਹਿਤ ਬਠਿੰਡਾ ਵਿੱਚ ਜਨ ਸੁਣਵਾਈ ਕੀਤੀ। ਸ੍ਰੀਮਤੀ ਰਹਾਟਕਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਹਿਲਾਵਾਂ ਨੂੰ ਇਨਸਾਫ਼ ਸਰਲ, ਸੰਵੇਦਨਸ਼ੀਲ ਅਤੇ ਸਮੇਂ ਸਿਰ ਮੁਹੱਈਆ ਕਰਵਾਇਆ ਜਾਵੇ। ਜਨ ਸੁਣਵਾਈ ਦੌਰਾਨ ਘਰੇਲੂ ਹਿੰਸਾ, ਦਾਜ ਲਈ ਪਰੇਸ਼ਾਨ ਕਰਨ, ਜਿਨਸੀ ਅਪਰਾਧਾਂ ਅਤੇ ਮਹਿਲਾਵਾਂ ਨਾਲ ਸਬੰਧਤ ਹੋਰ ਮਾਮਲਿਆਂ ਦੀ ਸੁਣਵਾਈ ਕੀਤੀ ਗਈ। ਕਈ ਮਾਮਲਿਆਂ ਵਿੱਚ ਉਨ੍ਹਾਂ ਨੇ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ, ਐੱਸ.ਐੱਸ.ਪੀ. ਬਠਿੰਡਾ ਡਾ. ਜਯੋਤੀ ਯਾਦਵ ਬੈਂਸ ਅਤੇ ਐੱਸ.ਐੱਸ.ਪੀ. ਮਾਨਸਾ ਸ੍ਰੀ ਭਾਗੀਰਥ ਸਿੰਘ ਮੀਨਾ ਹਾਜ਼ਰ ਸਨ। ਮੀਡੀਆ ਨਾਲ ਗੱਲਬਾਤ ਕਰਦਿਆਂ ਸ੍ਰੀਮਤੀ ਰਹਾਟਕਰ ਨੇ ਕਿਹਾ ਕਿ ਮਹਿਲਾਵਾਂ ਪ੍ਰਤੀ ਅਪਮਾਨਜਨਕ ਭਾਸ਼ਾ, ਚਰਿੱਤਰ ਹਣਨ ਅਤੇ ਅਸੰਵੇਦਨਸ਼ੀਲ ਵਿਵਹਾਰ ਕਿਸੇ ਵੀ ਸਥਿਤੀ ਵਿੱਚ ਮਨਜ਼ੂਰ ਨਹੀਂ ਹੈ। ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਮਹਿਲਾਵਾਂ ਨਾਲ ਸਬੰਧਤ ਮਾਮਲਿਆਂ ਦੇ ਨਿਪਟਾਰੇ ਵਿੱਚ ਸੰਵੇਦਨਸ਼ੀਲ ਅਤੇ ਜਵਾਬਦੇਹ ਪਹੁੰਚ ਅਪਣਾਉਣ ਦੀ ਅਪੀਲ ਕੀਤੀ। ਇਸ ਤੋਂ ਪਹਿਲਾਂ ਸਵੇਰੇ ਉਨ੍ਹਾਂ ਬਠਿੰਡਾ ਕੇਂਦਰੀ ਜੇਲ੍ਹ ਦਾ ਦੌਰਾ ਕਰਕੇ ਮਹਿਲਾ ਕੈਦੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਸਰਕਾਰੀ ਰਾਜਿੰਦਰਾ ਕਾਲਜ ਵਿੱਚ ਕਰਵਾਏ ਗਏ 'ਸ਼ੀ ਸਰਵਜ਼' ਵਿਸ਼ੇਸ ਸੈਮੀਨਾਰ ਨੂੰ ਵੀ ਸੰਬੋਧਨ ਕੀਤਾ, ਜਿਸ ਵਿੱਚ ਮਹਿਲਾਵਾਂ ਲਈ ਹਥਿਆਰਬੰਦ ਬਲਾਂ ਵਿੱਚ ਕਰੀਅਰ ਦੀਆਂ ਸੰਭਾਵਨਾਵਾਂ 'ਤੇ ਚਰਚਾ ਕੀਤੀ ਗਈ। ਇਸ ਤੋਂ ਇਲਾਵਾ ਉਨ੍ਹਾਂ ਨੇ ਡੀ.ਏ.ਵੀ. ਕਾਲਜ ਵਿੱਚ ਕਰਵਾਏ ਗਏ ਪ੍ਰੋਗਰਾਮ ਨੂੰ ਵੀ ਸੰਬੋਧਨ ਕੀਤਾ, ਜਿੱਥੇ ਉਨ੍ਹਾਂ ਨੇ ਨਸ਼ੇ ਅਤੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੀ ਸਮੱਸਿਆ ਅਤੇ ਇਸ ਦਾ ਮਹਿਲਾਵਾਂ 'ਤੇ ਪੈਣ ਵਾਲੇ ਪ੍ਰਭਾਵ ਬਾਰੇ ਵਿਸਥਾਰ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਨਸ਼ੇ ਅਤੇ ਸਾਈਬਰ ਅਪਰਾਧਾਂ ਤੋਂ ਪ੍ਰਭਾਵਿਤ ਮਹਿਲਾਵਾਂ ਪ੍ਰਤੀ ਚਿੰਤਾ ਪ੍ਰਗਟ ਕਰਦਿਆਂ ਇਨ੍ਹਾਂ ਮੁੱਦਿਆਂ ਦੇ ਹੱਲ ਲਈ ਆਯੋਗ ਵੱਲੋਂ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਆਪਣੇ ਵੱਖ-ਵੱਖ ਪ੍ਰੋਗਰਾਮਾਂ ਅਤੇ ਸੰਵਾਦਾਂ ਰਾਹੀਂ ਉਨ੍ਹਾਂ ਨੇ ਮਹਿਲਾਵਾਂ ਦੀ ਸੁਰੱਖਿਆ, ਸਸ਼ਕਤੀਕਰਨ, ਸੰਸਥਾਗਤ ਜਵਾਬਦੇਹੀ ਅਤੇ ਸੰਵੇਦਨਸ਼ੀਲ ਪ੍ਰਸ਼ਾਸਨ ਦੀ ਲੋੜ 'ਤੇ ਵਿਸ਼ੇਸ਼ ਜ਼ੋਰ ਦਿੱਤਾ।

# ਇੱਕ ਨਜ਼ਰ ...





## ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਵਿਖੇ ਸਾਵਣ ਦੇ ਪਵਿੱਤਰ ਦਿਹਾੜੇ ਮੌਕੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਮਹੀਨੇ ਦੇ ਮੁੱਖ ਵਾਕ ਤੋਂ ਉਪਰੰਤ ਖੀਰ ਪੂੜਿਆਂ ਦੇ ਲੰਗਰ ਲਗਾਏ ਗਏ ਬਾਬਾ ਸੁੱਖਾ ਸਿੰਘ

ਜੰਡਿਆਲਾ ਗੁਰੂ 16 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਅੱਜ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਸਾਹਿਬ ਜੰਡਿਆਲਾ ਗੁਰੂ ਵਿਖੇ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਵੱਲੋਂ ਸਮੂਹ ਜੋਤੀਸਰ ਦੀਆਂ ਸੰਗਤਾਂ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਸਦਕਾ ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ ਮਹੀਨੇ ਦੀ ਆਰੰਭਤਾ ਤੇ ਸਾਉਣ ਮਹੀਨੇ ਦੀ ਸੰਗਰਾਂਦ ਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਭੋਗ ਤੋਂ ਉਪਰੰਤ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ ਅਤੇ ਉਪਰੰਤ ਹੁਕਮਨਾਮਾ ਸਾਹਿਬ ਤੇ ਸਾਉਣ ਮਹੀਨੇ ਦੀ ਆਰੰਭਤਾ ਤੇ ਗੁਰੂ ਸਾਹਿਬ ਜੀ ਵੱਲੋਂ ਕੀਤੇ ਗਏ ਹੁਕਮ ਨੂੰ ਉਚਾਰਨ ਕਰਕੇ ਸਾਉਣ ਮਹੀਨੇ ਦਾ ਵਾਕ ਸੁਣਾਇਆ ! ਇਸ ਮੌਕੇ ਬਾਬਾ ਸੁੱਖਾ ਸਿੰਘ ਜੀ ਨੇ ਸੰਗਤਾਂ ਨੂੰ ਬਾਣੀ ਬਾਣੇ ਦੇ ਧਾਰਨੀ ਹੋਣ ਦੀ ਬੇਨਤੀ ਕੀਤੀ ! ਅਤੇ ਕਿਹਾ ਕਿ ਸਾਡਾ ਸੰਸਾਰ ਵਿੱਚ ਆਉਣਾ ਤਦ ਹੀ ਸਫਲ ਹੋਵੇਗਾ ਜੇਕਰ ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਹੁਕਮ ਮੰਨੀਏ ਤੇ ਪ੍ਰਵਾਨ ਹੋਈਏ ਕਿਉਂਕਿ ਗੁਰੂ ਸਾਹਿਬ ਜੀ ਨੇ ਗੁਰਬਾਣੀ ਵਿੱਚ ਸਾਨੂੰ ਸਮਝਾਉਣਾ ਕੀਤਾ ਹੈ ਕਿ ਹੁਕਮ ਮੰਨਿਐ ਹੋਵੈ ਪਰਵਾਣੁ ਤਾ ਖਸਮੈ ਕਾ ਮਹੁਲ ਪਾਇਸੀ ਇਸ ਲਈ ਸਾਨੂੰ ਆਪਣੇ ਪ੍ਰੀਵਾਰ ਦੀ ਚੜ੍ਹਦੀ ਕਲ੍ਹਾ ਲਈ ਗੁਰੂ ਸਾਹਿਬ ਜੀ ਦੇ ਦਰਸ਼ਨ ਤੇ ਗੁਰਬਾਣੀ ਸਰਵਨ ਕਰਨੀ ਬਹੁਤ ਜਰੂਰੀ ਸਰੀਰ ਦਾ ਇਕ ਅੰਗ ਤੇ ਜਿੰਦਗੀ ਦਾ ਇਕ ਹਿੱਸਾ ਹੈ ! ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਸੋ ਅੱਜ ਸਾਵਣਿ ਮਹੀਨੇ ਦੀ ਆਰੰਭਤਾ ਗੁਰਬਾਣੀ ਚ ਦਰਜ ਹੈ। ਸੋ ਅੱਜ ਸਾਵਣ ਦੇ ਮਹੀਨੇ ਦੀ ਆਰੰਭਤਾ ਹੋਈ ਹੈ ਗੁਰੂ ਸਾਹਿਬ ਜੀ ਦੀ ਕਿਰਪਾ ਨਾਲ ਇਹ ਮਹੀਨਾ ਸਾਡੇ ਜੀਵਨ ਨੂੰ ਕਿਸ ਤਰਾਂ ਸਵਾਰ ਸਕਦਾ ਹੈ ! ਅੱਜ ਦੇ ਮਹੀਨੇ ਚ ਧੰਨ ਧੰਨ ਸ੍ਰੀ ਅਰਜਨ ਦੇਵ ਸਾਹਿਬ ਜੀ ਬਖਸਿਸ ਕਰਦੇ ਹਨ ਕਿ ਸਾਵਣ ਦੇ ਮਹੀਨੇ ਵਿੱਚ ਬਰਸਾਤਾਂ ਸੁਰੂ ਹੋ ਜਾਦੀਆਂ ਹਨ ਅਤੇ ਸਾਰੀ ਹੀ ਕਾਇਨਾਤ ਖੁਸੀ ਤੇ ਖੇੜੇ ਨਾਲ ਭਰ ਜਾਂਦੀ ਹੈ ਅਤੇ ਹਾੜ ਦੇ ਮਹੀਨੇ ਦੀ ਤਪਸ ਨਾਲ ਮੁਰਜਾਏ ਦਰਖਤ ਪੰਛੀ ਜੀਵ ਤੇ ਪੂਰੀ ਕਾਇਨਾਤ ਖਿੜ ਉਠਦੀ ਹੈ ! ਗੁਰੂ ਸਾਹਿਬ ਜੀ ਕਹਿੰਦੇ ਹਨ ਕਿ ਜਿਸ ਜੀਵ ਆਤਮਾ ਦਾ ਪਿਆਰ ਪ੍ਰਮਾਤਮਾ ਦੇ ਚਰਨ ਕਮਲਾਂ ਨਾਲ ਬਣ ਜਾਦਾ ਹੈ ਉਹ ਜੀਵ ਸੇਵਾ ਤੇ ਸਿਮਰਨ ਨਾਲ ਜੁੜ ਜਾਂਦਾ ਹੈ ਅਤੇ ਉਸ ਜੀਵ ਅੰਦਰ ਅੰਮ੍ਰਿਤ ਨਾਮ ਦਾ ਰਸ ਭਰ ਜਾਂਦਾ ਹੈ ਉਹ ਜੀਵ ਅੰਮ੍ਰਿਤ ਰਸ ਨੂੰ ਚਖ ਕਿ ਆਪਣਾ ਜੀਵਨ ਸਫਲ ਬਣਾਉਂਦਾ ਹੈ ! ਇਸ ਮੌਕੇ ਆਈਆਂ ਸੰਗਤਾਂ ਨੂੰ ਖੀਰ ਪੂੜੇ ਦੇ ਅਤੁੱਟ ਲੰਗਰ ਛਕਾਏ ਗਏ !

## ਬੇਅਦਬੀ ਦੇ ਦੋਸ਼ੀਆਂ ਨੂੰ ਕਦੇ ਸਜਾ ਵੀ ਮਿਲੇਗੀ ਜਾਂ ਸਿਰਫ ਸੰਮਨ, ਪੇਸ਼ੀਆਂ ਹੀ ਹੁੰਦੀਆਂ ਰਹਿਣਗੀਆਂ- ਗਿਆਨੀ ਹਰਪ੍ਰੀਤ ਸਿੰਘ

ਚੰਡੀਗੜ੍ਹ, 16 ਜੁਲਾਈ (ਆਵਾਜ਼ਿ ਕੌਮ ਬਿਊਰੋ)- ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਵਿੱਚ ਸਵਾਲ ਕਰਦਿਆਂ ਕਿਹਾ ਕਿ ਬੇਅਦਬੀਆਂ, ਬਹਿਬਲ ਕਲਾਂ ਅਤੇ ਕੋਟਕਪੂਰਾ ਦੇ ਦੋਸ਼ੀਆਂ ਨੂੰ ਕਦੇ ਸਜਾ ਵੀ ਮਿਲੇਗੀ ਜਾਂ ਹਰ ਵਾਰ ਨਵੀਂ ਸਿੱਟ ਬਣਾ ਕੇ ਪੇਸ਼ੀਆਂ ਲਈ ਸੰਮਨ ਹੀ ਭੇਜੇ ਜਾਂਦੇ ਰਹਿਣਗੇ। ਉਹਨਾਂ ਯਾਦ ਕਰਾਇਆ ਕਿ ਜੂਨ 2015 ਵਿੱਚ ਅਕਾਲੀ ਦਲ ਦੀ ਸਰਕਾਰ ਵੇਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਚੋਰੀ ਹੋਏ ਸਨ। ਜਿਸਦੀ ਬੇਅਦਬੀ ਕਰਨ ਲਈ ਕੌਮ ਨੂੰ ਵੰਗਾਰਦੇ ਹੋਏ ਸਤੰਬਰ ਮਹੀਨੇ ਵਿੱਚ ਕੰਧਾਂ ਉੱਤੇ ਸ਼ਰੇਆਮ ਪੋਸਟਰ ਲਾਏ ਗਏ। ਪੋਸਟਰ ਲਾਉਣ ਵਾਲਿਆਂ ਨੇ ਆਪਣੀ ਗੱਲ ਸੱਚ ਕਰ ਵਿਖਾਈ ਅਤੇ ਅਕਤੂਬਰ ਮਹੀਨੇ ਤੋਂ ਬੇਅਦਬੀਆਂ ਦਾ ਸਿਲਸਿਲਾ ਸ਼ੁਰੂ ਹੋ ਗਿਆ। ਉਸ ਵੇਲੇ ਬੁਰਜ ਜਵਾਹਰ ਸਿੰਘ ਵਾਲਾ ਦੇ ਲੋਕਾਂ ਨੇ ਡੇਰਾ ਸਿਰਸਾ ਦੇ ਪੈਰੋਕਾਰਾਂ ਦਾ ਨਾਮ ਲਿਆ ਸੀ, ਪਰ ਉਹਨਾਂ ਤੋਂ ਪੁੱਛਗਿੱਛ ਤੱਕ ਨਾ ਕੀਤੀ ਗਈ। ਉਲਟਾ ਗ੍ਰੰਥੀ ਸਿੰਘ ਦੇ ਪਰਿਵਾਰ ਅਤੇ ਕੁਝ ਹੋਰ ਅੰਮ੍ਰਿਤਧਾਰੀ ਸਿੱਖ ਨੌਜਵਾਨਾਂ 'ਤੇ ਭਾਰੀ ਤਸ਼ੱਦਦ ਕੀਤਾ ਗਿਆ। ਉਸ ਵੇਲੇ ਦੇ ਗ੍ਰਹਿ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਪ੍ਰੈੱਸ ਕਾਨਫਰੰਸ ਕਰਕੇ ਬੇਅਦਬੀਆਂ ਪਿੱਛੇ ਵਿਦੇਸ਼ੀ ਹੱਥ ਹੋਣ ਦੀ ਗੱਲ ਕਹੀ ਸੀ। ਪਰ ਉਹ ਕਿਸੇ ਵੀ ਦੋਸ਼ੀ ਨੂੰ ਸਜਾ ਨਾ ਦਵਾ ਸਕੇ। ਕੈਪਟਨ ਅੰਮਰਿੰਦਰ ਸਿੰਘ ਦੀ ਸਰਕਾਰ ਨੇ ਦੋਸ਼ੀਆਂ ਨੂੰ ਸਜਾ ਦਿਵਾਉਣ ਦਾ ਵਾਅਦਾ ਕਰਕੇ ਬਰਗਾੜੀ ਮੋਰਚਾ ਵੀ ਖਤਮ ਕਰਵਾ ਦਿੱਤਾ ਪਰ ਕੋਈ ਵਾਅਦਾ ਵਫ਼ਾ ਨਾਂ ਕੀਤਾ। ਕੈਪਟਨ ਦੀ ਇਸ ਵਾਅਦਾ ਖਿਲਾਫੀ ਦਾ ਫਾਇਦਾ ਅਰਵਿੰਦ ਕੇਜਰੀਵਾਲ ਨੇ ਉਠਾਉਂਦਿਆਂ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਨਾਲ ਲੈ ਕੇ ਗਾਰੰਟੀ ਦਿੱਤੀ ਸੀ ਕਿ ਚੌਵੀ ਘੰਟਿਆਂ ਵਿੱਚ ਬੇਅਦਬੀਆਂ ਅਤੇ ਬਹਿਬਲ ਕਲਾਂ ਗੋਲੀ ਕਾਂਡ ਦਾ ਇਨਸਾਫ ਕਰ ਦਿੱਤਾ ਜਾਵੇਗਾ। ਪਰ ਸਾਢੇ ਚਾਰ ਸਾਲਾਂ ਵਿੱਚ ਉਸ ਗਾਰੰਟੀ ਨੂੰ ਪੈਰਾਂ ਹੇਠ ਰੋਲਣ ਤੋਂ ਬਾਦ ਹੁਣ ਵੀ ਸਿਰਫ ਨਵੀਂ ਸਿੱਟ ਬਣੀ ਹੈ ਜੋ ਅਜੇ ਸੰਮਨ ਕਰ ਰਹੀ ਹੈ। ਕਦੋਂ ਇਹ ਸਿੱਟ ਪੁੱਛਗਿੱਛ ਪੂਰੀ ਕਰਕੇ ਰਿਪੋਰਟ ਦੇਵੇਗੀ ਅਤੇ ਕਦੋਂ ਉਸ ਰਿਪੋਰਟ ਉੱਤੇ ਕਾਰਵਾਈ ਹੋਵੇਗੀ ? ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜਦੋਂ ਪਹਿਲਾਂ ਬਣੀਆਂ ਸਿੱਟਾਂ ਸਭ ਦੇ ਬਿਆਨ ਨੋਟ ਕਰਕੇ ਰਿਪੋਰਟ ਬਣਾ ਚੁੱਕੀਆਂ ਹਨ ਤਾਂ ਹੁਣ ਲਗਦਾ ਹੈ ਕਿ ਨਵੇਂ ਸਿਰੇ ਤੋਂ ਕੀਤੇ ਜਾ ਰਹੇ ਸੰਮਨ ਸਿਰਫ ਇਨਸਾਫ ਦੇਣ ਵਿੱਚ ਦੇਰੀ ਕਰਨ ਲਈ ਹੀ ਹਨ। ਸਭ ਜਾਣਦੇ ਹਨ ਕਿ ਦੇਰੀ ਦਾ ਮਤਲਬ ਇਨਸਾਫ ਦੇਣ ਤੋਂ ਸਪੱਸ਼ਟ ਨਾਂਹ ਹੁੰਦੀ ਹੈ। ਜੇ ਪੰਜਾਬ ਸਰਕਾਰ ਸੱਚਮੁੱਚ ਇਨਸਾਫ ਦੇਣਾ ਚਾਹੁੰਦੀ ਹੈ ਤਾਂ ਪਿਛਲੀਆਂ ਸਾਰੀਆਂ ਰਿਪੋਰਟਾਂ ਦੇ ਆਧਾਰ 'ਤੇ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ। ਕਿਉਂਕਿ ਇਹ ਸਿੱਖਾਂ ਦੇ ਜਾਗਤ ਜੋਤ ਗੁਰੂ ਦੀ ਬੇਅਦਬੀ ਦਾ ਮਾਮਲਾ ਹੈ, ਇਸ ਲਈ ਇਸ ਸਰਕਾਰ ਨੂੰ ਆਪਣੇ ਤੋਂ ਪਹਿਲੀਆਂ ਦੋ ਸਰਕਾਰਾਂ ਦਾ ਹਸ਼ਰ ਜਰੂਰ ਯਾਦ ਰੱਖਣਾ ਚਾਹੀਦਾ ਹੈ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।



## 17 ਜੁਲਾਈ ਸ਼ਤਾਬਦੀ ਬਰਸੀ 'ਤੇ ਵਿਸ਼ੇਸ਼

# ਮੈਂ ਮਰਾਂ, ਪੰਥ ਜੀਵੇ : ਸਰਦਾਰ ਤੇਜਾ ਸਿੰਘ ਸਮੁੰਦਰੀ



ਗੁਰਦੁਆਰਾ ਸੁਧਾਰ ਲਹਿਰ ਅਤੇ ਅਕਾਲੀ ਅੰਦੋਲਨ ਦੇ ਰੂਹ-ਏ-ਰਵਾਂ ਸ਼ਹੀਦ ਸਰਦਾਰ ਤੇਜਾ ਸਿੰਘ ਸਮੁੰਦਰੀ ਕਿਸੇ ਜਾਣ-ਪਛਾਣ ਦੇ ਮੁਥਾਜ ਨਹੀਂ। ਇਤਿਹਾਸਕ ਗੁਰਦੁਆਰਿਆਂ ਨੂੰ ਮਹੰਤਸ਼ਾਹੀ ਤੋਂ ਮੁਕਤ ਕਰਵਾ ਕੇ ਗੁਰਮਤਿ ਅਨੁਸਾਰ ਪ੍ਰਬੰਧ ਸਥਾਪਿਤ ਕਰਨ ਅਤੇ ਅਕਾਲੀ ਲਹਿਰ ਨੂੰ ਭਾਰਤ ਦੀ ਆਜ਼ਾਦੀ ਦੀ ਲਹਿਰ ਨਾਲ ਜੋੜਨ ਵਿੱਚ ਉਨ੍ਹਾਂ ਦੀ ਭੂਮਿਕਾ ਨਿਰਣਾਇਕ ਰਹੀ। ਉਨ੍ਹਾਂ ਦੀ ਅਗਵਾਈ ਨੇ ਬਸਤੀਵਾਦੀ ਭਾਰਤ ਵਿੱਚ ਸਿੱਖਾਂ ਦੀ ਛਵੀ ਨੂੰ ਨਵਾਂ ਆਕਾਰ ਦਿੱਤਾ ਅਤੇ ਪੰਥਕ ਜਾਗਰੂਕਤਾ ਨੂੰ ਨਵੀਂ ਦਿਸ਼ਾ ਬਖ਼ਸ਼ੀ। ਇਸੇ ਪੰਥਕ ਚੇਤਨਾ ਤੇ ਸ਼ਾਂਤਮਈ ਪਰ ਜ਼ਬਰਦਸਤ ਤੇ ਅਡੋਲ ਸੰਘਰਸ਼ ਨੇ ਅੰਗਰੇਜ਼ ਹਕੂਮਤ ਨੂੰ ਬੇਚੈਨ ਕਰ ਦਿੱਤਾ। ਜਿਸ ਦਾ ਨਤੀਜਾ 17 ਜੁਲਾਈ 1926 ਨੂੰ ਮਹਿਜ਼ 44 ਸਾਲ ਦੀ ਉਮਰ ਵਿੱਚ ਲਾਹੌਰ ਜੇਲ੍ਹ ਵਿੱਚ ਉਨ੍ਹਾਂ ਦੀ ਰਹੱਸਮਈ ਸ਼ਹਾਦਤ ਦੇ ਰੂਪ ਵਿੱਚ ਸਾਹਮਣੇ ਆਇਆ। ਲਾਹੌਰ ਤੋਂ ਅੰਮ੍ਰਿਤਸਰ ਤੱਕ ਉਨ੍ਹਾਂ ਦੇ ਅੰਤਿਮ ਸਸਕਾਰ ਵਿੱਚ ਨਮ ਅੱਖਾਂ ਨਾਲ ਉਮੜਿਆ ਜਨ-ਸੈਲਾਬ ਇਸ ਗੱਲ ਦਾ ਸਬੂਤ ਸੀ ਕਿ ਪੰਥ ਨੇ ਆਪਣਾ ਸੱਚਾ ਸਿਪਾਹੀ ਗੁਆ ਦਿੱਤਾ ਸੀ। ਪਰ ਉਨ੍ਹਾਂ ਦੀ ਸ਼ਹਾਦਤ ਨੇ ਨਿਰਾਸ਼ਾ ਨਹੀਂ, ਸਗੋਂ ਪੰਥਕ ਜਾਗਰਣ ਨੂੰ ਹੋਰ ਪ੍ਰਚੰਡ ਕੀਤਾ। ਇਸੇ ਲਈ ਉਨ੍ਹਾਂ ਦੀਆਂ ਸੇਵਾਵਾਂ ਦੇ ਸਨਮਾਨ ਵਜੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 24 ਫ਼ਰਵਰੀ 1936 ਨੂੰ ਆਪਣੇ ਮੁੱਖ ਦਫ਼ਤਰ ਦਾ ਨਾਮ "ਤੇਜਾ ਸਿੰਘ ਸਮੁੰਦਰੀ ਹਾਲ" ਰੱਖਿਆ। ਸਰਦਾਰ ਤੇਜਾ ਸਿੰਘ ਸਮੁੰਦਰੀ ਦਾ ਜਨਮ 20 ਫ਼ਰਵਰੀ 1882 (10 ਫੱਗਣ 1938 ਬਿਕਰਮੀ) ਨੂੰ ਤਰਨਤਾਰਨ ਜ਼ਿਲ੍ਹੇ ਦੇ ਪਿੰਡ ਰਾਏ ਬੁਰਜ ਕਾ (ਸਰਹਾਲੀ) ਵਿਖੇ ਰਿਸਾਲਦਾਰ ਮੇਜਰ ਸਰਦਾਰ ਦੇਵਾ ਸਿੰਘ ਸੰਧੂ ਅਤੇ ਮਾਤਾ ਨੰਦ ਕੌਰ ਦੇ ਘਰ ਹੋਇਆ। ਪਰਿਵਾਰ ਬਾਅਦ ਵਿੱਚ ਲਾਇਲਪੁਰ ਜ਼ਿਲ੍ਹੇ ਦੀ ਸਮੁੰਦਰੀ ਤਹਿਸੀਲ ਵਿੱਚ ਜਾ ਵੱਸਿਆ, ਜਿਸ ਕਾਰਨ ਉਨ੍ਹਾਂ ਦੇ ਨਾਮ ਨਾਲ "ਸਮੁੰਦਰੀ" ਸਦਾ ਲਈ ਜੁੜ ਗਿਆ। 18 ਸਾਲ ਦੀ ਉਮਰ ਵਿੱਚ ਉਹ ਬ੍ਰਿਟਿਸ਼ ਭਾਰਤੀ ਫ਼ੌਜ ਦੀ 22ਵੀਂ ਕੈਵਲਰੀ ਵਿੱਚ ਭਰਤੀ ਹੋਏ, ਪਰ ਗੁਰਬਾਣੀ, ਪੰਥ ਅਤੇ ਦੇਸ਼ ਦੀ ਸੇਵਾ ਦੇ ਸੱਦੇ ਨੇ ਉਨ੍ਹਾਂ ਨੂੰ ਫ਼ੌਜੀ ਜੀਵਨ ਤਿਆਗਣ ਲਈ ਪ੍ਰੇਰਿਆ। ਅਮਰੀਕਾ ਅਤੇ ਕੈਨੇਡਾ ਦੌਰਾਨ ਗ਼ਦਰੀ ਬਾਬਾ ਤੇਜਾ ਸਿੰਘ ਚੂਹੜਕਾਨਾ ਦੇ ਸੰਪਰਕ ਨੇ ਉਨ੍ਹਾਂ ਦੇ ਅੰਦਰ ਰਾਸ਼ਟਰੀ ਅਤੇ ਪੰਥਕ ਚੇਤਨਾ ਨੂੰ ਹੋਰ ਮਜ਼ਬੂਤ ਕੀਤਾ। ਸਿੰਘ ਸਭਾ ਲਹਿਰ, ਖ਼ਾਲਸਾ ਦੀਵਾਨ ਸਮੁੰਦਰੀ ਅਤੇ ਚੀਫ਼ ਖ਼ਾਲਸਾ ਦੀਵਾਨ ਰਾਹੀਂ ਸ਼ੁਰੂ ਹੋਈ ਉਨ੍ਹਾਂ ਦੀ ਸੇਵਾ ਗੁਰਦੁਆਰਾ ਸੁਧਾਰ ਲਹਿਰ ਦੀ ਮਜ਼ਬੂਤ ਨੀਂਹ ਬਣੀ। ਉਨ੍ਹਾਂ ਨੇ ਆਪਣੀ ਸੰਪਤੀ ਅਤੇ ਸਮੁੱਚਾ ਜੀਵਨ ਪੰਥ ਨੂੰ ਸਮਰਪਿਤ ਕਰ ਦਿੱਤਾ। ਦਿੱਲੀ ਦੇ ਗੁਰਦੁਆਰਾ ਰਕਾਬਗੰਜ ਦੀ 1914 ਵਿੱਚ ਅੰਗਰੇਜ਼ ਸਰਕਾਰ ਵੱਲੋਂ ਢਾਹੀ ਗਈ ਚਾਰਦੀਵਾਰੀ ਨੂੰ ਮੁੜ ਉਸਾਰਨ ਦੇ ਇਤਿਹਾਸਕ ਸੰਘਰਸ਼ ਵਿੱਚ ਉਨ੍ਹਾਂ ਨੇ ਸਰਦਾਰ ਹਰਚੰਦ ਸਿੰਘ ਲਾਇਲਪੁਰੀ ਨਾਲ ਮਿਲ ਕੇ ਸ਼ਹੀਦੀ ਜਥੇ ਦੀ ਅਗਵਾਈ ਕੀਤੀ। ਲਗਾਤਾਰ ਸੰਘਰਸ਼ ਦੇ ਨਤੀਜੇ ਵਜੋਂ ਦਸੰਬਰ 1920 ਵਿੱਚ ਕੰਧ ਮੁੜ ਉਸਾਰੀ ਗਈ, ਜੋ ਸਿੱਖ ਏਕਤਾ ਅਤੇ ਜਨ-ਸੰਘਰਸ਼ ਦੀ ਪਹਿਲੀ ਵੱਡੀ ਜਿੱਤ ਮੰਨੀ ਜਾਂਦੀ ਹੈ। ਉਸ ਸਮੇਂ ਪੰਜਾਬ ਦੇ ਇਤਿਹਾਸਕ ਗੁਰਦੁਆਰੇ ਅੰਗਰੇਜ਼ ਸਰਕਾਰ ਦੀ ਸਰਪ੍ਰਸਤੀ ਪ੍ਰਾਪਤ ਮਹੰਤਾਂ ਦੇ ਕਬਜ਼ੇ ਹੇਠ ਸਨ ਅਤੇ ਉਨ੍ਹਾਂ ਦਾ ਪ੍ਰਬੰਧ ਗੁਰਮਤਿ ਸਿਧਾਂਤਾਂ ਤੋਂ ਭਟਕ ਚੁੱਕਾ ਸੀ। ਗੁਰਦੁਆਰਾ ਸੁਧਾਰ ਲਹਿਰ ਨੇ ਇਸ ਸਥਿਤੀ ਨੂੰ ਬਦਲਣ ਦਾ ਬੀੜਾ ਚੁੱਕਿਆ ਅਤੇ ਅੱਗੇ ਚੱਲ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਦਾ ਆਧਾਰ ਬਣੀ। 15 ਨਵੰਬਰ 1920 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਗਠਿਤ ਪਹਿਲੀ 175 ਮੈਂਬਰੀ ਸ਼੍ਰੋਮਣੀ ਕਮੇਟੀ ਦੇ ਸਰਦਾਰ ਤੇਜਾ ਸਿੰਘ ਸਮੁੰਦਰੀ ਸੰਸਥਾਪਕ ਮੈਂਬਰ ਸਨ। ਸਰਦਾਰ ਸਮੁੰਦਰੀ ਨਿਡਰ, ਨਿਸ਼ਕਾਮ, ਸਿਧਾਂਤਕ ਅਤੇ ਪੰਥ-ਪ੍ਰਸਤ ਆਗੂ ਸਨ। ਉਨ੍ਹਾਂ ਨੇ ਸਿੱਖ ਸਮਾਜ ਵਿੱਚੋਂ ਕੁਰੀਤੀਆਂ ਦੂਰ ਕਰਕੇ ਸੰਗਤ ਨੂੰ ਗੁਰੂ ਘਰ ਨਾਲ ਜੋੜਿਆ। ਸਿੱਖ ਇਤਿਹਾਸ 'ਤੇ ਉਨ੍ਹਾਂ ਦੀ ਡੂੰਘੀ ਪਕੜ ਅਤੇ ਸੰਗਠਨਾਤਮਿਕ ਯੋਗਤਾ ਨੇ ਉਨ੍ਹਾਂ ਨੂੰ ਅਕਾਲੀ ਲਹਿਰ ਦਾ ਪ੍ਰਮੁੱਖ ਰਣਨੀਤੀਕਾਰ ਬਣਾ ਦਿੱਤਾ। ਉਨ੍ਹਾਂ ਦਾ ਵਿਸ਼ਵਾਸ ਸੀ ਕਿ ਅੰਗਰੇਜ਼ ਹਕੂਮਤ ਦਾ ਮੁਕਾਬਲਾ ਸੱਚ, ਜਨ-ਜਾਗਰੂਕਤਾ ਅਤੇ ਲੋਕ-ਸ਼ਕਤੀ ਨਾਲ ਹੀ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਧਾਰਮਿਕ ਸੁਧਾਰ ਨੂੰ ਭਾਰਤ ਦੀ ਆਜ਼ਾਦੀ ਦੀ ਲਹਿਰ ਨਾਲ ਜੋੜਿਆ ਅਤੇ 'ਅਕਾਲੀ' ਅਖ਼ਬਾਰ ਰਾਹੀਂ ਪੰਥਕ ਪੱਤਰਕਾਰੀ ਨੂੰ ਵੀ ਮਜ਼ਬੂਤੀ ਦਿੱਤੀ। ਨਿਸ਼ਕਾਮ ਸੇਵਾ ਅਤੇ ਸਨਮਾਨ ਦੂਜਿਆਂ ਦੇ ਹਿੱਸੇ ਪਾਉਣ ਦੀ ਪ੍ਰਵਿਰਤੀ ਨੇ ਉਨ੍ਹਾਂ ਨੂੰ ਹਰਮਨ-ਪਿਆਰਾ ਬਣਾ ਦਿੱਤਾ। ਉਨ੍ਹਾਂ ਨੇ ਮਾਸਟਰ ਤਾਰਾ ਸਿੰਘ ਵਰਗੇ ਆਗੂਆਂ ਨੂੰ ਲਹਿਰ ਨਾਲ ਜੋੜਿਆ। ਸੈਂਟਰਲ ਸਿੱਖ ਲੀਗ ਦੀ ਪ੍ਰਧਾਨਗੀ ਦਾ ਸਨਮਾਨ ਵੀ ਉਨ੍ਹਾਂ ਨੇ ਖ਼ੁਦ ਲੈਣ ਦੀ ਬਜਾਏ ਸਰਦਾਰ ਖੜਕ ਸਿੰਘ ਨੂੰ ਸੌਂਪਿਆ। ਨਨਕਾਣਾ ਸਾਹਿਬ ਸਾਕੇ ਮਗਰੋਂ ਬਣੀ ਪਹਿਲੀ ਪ੍ਰਬੰਧਕ ਕਮੇਟੀ ਦੇ ਉਹ ਮੈਂਬਰ ਰਹੇ ਅਤੇ ਦਰਬਾਰ ਸਾਹਿਬ ਤੋਸ਼ਾਖਾਨਾ ਮੋਰਚੇ ਦੌਰਾਨ ਕੈਦ ਵੀ ਭੁਗਤੀ। 1921-22 ਦੇ ਗੁਰੂ ਕੇ ਬਾਗ਼ ਅੰਦੋਲਨ ਵੇਲੇ ਸ਼੍ਰੋਮਣੀ ਕਮੇਟੀ ਦੀ ਐਕਸ਼ਨ ਕੌਂਸਲ ਦੇ ਚੇਅਰਮੈਨ ਵਜੋਂ ਉਨ੍ਹਾਂ ਨੇ ਬ੍ਰਿਟਿਸ਼ ਦਮਨ ਦੇ ਬਾਵਜੂਦ ਅਹਿੰਸਕ ਸੰਘਰਸ਼ ਨੂੰ ਅਨੁਸ਼ਾਸਨ ਨਾਲ ਚਲਾਇਆ। 'ਅਕਾਲੀ' ਅਖ਼ਬਾਰ 'ਤੇ 40 ਹਜ਼ਾਰ ਰੁਪਏ ਦਾ ਜੁਰਮਾਨਾ ਲੱਗਣ 'ਤੇ ਉਸ ਨੂੰ ਬੰਦ ਹੋਣ ਤੋਂ ਬਚਾਉਣ ਲਈ ਉਨ੍ਹਾਂ ਨੇ ਆਪਣੀ ਇੱਕ ਮੁਰੱਬਾ ਜ਼ਮੀਨ ਜ਼ਮਾਨਤ ਵਜੋਂ ਪੇਸ਼ ਕਰ ਦਿੱਤੀ। ਇਸੇ ਤਰ੍ਹਾਂ ਨਾਭਾ ਅੰਦੋਲਨ ਨਾਲ ਸੰਬੰਧਿਤ ਪ੍ਰੀਵੀ ਕੌਂਸਲ ਦੀ ਅਪੀਲ ਲਈ ਲੋੜੀਂਦੀ ਰਕਮ ਇਕੱਠੀ ਕਰਨ ਵਾਸਤੇ ਉਨ੍ਹਾਂ ਨੇ ਆਪਣੀ ਲਗਭਗ 50 ਏਕੜ ਜ਼ਮੀਨ ਗਿਰਵੀ ਰੱਖ ਦਿੱਤੀ। ਮੁਕੱਦਮਾ ਜਿੱਤਣ ਮਗਰੋਂ ਕਮੇਟੀ ਨੇ ਰਕਮ ਵਾਪਸ ਕਰਨੀ ਚਾਹੀ, ਪਰ ਉਨ੍ਹਾਂ ਦੇ ਪਰਿਵਾਰ ਨੇ ਉਹ ਵੀ ਪੰਥ ਨੂੰ ਸਮਰਪਿਤ ਕਰ ਦਿੱਤੀ। ਅੰਦੋਲਨਕਾਰੀਆਂ ਦੇ ਪਰਿਵਾਰਾਂ ਦੀ ਸਹਾਇਤਾ ਲਈ ਉਨ੍ਹਾਂ ਨੇ 'ਸਿੱਖ ਦੇਸ਼ ਭਗਤ ਪਰਿਵਾਰ ਸਹਿਯੋਗ ਕਮੇਟੀ' ਦੀ ਸਥਾਪਨਾ ਕੀਤੀ, ਜਿਸ ਦਾ ਵਿਸਤਾਰ ਬਾਅਦ ਵਿੱਚ 'ਦੇਸ਼ ਭਗਤ ਪਰਿਵਾਰ ਸਹਿਯੋਗ ਕਮੇਟੀ' ਵਜੋਂ ਹੋਇਆ। ਅੱਜ ਜਲੰਧਰ ਦਾ ਦੇਸ਼ ਭਗਤ ਯਾਦਗਾਰ ਹਾਲ ਉਸ ਸੇਵਾ ਦੀ ਯਾਦ ਨੂੰ ਜੀਵੰਤ ਰੱਖਦਾ ਹੈ। 17 ਜੂਨ 1923 ਨੂੰ ਸ੍ਰੀ ਹਰਿਮੰਦਰ ਸਾਹਿਬ ਦੇ ਅੰਮ੍ਰਿਤ ਸਰੋਵਰ ਦੀ ਕਾਰ ਸੇਵਾ ਸ਼ੁਰੂ ਹੋਈ ਤਾਂ ਸਰਦਾਰ ਤੇਜਾ ਸਿੰਘ ਸਮੁੰਦਰੀ ਪੰਜ ਪਿਆਰਿਆਂ ਵਿੱਚ ਸ਼ਾਮਲ ਸਨ। ਗੁਰਦੁਆਰਿਆਂ ਦੀ ਆਜ਼ਾਦੀ ਤੋਂ ਲੈ ਕੇ ਜੈਤੋ ਮੋਰਚੇ ਤੱਕ ਹਰ ਸੰਘਰਸ਼ ਵਿੱਚ ਉਹ ਮੋਹਰੀ ਰਹੇ। 12 ਅਕਤੂਬਰ 1923 ਨੂੰ ਜਦੋਂ ਅੰਗਰੇਜ਼ ਸਰਕਾਰ ਨੇ ਸ਼੍ਰੋਮਣੀ ਕਮੇਟੀ ਅਤੇ ਅਕਾਲੀ ਦਲ 'ਤੇ ਪਾਬੰਦੀ ਲਗਾਈ, ਤਾਂ ਗ੍ਰਿਫ਼ਤਾਰ ਕੀਤੇ ਗਏ ਪ੍ਰਮੁੱਖ ਸਿੱਖ ਆਗੂਆਂ ਵਿੱਚ ਸਰਦਾਰ ਤੇਜਾ ਸਿੰਘ ਸਮੁੰਦਰੀ ਦਾ ਨਾਮ ਸਭ ਤੋਂ ਅੱਗੇ ਸੀ। ਅੰਗਰੇਜ਼ ਸਰਕਾਰ ਗੁਰਦੁਆਰਾ ਸੁਧਾਰ ਲਹਿਰ ਨੂੰ ਭਾਰਤ ਦੀ ਆਜ਼ਾਦੀ ਦੀ ਲਹਿਰ ਨਾਲ ਜੁੜਿਆ ਅੰਦੋਲਨ ਮੰਨਦੀ ਸੀ। ਇਸੇ ਲਈ ਸਰਦਾਰ ਸਮੁੰਦਰੀ ਸਮੇਤ 56 ਪ੍ਰਮੁੱਖ ਸਿੱਖ ਆਗੂਆਂ ਨੂੰ ਕੈਦ ਕੀਤਾ ਗਿਆ। ਅੰਤ ਵਿੱਚ ਸੰਘਰਸ਼ ਕਾਮਯਾਬ ਹੋਇਆ ਅਤੇ ਸਰਕਾਰ ਨੇ 1925 ਨੂੰ ਸਿੱਖ ਗੁਰਦੁਆਰਾ ਐਕਟ, ਰਾਹੀਂ ਇਤਿਹਾਸਕ ਗੁਰਦੁਆਰਿਆਂ ਦਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸੌਂਪਣ ਦੀ ਕਵਾਇਦ ਸ਼ੁਰੂ ਕੀਤੀ। ਸਿੱਖ ਆਗੂਆਂ ਨੇ ਇਸ ਐਕਟ ਵਿੱਚ ਤਿੰਨ ਮਹੱਤਵਪੂਰਨ ਸੋਧਾਂ ਕਰਵਾਈਆਂ—ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦਾ ਪ੍ਰਬੰਧ ਸ਼੍ਰੋਮਣੀ ਕਮੇਟੀ ਕੋਲ ਰਹੇ; ਸਿੱਖ ਬੀਬੀਆਂ ਨੂੰ ਵੋਟ ਦਾ ਅਧਿਕਾਰ ਮਿਲੇ; ਇਹ ਉਸ ਸਮੇਂ ਦਾ ਅਸਾਧਾਰਨ ਕਦਮ ਸੀ, ਜਦੋਂ ਭਾਰਤ ਤਾਂ ਦੂਰ, ਇੰਗਲੈਂਡ ਵਿੱਚ ਵੀ ਇਸਤਰੀਆਂ ਨੂੰ ਪੂਰੇ ਵੋਟ ਅਧਿਕਾਰ ਪ੍ਰਾਪਤ ਨਹੀਂ ਹੋਏ ਸਨ ਅਤੇ ਗੁਰਦੁਆਰਿਆਂ ਦੀ ਆਮਦਨ ਧਰਮ, ਸਿੱਖਿਆ ਅਤੇ ਦਾਨ-ਪੁੰਨ ਦੇ ਕਾਰਜਾਂ ਲਈ ਵੀ ਵਰਤੀ ਜਾਵੇ। ਇਨ੍ਹਾਂ ਸੋਧਾਂ ਤੋਂ ਬਾਅਦ ਸਰਕਾਰ ਨੇ ਸਿੱਖ ਗੁਰਦੁਆਰਾ ਐਕਟ ਪਾਸ ਕਰਕੇ ਲਾਗੂ ਕੀਤਾ। ਐਕਟ ਨੂੰ ਸਵੀਕਾਰ ਕਰਨ ਦੀ ਸ਼ਰਤ 'ਤੇ ਜੇਲ੍ਹ ਵਿੱਚ ਬੰਦ 31 ਪ੍ਰਮੁੱਖ ਸਿੱਖ ਆਗੂਆਂ ਵਿੱਚੋਂ ਕਰੀਬ 20 ਨੂੰ ਰਿਹਾ ਕਰ ਦਿੱਤਾ ਗਿਆ, ਪਰ ਸਰਦਾਰ ਤੇਜਾ ਸਿੰਘ ਸਮੁੰਦਰੀ, ਮਾਸਟਰ ਤਾਰਾ ਸਿੰਘ ਸਮੇਤ 11 ਸੀਨੀਅਰ ਆਗੂਆਂ ਨੇ ਸਰਕਾਰ ਨਾਲ ਸਮਝੌਤਾ ਕਰਨ ਤੋਂ ਇਨਕਾਰ ਕਰ ਦਿੱਤਾ। ਉਨ੍ਹਾਂ ਦਾ ਮੰਨਣਾ ਸੀ ਕਿ ਲੰਬੇ ਅਤੇ ਖ਼ੂਨੀ ਗੁਰਦੁਆਰਾ ਸੁਧਾਰ ਸੰਘਰਸ਼ ਨਾਲ ਭਾਵੇਂ ਮਹੰਤਸ਼ਾਹੀ ਦਾ ਅੰਤ ਹੋ ਗਿਆ ਸੀ, ਪਰ ਇਸ ਐਕਟ ਰਾਹੀਂ ਸਰਕਾਰ ਅਸਿੱਧੇ ਤੌਰ 'ਤੇ ਗੁਰਦੁਆਰਾ ਪ੍ਰਬੰਧ 'ਤੇ ਆਪਣਾ ਪ੍ਰਭਾਵ ਕਾਇਮ ਰੱਖਣਾ ਚਾਹੁੰਦੀ ਸੀ। ਇਸੇ ਦੌਰਾਨ 17 ਜੁਲਾਈ 1926 ਨੂੰ ਲਾਹੌਰ ਜੇਲ੍ਹ ਵਿੱਚ ਸਰਦਾਰ ਤੇਜਾ ਸਿੰਘ ਸਮੁੰਦਰੀ ਦੀ ਰਹੱਸਮਈ ਹਾਲਾਤਾਂ ਵਿੱਚ ਸ਼ਹਾਦਤ ਹੋ ਗਈ। ਬਾਬਾ ਖੜਕ ਸਿੰਘ ਅਤੇ ਸੇਵਾ ਸਿੰਘ ਠੀਕਰੀਵਾਲਾ ਤੋਂ ਇਲਾਵਾ ਬਾਕੀ ਆਗੂ ਸਤੰਬਰ 1926 ਵਿੱਚ ਰਿਹਾ ਕਰ ਦਿੱਤੇ ਗਏ। ਗੁਰਦੁਆਰਾ ਐਕਟ ਲਾਗੂ ਹੋਣ ਮਗਰੋਂ 1926 ਵਿੱਚ ਹੋਈਆਂ ਪਹਿਲੀਆਂ ਚੋਣਾਂ ਵਿੱਚ ਸ. ਸਮੁੰਦਰੀ ਦੀ ਪੰਥ-ਪ੍ਰਸਤ ਧਿਰ ਦੀ ਜਿੱਤ ਨੂੰ ਪੰਥ ਵੱਲੋਂ ਉਨ੍ਹਾਂ ਦੀ ਸ਼ਹਾਦਤ ਪ੍ਰਤੀ ਸੱਚੀ ਸ਼ਰਧਾਂਜਲੀ ਮੰਨਿਆ ਗਿਆ। ਜਦਕਿ ਬ੍ਰਿਟਿਸ਼ ਸਰਕਾਰ ਦੀਆਂ ਗੁਪਤ ਰਿਪੋਰਟਾਂ ਨੇ ਮੰਨਿਆ ਕਿ ਉਨ੍ਹਾਂ ਦੀ ਮੌਤ ਭਵਿੱਖ ਦੇ ਕ੍ਰਾਂਤੀਕਾਰੀਆਂ ਨੂੰ ਪ੍ਰੇਰਿਤ ਕਰੇਗੀ। ਸਰਦਾਰ ਸਮੁੰਦਰੀ ਦੀ ਅਗਵਾਈ ਨੇ ਸਿੱਖਾਂ ਬਾਰੇ ਬਸਤੀਵਾਦੀ ਧਾਰਨਾ ਨੂੰ ਬਦਲ ਦਿੱਤਾ। ਗੁਰਦੁਆਰਾ ਸੁਧਾਰ ਲਹਿਰ ਨੇ ਸਾਬਤ ਕੀਤਾ ਕਿ ਸਿੱਖ ਸ਼ਾਂਤਮਈ, ਅਨੁਸ਼ਾਸਿਤ ਅਤੇ ਅਹਿੰਸਕ ਸੰਘਰਸ਼ ਰਾਹੀਂ ਵੀ ਅਨਿਆਂ ਨੂੰ ਮਾਤ ਦੇ ਸਕਦੇ ਹਨ। ਇਤਿਹਾਸਕ ਗੁਰਦੁਆਰਿਆਂ ਦੀ ਆਜ਼ਾਦੀ ਮਗਰੋਂ ਮਹਾਤਮਾ ਗਾਂਧੀ ਨੇ ਇਸ ਨੂੰ "ਆਜ਼ਾਦੀ ਦੀ ਪਹਿਲੀ ਲੜਾਈ ਦੀ ਜਿੱਤ" ਕਿਹਾ ਸੀ। ਸਰਦਾਰ ਸਮੁੰਦਰੀ ਨੇ ਅਕਾਲੀ ਲਹਿਰ ਦੇ ਨਾਲ-ਨਾਲ ਕਾਂਗਰਸ ਰਾਹੀਂ ਭਾਰਤ ਦੀ ਆਜ਼ਾਦੀ ਦੀ ਲਹਿਰ ਵਿੱਚ ਵੀ ਸਰਗਰਮ ਭੂਮਿਕਾ ਨਿਭਾਈ। ਉਨ੍ਹਾਂ ਨੇ ਸਮੁੰਦਰੀ ਵਿਖੇ ਕਾਂਗਰਸ ਦਾ ਵਿਸ਼ਾਲ ਜਲਸਾ ਕਰਵਾਇਆ ਅਤੇ ਸੁਤੰਤਰਤਾ ਅੰਦੋਲਨ ਵਿੱਚ ਵੀ ਆਪਣਾ ਮਹੱਤਵਪੂਰਨ ਯੋਗਦਾਨ ਪਾਇਆ। ਸਿੱਖਿਆ ਦੇ ਖੇਤਰ ਵਿੱਚ ਵੀ ਉਨ੍ਹਾਂ ਦਾ ਯੋਗਦਾਨ ਅਸਾਧਾਰਣ ਰਿਹਾ। ਉਨ੍ਹਾਂ ਨੇ ਲਾਇਲਪੁਰ ਖ਼ਾਲਸਾ ਹਾਈ ਸਕੂਲ, ਬਾਰ ਖ਼ਾਲਸਾ ਹਾਈ ਸਕੂਲ, ਸਮੁੰਦਰੀ ਖ਼ਾਲਸਾ ਮਿਡਲ ਸਕੂਲ ਅਤੇ ਸਰਹਾਲੀ ਦੇ ਗੁਰੂ ਗੋਬਿੰਦ ਸਿੰਘ ਹਾਈ ਸਕੂਲ ਦੀ ਸਥਾਪਨਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਸਰਦਾਰ ਤੇਜਾ ਸਿੰਘ ਸਮੁੰਦਰੀ ਦਾ ਸੁਭਾਅ ਬੇਹੱਦ ਮਿਲਾਪੜਾ, ਨਿਮਰ ਅਤੇ ਉਦਾਰ ਸੀ। ਉਹ ਸਮਾਜਿਕ ਬਰਾਬਰੀ ਦੇ ਪ੍ਰਬਲ ਹਮਾਇਤੀ ਸਨ। ਇਕ ਵਾਰ ਰਵਿਦਾਸੀਆ ਸਿੱਖ ਹਰਦਿਆਲ ਸਿੰਘ ਨੂੰ ਸਾਂਝੇ ਖੂਹ ਤੋਂ ਪਾਣੀ ਭਰਨ ਤੋਂ ਰੋਕਣ ਦੀ ਘਟਨਾ ਵਿੱਚ ਉਨ੍ਹਾਂ ਨੇ ਖ਼ੁਦ ਉਸ ਦੇ ਹੱਥੋਂ ਪਾਣੀ ਪੀ ਕੇ ਜਾਤ-ਪਾਤ ਦੇ ਭੇਦ ਨੂੰ ਵਿਵਹਾਰਕ ਤੌਰ 'ਤੇ ਚੁਣੌਤੀ ਦਿੱਤੀ ਅਤੇ ਗੁਰਮਤਿ ਅਨੁਸਾਰ ਸਮਾਨਤਾ ਦਾ ਸੰਦੇਸ਼ ਦਿੱਤਾ। ਅੱਜ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵਿੱਚ ਸਥਿਤ "ਤੇਜਾ ਸਿੰਘ ਸਮੁੰਦਰੀ ਹਾਲ" ਕੇਵਲ ਇੱਕ ਇਮਾਰਤ ਨਹੀਂ, ਸਗੋਂ ਇੱਕ ਯੁੱਗ ਦੀ ਯਾਦਗਾਰ ਹੈ। ਇਹ ਨਵੀਂ ਪੀੜ੍ਹੀ ਨੂੰ ਯਾਦ ਦਿਵਾਉਂਦਾ ਹੈ ਕਿ ਪੰਥ, ਦੇਸ਼, ਲੋਕਤੰਤਰ, ਸਮਾਜਿਕ ਸਮਾਨਤਾ ਅਤੇ ਸਿੱਖਿਆ ਲਈ ਆਪਣਾ ਸਭ ਕੁਝ ਨਿਛਾਵਰ ਕਰਨ ਵਾਲੇ ਸਰਦਾਰ ਤੇਜਾ ਸਿੰਘ ਸਮੁੰਦਰੀ ਵਰਗੇ ਮਹਾਨ ਸ਼ਹੀਦ ਹੀ ਕੌਮਾਂ ਦੀ ਅਸਲ ਪੂੰਜੀ ਹੁੰਦੇ ਹਨ। ਉਨ੍ਹਾਂ ਦੀ ਸ਼ਤਾਬਦੀ ਬਰਸੀ 'ਤੇ ਜੇ ਅਸੀਂ ਉਨ੍ਹਾਂ ਦੇ ਜੀਵਨ-ਮੰਤਰ "ਮੈਂ ਮਰਾਂ, ਪੰਥ ਜੀਵੇ" ਨੂੰ ਆਪਣੇ ਜੀਵਨ ਅਤੇ ਕੌਮੀ ਚੇਤਨਾ ਦਾ ਆਧਾਰ ਬਣਾ ਲਈਏ, ਤਾਂ ਇਹੀ ਉਨ੍ਹਾਂ ਲਈ ਸੱਚੀ ਸ਼ਰਧਾਂਜਲੀ ਹੋਵੇਗੀ।



**-ਪ੍ਰੋ. ਸਰਚਾਂਦ ਸਿੰਘ ਖਿਆਲਾ, ਬੁਲਾਰਾ, ਪੰਜਾਬ ਭਾਜਪਾ**
ਮੋ. 97813-55522

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੱਕ ਨਜ਼ਰ ...

## 24 ਸਾਲਾ ਕਿਰਨਦੀਪ ਕੌਰ ਦੀ ਮਦਦ ਲਈ ਸਾਊਥਾਲ ਗੁਰਦੁਆਰਾ ਸਾਹਿਬ ਵੱਲੋਂ ਫੰਡਰੇਜ਼ਰ ਸ਼ੁਰੂ

### ਸਰਕਾਰ ਨੂੰ ਜਵਾਬਦੇਹੀ ਲਈ ਭਲਕੇ ਐਮਰਜੈਂਸੀ ਜਨਤਕ ਮੀਟਿੰਗ ਸੱਦੀ



ਲੰਡਨ/ਸਾਊਥਾਲ, 16 ਜੁਲਾਈ ( ਸਰਬਜੀਤ ਸਿੰਘ ਬਨੂੜ)- ਹੇਜ਼ ਵਿੱਚ ਚਾਕੂ ਹਮਲੇ ਦੌਰਾਨ ਮਾਰੀ ਗਈ 24 ਸਾਲਾ ਪੰਜਾਬਣ ਵਿਦਿਆਰਥਣ ਕਿਰਨਦੀਪ ਕੌਰ ਦੇ ਪਰਿਵਾਰ ਦੀ ਸਹਾਇਤਾ ਲਈ ਯੂਰਪ ਦੇ ਸਭ ਤੋਂ ਵੱਡੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਨੇ ਵਿਸ਼ੇਸ਼ ਫੰਡਰੇਜ਼ਰ ਸ਼ੁਰੂ ਕੀਤਾ ਹੈ। ਗੁਰਦੁਆਰਾ ਪ੍ਰਬੰਧਕਾਂ ਨੇ ਸੰਗਤ ਅਤੇ ਸਮੁੱਚੀ ਕਮਿਊਨਿਟੀ ਨੂੰ ਖੁੱਲ੍ਹੇ ਦਿਲ ਨਾਲ ਯੋਗਦਾਨ ਪਾਉਣ ਦੀ ਅਪੀਲ ਕੀਤੀ ਹੈ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸ ਗੁਰਮੇਲ ਸਿੰਘ ਮੱਲ੍ਹੀ ਨੇ ਕਿਹਾ ਕਿ ਕਿਰਨਦੀਪ ਕੌਰ ਪੰਜਾਬ ਤੋਂ ਉੱਚ ਸਿੱਖਿਆ ਅਤੇ ਆਪਣੇ ਪਰਿਵਾਰ ਦੇ ਬਿਹਤਰ ਭਵਿੱਖ ਦੇ ਸੁਪਨੇ ਨਾਲ ਬਰਤਾਨੀਆ ਆਈ ਸੀ ਪਰ ਹੇਜ਼ ਵਿੱਚ ਹੋਏ ਕਥਿਤ ਤੌਰ 'ਤੇ ਬਿਨਾਂ ਕਿਸੇ ਉਕਸਾਵੇ ਦੇ ਹਮਲੇ ਵਿੱਚ ਉਸ ਦੀ ਮੌਤ ਹੋ ਗਈ। ਇਸ ਮਾਮਲੇ ਵਿੱਚ ਇੱਕ ਵਿਅਕਤੀ 'ਤੇ ਕਤਲ ਦਾ ਦੋਸ਼ ਆਇਦ ਕੀਤਾ ਗਿਆ ਹੈ ਅਤੇ ਅਦਾਲਤੀ ਕਾਰਵਾਈ ਜਾਰੀ ਹੈ। ਗੁਰਦੁਆਰਾ ਪ੍ਰਬੰਧਕਾਂ ਨੇ ਦੱਸਿਆ ਕਿ ਇਕੱਠੀ ਕੀਤੀ ਜਾਣ ਵਾਲੀ ਰਕਮ ਕਿਰਨਦੀਪ ਕੌਰ ਦੇ ਅੰਤਿਮ ਸੰਸਕਾਰ, ਮ੍ਰਿਤਕ ਦੇਹ ਨੂੰ ਪੰਜਾਬ ਭੇਜਣ, ਪਰਿਵਾਰ 'ਤੇ ਚੜ੍ਹੇ ਕਰਜ਼ੇ ਦਾ ਬੋਝ ਘਟਾਉਣ ਅਤੇ ਉਸ ਦੇ ਚਾਰ ਮਹੀਨੇ ਦੇ ਮਾਸੂਮ ਬੱਚੇ ਦੀ ਪਰਵਰਿਸ਼ ਲਈ ਵਰਤੀ ਜਾਵੇਗੀ। ਇਸ ਦੇ ਨਾਲ ਹੀ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਵੱਲੋਂ ਭਲਕੇ ਸ਼ਾਮ 7 ਵਜੇ ਐਮਰਜੈਂਸੀ ਜਨਤਕ ਮੀਟਿੰਗ ਵੀ ਸੱਦੀ ਗਈ ਹੈ, ਜਿਸ ਵਿੱਚ ਕਮਿਊਨਿਟੀ ਦੀ ਸੁਰੱਖਿਆ, ਇਨਸਾਫ਼ ਅਤੇ ਭਵਿੱਖ ਦੀ ਰਣਨੀਤੀ 'ਤੇ ਵਿਚਾਰ ਕੀਤਾ ਜਾਵੇਗਾ। ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਮੀਟਿੰਗ ਤੋਂ ਬਾਅਦ ਮੈਟਰੋਪੋਲਿਟਨ ਪੁਲਸ , ਬਰਤਾਨਵੀ ਸਰਕਾਰ, ਸਥਾਨਕ ਸੰਸਦ ਮੈਂਬਰਾਂ ਅਤੇ ਹੋਰ ਸੰਬੰਧਿਤ ਸਰਕਾਰੀ ਅਧਿਕਾਰੀਆਂ ਨਾਲ ਮਾਮਲਾ ਪ੍ਰਭਾਵਸ਼ਾਲੀ ਢੰਗ ਨਾਲ ਉਠਾਇਆ ਜਾਵੇਗਾ ਤਾਂ ਜੋ ਕਮਿਊਨਿਟੀ ਦੀਆਂ ਸੁਰੱਖਿਆ ਸੰਬੰਧੀ ਚਿੰਤਾਵਾਂ ਅਤੇ ਇਨਸਾਫ਼ ਦੀ ਮੰਗ ਨੂੰ ਉੱਚ ਪੱਧਰ ਤੱਕ ਪਹੁੰਚਾਇਆ ਜਾ ਸਕੇ।

## ਪੰਜਾਬ ਦੇ ਪਾਣੀਆਂ ਦੀ ਲੁੱਟ ਅਤੇ ਕੇਂਦਰੀ ਕੰਟਰੋਲ ਖ਼ਿਲਾਫ਼ ਸਾਰੀਆਂ ਸਿਆਸੀ ਪਾਰਟੀਆਂ ਇੱਕਜੁੱਟ ਹੋ ਕੇ ਆਵਾਜ਼ ਕਰਨ ਬੁਲੰਦ: ਪੀਰ ਮੁਹੰਮਦ

### ਪੰਜਾਬ ਦੇ ਪਾਣੀ 'ਤੇ ਪੰਜਾਬ ਦਾ ਹੱਕ, ਲੁੱਟ ਦਾ ਹਿਸਾਬ ਦੇਣ ਲੱਗਿਆਂ ਦਿਨ ਤੋਂ ਰਾਤ ਪੈ ਜਾਵੇਗੀ



ਨਵੀਂ ਦਿੱਲੀ, 16 ਜੁਲਾਈ (ਆਵਾਜ਼ਿ ਕੌਮ ਬਿਊਰੋ): ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਮੁੱਖ ਬੁਲਾਰੇ ਸ. ਕਰਨੈਲ ਸਿੰਘ ਪੀਰ ਮੁਹੰਮਦ ਨੇ ਪੰਜਾਬ ਦੇ ਪਾਣੀਆਂ ਦੇ ਗੰਭੀਰ ਮੁੱਦੇ 'ਤੇ ਤਿੱਖਾ ਪ੍ਰਤੀਕਰਮ ਪ੍ਰਗਟ ਕਰਦਿਆਂ ਕਿਹਾ ਹੈ ਕਿ ਜਦੋਂ ਵੀ ਪੰਜਾਬ ਦੇ ਪਾਣੀਆਂ ਦੀ ਗੱਲ ਹੁੰਦੀ ਹੈ, ਤਾਂ ਸਾਡੇ ਸਾਹਮਣੇ ਉਹ ਲੁੱਟ ਆਉਂਦੀ ਹੈ ਜੋ ਪਿਛਲੇ ਲੰਮੇ ਸਮੇਂ ਤੋਂ ਪੰਜਾਬ ਨਾਲ ਹੁੰਦੀ ਆ ਰਹੀ ਹੈ। ਉਨ੍ਹਾਂ ਕਿਹਾ ਕਿ ਜਿਸ ਕਦਰ ਪੰਜਾਬ ਦੇ ਪਾਣੀਆਂ ਦੀ ਲੁੱਟ ਕੀਤੀ ਗਈ ਹੈ, ਜੇਕਰ ਉਸ ਦਾ ਵੇਰਵਾ ਦੇਣ ਲੱਗੀਏ ਤਾਂ ਦਿਨ ਤੋਂ ਸ਼ੁਰੂ ਕਰਕੇ ਰਾਤ ਪੈ ਜਾਵੇਗੀ, ਪਰ ਇਹ ਲੁੱਟ ਦੀ ਦਾਸਤਾਨ ਖ਼ਤਮ ਨਹੀਂ ਹੋਵੇਗੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦੇ ਪਾਣੀ 'ਤੇ ਸਿਰਫ਼ ਪੰਜਾਬ ਦਾ ਹੱਕ ਹੈ। ਭਾਖੜਾ ਬਿਆਸ ਮੈਨੇਜਮੈਂਟ ਬੋਰਡ (22$2) ਵਰਗੇ ਅਦਾਰਿਆਂ ਦਾ ਪੂਰਾ ਕੰਟਰੋਲ ਕੇਂਦਰ ਸਰਕਾਰ ਨੇ ਆਪਣੇ ਹੱਥਾਂ ਵਿੱਚ ਲੈ ਲਿਆ ਹੈ, ਜੋ ਕਿ ਸੂਬੇ ਦੇ ਅਧਿਕਾਰਾਂ 'ਤੇ ਸਿੱਧਾ ਡਾਕਾ ਹੈ। ਦੂਜੇ ਪਾਸੇ ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਵੱਲੋਂ ਬੀ.ਬੀ.ਐੱਮ.ਬੀ. ਦੇ ਪਾਣੀਆਂ ਬਾਰੇ ਦਿੱਤੇ ਜਾ ਰਹੇ ਬਿਆਨ ਅਤੇ 'ਪਾਣੀ ਚਾਹੀਦਾ ਹੈ ਤਾਂ ਪੈਸਾ ਦਿਓ' ਵਰਗੀਆਂ ਸ਼ਰਤਾਂ ਇਸ ਮੁੱਦੇ 'ਤੇ ਨਵੀਂ ਸਿਆਸਤ ਗਰਮਾ ਰਹੀਆਂ ਹਨ। ਸ. ਪੀਰ ਮੁਹੰਮਦ ਨੇ ਮੌਜੂਦਾ ਸਿਆਸੀ ਹਾਲਾਤ 'ਤੇ ਤਨਜ਼ ਕਸਦਿਆਂ ਕਿਹਾ ਕਿ ਅੱਜ ਪੰਜਾਬ 'ਚ ਸਾਰੀਆਂ ਹੀ ਰਾਜਨੀਤਿਕ ਪਾਰਟੀਆਂ- ਚਾਹੇ ਉਹ ਮੌਜੂਦਾ ਸੱਤਾਧਾਰੀ ਆਮ ਆਦਮੀ ਪਾਰਟੀ ਹੋਵੇ, ਕਾਂਗਰਸ ਹੋਵੇ, ਸ਼੍ਰੋਮਣੀ ਅਕਾਲੀ ਦਲ ਹੋਵੇ ਜਾਂ ਭਾਰਤੀ ਜਨਤਾ ਪਾਰਟੀ ਦੀ ਪੰਜਾਬ ਇਕਾਈ ਹੋਵੇ, ਸਾਰੀਆਂ ਇਹੋ ਦਾਅਵਾ ਕਰਦੀਆਂ ਹਨ ਕਿ ਪੰਜਾਬ ਦੇ ਪਾਣੀ ਦੀ ਇੱਕ ਬੂੰਦ ਵੀ ਦੂਜੇ ਰਾਜਾਂ ਨੂੰ ਨਹੀਂ ਜਾਣ ਦਿੱਤੀ ਜਾਵੇਗੀ, ਪਰ ਹਕੀਕਤ ਬਿਲਕੁਲ ਇਸ ਦੇ ਉਲਟ ਹੈ। ਪੰਜਾਬ ਦਾ ਪਾਣੀ ਪਹਿਲਾਂ ਹੀ ਰਾਜਸਥਾਨ, ਹਰਿਆਣਾ ਤੇ ਦਿੱਲੀ ਨੂੰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੇ ਹਿੱਤਾਂ ਦੀ ਰਾਖੀ ਦੇ ਨਾਂ 'ਤੇ ਸਿਰਫ਼ 'ਮਗਰਮੱਛ ਦੇ ਹੰਝੂ' ਕੇਰੇ ਜਾ ਰਹੇ ਹਨ। ਜੇਕਰ ਸਾਰੀਆਂ ਪਾਰਟੀਆਂ ਸੱਚਮੁੱਚ ਪੰਜਾਬ ਹਿਤੈਸ਼ੀ ਹਨ, ਤਾਂ ਉਨ੍ਹਾਂ ਨੂੰ ਸਿਆਸੀ ਰੋਟੀਆਂ ਸੇਕਣ ਦੀ ਬਜਾਏ ਕੇਂਦਰ ਦੇ ਕੰਟਰੋਲ ਅਤੇ ਗੁਆਂਢੀ ਸੂਬਿਆਂ ਦੇ ਨਾਜਾਇਜ਼ ਦਾਅਵਿਆਂ ਖ਼ਿਲਾਫ਼ ਇੱਕਮੁੱਠ ਹੋ ਕੇ ਪੰਜਾਬ ਦੇ ਹੱਕਾਂ ਦੀ ਠੋਸ ਲੜਾਈ ਲੜਨੀ ਚਾਹੀਦੀ ਹੈ। ਪੰਜਾਬ ਦੇ ਕੁਦਰਤੀ ਸਰੋਤਾਂ ਦੀ ਹੁੰਦੀ ਆ ਰਹੀ ਇਸ ਬੇਇਨਸਾਫ਼ੀ ਨੂੰ ਹੁਣ ਹੋਰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

## ਬੀਬੀ ਜਸਵਿੰਦਰ ਕੌਰ ਮਲੋਆ ਦੇ ਅਕਾਲ ਚਲਾਣੇ 'ਤੇ ਸਿਮਰਨਜੀਤ ਸਿੰਘ ਮਾਨ ਤੇ ਪਾਰਟੀ ਆਗੂਆ ਨੇ ਦੁੱਖ ਪ੍ਰਗਟਾਇਆ

ਨਵੀਂ ਦਿੱਲੀ, 16 ਜੁਲਾਈ (ਆਵਾਜ਼ਿ ਕੌਮ ਬਿਊਰੋ): ਬੀਬੀ ਜਸਵਿੰਦਰ ਕੌਰ ਮਲੋਆ ਜੋ ਕਿ ਸਾਡੀ ਪਾਰਟੀ ਦੇ ਰੋਪੜ੍ਹ ਜ਼ਿਲ੍ਹੇ ਦੇ ਸੀਨੀਅਰ ਆਗੂ ਆਰਕੀਟੈਕਚਰ ਸ. ਪਰਮਿੰਦਰ ਸਿੰਘ ਮਲੋਆ ਜੋ ਕਿ ਚਮਕੌਰ ਸਾਹਿਬ ਵਿਧਾਨ ਸਭਾ ਹਲਕੇ ਦੇ ਹਲਕਾ ਇੰਚਾਰਜ ਵੀ ਹਨ, ਉਨ੍ਹਾਂ ਦੇ ਸੁਪੱਤਨੀ ਦੇ ਹੋਏ ਅਚਾਨਕ ਅਕਾਲ ਚਲਾਣੇ 'ਤੇ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਪਾਰਟੀ ਦੀ ਸਮੁੱਚੀ ਲੀਡਰਸਿਪ ਨੇ ਸ. ਪਰਮਿੰਦਰ ਸਿੰਘ ਮਲੋਆ ਨਾਲ ਹਮਦਰਦੀ ਪ੍ਰਗਟ ਕਰਦੇ ਹੋਏ ਜਿੱਥੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ, ਉੱਥੇ ਵਿਛੜੀ ਪਵਿੱਤਰ ਨੇਕ ਆਤਮਾ ਦੀ ਸ਼ਾਂਤੀ ਲਈ ਉਸ ਅਕਾਲ ਪੁਰਖ ਦੇ ਚਰਨਾਂ ਵਿੱਚ ਸਮੂਹਿਕ ਰੂਪ 'ਚ ਅਰਦਾਸ ਕਰਨ ਦੇ ਨਾਲ-ਨਾਲ ਪਰਿਵਾਰ ਦੇ ਮੈਂਬਰਾਂ, ਸੰਬੰਧੀਆਂ ਨੂੰ ਭਾਣੇ 'ਚ ਵਿਚਰਣ ਦੀ ਸ਼ਕਤੀ ਦੀ ਬਖਸ਼ਿਸ਼ ਕਰਨ ਦੀ ਅਰਜੋਈ ਵੀ ਕੀਤੀ ਗਈ । ਇਸ ਦੁੱਖ ਦਾ ਪ੍ਰਗਟਾਵਾ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ), ਇਮਾਨ ਸਿੰਘ ਮਾਨ ਕਾਰਜਕਾਰੀ ਪ੍ਰਧਾਨ, ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ, ਮਾਸਟਰ ਕਰਨੈਲ ਸਿੰਘ ਨਾਰੀਕੇ, ਪ੍ਰੋ. ਮਹਿੰਦਰਪਾਲ ਸਿੰਘ, ਕੁਸਲਪਾਲ ਸਿੰਘ ਮਾਨ, ਕੁਲਦੀਪ ਸਿੰਘ ਭਾਗੋਵਾਲ, ਹਰਪਾਲ ਸਿੰਘ ਬਲੇਰ, ਅੰਮ੍ਰਿਤਪਾਲ ਸਿੰਘ ਛੰਦੜਾ, ਗੁਰਜੰਟ ਸਿੰਘ ਕੱਟੂ, ਡਾ. ਹਰਜਿੰਦਰ ਸਿੰਘ ਜੱਖੂ, ਅਵਤਾਰ ਸਿੰਘ ਖੱਖ, ਰਣਜੀਤ ਸਿੰਘ ਸੰਤੋਖਗੜ੍ਹ, ਬੀਬੀ ਤੇਜ ਕੌਰ, ਹਰਜੀਤ ਸਿੰਘ ਚਤਾਮਲਾ, ਗੁਰਪ੍ਰੀਤ ਸਿੰਘ ਮੜੌਲੀ, ਬਲਕਾਰ ਸਿੰਘ ਭੁੱਲਰ, ਗੋਪਾਲ ਸਿੰਘ ਝਾੜੋ, ਦਲਜੀਤ ਸਿੰਘ ਕੁੰਭੜਾ, ਸਰਬਜੀਤ ਸਿੰਘ ਭਾਟੀਆ ਆਦਿ ਆਗੂਆਂ ਨੇ ਪਰਿਵਾਰ ਨਾਲ ਵਿਛੜੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕਰਦੇ ਹੋਏ ਕੀਤਾ ।

# ਜਥੇਦਾਰ ਕਾਉਂਕੇ ਦੀ ਲਾਵਾਰਿਸ ਸ਼ਹਾਦਤ: ਕੀ ਸਿੱਖ ਕੌਮ ਹੁਣ ਸਿਰਫ਼ ਫ਼ਿਲਮੀ ਪਰਦੇ ਦੇ ਸਹਾਰੇ ਹੀ ਜਾਗੇਗੀ ?

**ਜਸਵੰਤ ਸਿੰਘ ਖਾਲੜਾ ਲਈ ਉੱਠਿਆ ਪੰਜਾਬ ਸਲਾਹੁਣਯੋਗ, ਪਰ ਸਵਾਲ ਹੈ ਕੀ ਬਿਨਾਂ ਫ਼ਿਲਮਾਂ ਤੋਂ ਅਸੀਂ ਆਪਣੇ ਜਰਨੈਲਾਂ ਨੂੰ ਇਨਸਾਫ਼ ਵੀ ਨਹੀਂ ਦਿਵਾ ਸਕਦੇ ?**

**28 ਸਾਲਾਂ ਦਾ ਲੰਮਾ ਇੰਤਜ਼ਾਰ ਅਤੇ ਆਪਣਿਆਂ ਦੀ ਬੇਰੁਖ਼ੀ ਜਥੇਦਾਰ ਗੁਰਦੇਵ ਸਿੰਘ ਕਾਉਂਕੇ ਦੀ ਸ਼ਹਾਦਤ ਦੇ ਸਨਮਾਨ ਨੂੰ ਲੱਭਦੀਆਂ ਸਿੱਖ ਸੰਗਤਾਂ ਦੀਆਂ ਅੱਖਾਂ !**



ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਭਾਈ ਗੁਰਦੇਵ ਸਿੰਘ ਕਾਉਂਕੇ ਦੀ ਸ਼ਹਾਦਤ ਸਿੱਖ ਇਤਿਹਾਸ ਦੇ ਸਭ ਤੋਂ ਕਾਲੇ ਪੰਨਿਆਂ ਵਿੱਚੋਂ ਇੱਕ ਹੈ। ਉਹ ਇੱਕ ਅਜਿਹੇ ਉੱਚੇ-ਸੁੱਚੇ ਜੀਵਨ ਵਾਲੇ ਗੁਰਮੁਖ ਸਨ, ਜਿਨ੍ਹਾਂ ਨੇ ਜਬਰ ਅੱਗੇ ਕਦੇ ਸਿਰ ਨਹੀਂ ਝੁਕਾਇਆ। 25 ਦਸੰਬਰ 1995 ਨੂੰ ਜਥੇਦਾਰ ਕਾਉਂਕੇ ਨੂੰ ਪੁਲਿਸ ਵੱਲੋਂ ਉਨ੍ਹਾਂ ਦੇ ਘਰੋਂ ਜ਼ਬਰਦਸਤੀ ਚੁੱਕਿਆ ਗਿਆ। ਉਨ੍ਹਾਂ ਨੂੰ ਜਗਰਾਉਂ ਦੇ ਥਾਣੇ ਵਿੱਚ ਬੰਦ ਕਰਕੇ ਅਣਮਨੁੱਖੀ ਤਸ਼ੱਦਦ ਦਾ ਨਿਸ਼ਾਨਾ ਬਣਾਇਆ ਗਿਆ। ਉਸ ਸਮੇਂ ਦੇ ਪੁਲਿਸ ਅਧਿਕਾਰੀਆਂ ਵੱਲੋਂ ਉਨ੍ਹਾਂ 'ਤੇ ਅੰਨ੍ਹਾ ਤਸ਼ੱਦਦ ਢਾਹਿਆ ਗਿਆ, ਜਿਸ ਨਾਲ ਉਨ੍ਹਾਂ ਦੇ ਸਰੀਰ ਦੀਆਂ ਹੱਡੀਆਂ ਤੱਕ ਤੋੜ ਦਿੱਤੀਆਂ ਗਈਆਂ। 1 ਜਨਵਰੀ 1996 ਦੇ ਆਸ-ਪਾਸ, ਪੁਲਿਸ ਹਿਰਾਸਤ ਦੌਰਾਨ ਹੀ ਅਤਿ ਦੇ ਤਸ਼ੱਦਦ ਕਾਰਨ ਜਥੇਦਾਰ ਕਾਉਂਕੇ ਸ਼ਹੀਦ ਹੋ ਗਏ। ਪੁਲਿਸ ਨੇ ਉਨ੍ਹਾਂ ਦੀ ਮ੍ਰਿਤਕ ਦੇਹ ਨੂੰ ਵੀ ਪਰਿਵਾਰ ਨੂੰ ਨਹੀਂ ਸੌਂਪਿਆ ਅਤੇ ਨਾ ਹੀ ਉਨ੍ਹਾਂ ਦਾ ਸਸਕਾਰ ਸਿੱਖ ਮਰਿਆਦਾ ਅਨੁਸਾਰ ਹੋਣ ਦਿੱਤਾ। ਜ਼ਿੰਮੇਵਾਰ ਦੋਸ਼ੀ ਕੌਣ ? ਇਸ ਘਿਨਾਉਣੇ ਕਾਰੇ ਪਿੱਛੇ ਮੁੱਖ ਤੌਰ 'ਤੇ ਉਸ ਵੇਲੇ ਦੇ ਜਗਰਾਉਂ ਦੇ ਡੀ.ਐਸ.ਪੀ. ਹਰਭਗਵਾਨ ਸਿੰਘ ਅਤੇ ਹੋਰ ਪੁਲਿਸ ਮੁਲਾਜ਼ਮ ਸਿੱਧੇ ਤੌਰ 'ਤੇ ਜ਼ਿੰਮੇਵਾਰ ਸਨ। ਭਾਵੇਂ ਕਿ ਪੰਜਾਬ ਮਨੁੱਖੀ ਅਧਿਕਾਰ ਸੰਗਠਨ ਦੇ ਆਗੂਆਂ ਅਤੇ ਬਾਅਦ ਵਿੱਚ ਏ.ਡੀ.ਜੀ.ਪੀ. ਬੀ.ਪੀ. ਤਿਵਾੜੀ ਦੀ ਜਾਂਚ ਰਿਪੋਰਟ ਵਿੱਚ ਵੀ ਪੁਲਿਸ ਦੀ ਇਸ ਕਰਤੂਤ ਦਾ ਪਰਦਾਫ਼ਾਸ਼ ਕੀਤਾ ਗਿਆ, ਪਰ ਸਰਕਾਰਾਂ ਅਤੇ ਕਾਨੂੰਨੀ ਨਿਜ਼ਾਮ ਨੇ ਕਦੇ ਵੀ ਇਨ੍ਹਾਂ ਦੋਸ਼ੀਆਂ ਨੂੰ ਸਲਾਖਾਂ ਪਿੱਛੇ ਨਹੀਂ ਭੇਜਿਆ। ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੀ ਸ਼ਹਾਦਤ 'ਤੇ ਬਣੀ ਫ਼ਿਲਮ ਦੇਖ ਕੇ ਜਿਸ ਤਰ੍ਹਾਂ ਪੂਰਾ ਪੰਜਾਬ ਅਤੇ ਸਿੱਖ ਕੌਮ ਇੱਕਜੁੱਟ ਹੋਈ, ਉਹ ਬੇਹੱਦ ਖ਼ੁਸ਼ੀ ਅਤੇ ਤਸੱਲੀ ਵਾਲੀ ਗੱਲ ਹੈ । ਇਸ ਨਾਲ ਨਵੀਂ ਪੀੜ੍ਹੀ ਤੱਕ ਸੱਚ ਪਹੁੰਚਿਆ ਅਤੇ ਕੌਮ ਵਿੱਚ ਇੱਕ ਨਵਾਂ ਉਬਾਲ ਆਇਆ। ਪਰ ਇਸ ਤਸਵੀਰ ਦਾ ਦੂਜਾ ਪਹਿਲੂ ਬੇਹੱਦ ਚਿੰਤਾਜਨਕ ਅਤੇ ਸ਼ਰਮਨਾਕ ਹੈ। ਕੀ ਸਾਡੀ ਕੌਮੀ ਚੇਤਨਾ ਇੰਨੀ ਕਮਜ਼ੋਰ ਹੋ ਚੁੱਕੀ ਹੈ ਕਿ ਸਾਨੂੰ ਆਪਣੇ ਸ਼ਹੀਦਾਂ ਦੀ ਯਾਦ ਦਿਵਾਉਣ ਲਈ ਵੀ ਕਿਸੇ ਫ਼ਿਲਮ ਦੀ ਲੋੜ ਹੈ ? ਕੀ ਫ਼ਿਲਮ ਬਣਨ ਤੋਂ ਬਿਨਾਂ ਅਸੀਂ ਅੱਖਾਂ ਮੀਟ ਕੇ ਬੈਠੇ ਰਹਾਂਗੇ ? ਜੇਕਰ ਫ਼ਿਲਮ ਆਵੇਗੀ, ਤਾਂ ਹੀ ਸ਼ਹੀਦ ਯਾਦ ਆਉਣਗੇ ? ਜੇਕਰ ਫ਼ਿਲਮ ਬਣੇਗੀ, ਤਾਂ ਹੀ ਅਰਦਾਸਾਂ ਹੋਣਗੀਆਂ ਅਤੇ ਇਨਸਾਫ਼ ਦੀ ਮੰਗ ਉੱਠੇਗੀ ? ਜੇ ਸਿਰਫ਼ ਫ਼ਿਲਮਾਂ ਨਾਲ ਹੀ ਉੱਠਣਾ ਹੈ, ਤਾਂ ਫਿਰ ਜਥੇਦਾਰ ਕਾਉਂਕੇ ਵਰਗੇ ਅਣਗਿਣਤ ਜਰਨੈਲ, ਜਿਨ੍ਹਾਂ ਦੇ ਹਿੱਸੇ ਦਾ ਸਨਮਾਨ ਅਤੇ ਇਨਸਾਫ਼ ਅਜੇ ਵੀ ਅਧੂਰਾ ਹੈ, ਕੀ ਉਹ ਇਤਿਹਾਸ ਦੇ ਹਨੇਰਿਆਂ ਵਿੱਚ ਹੀ ਗੁੰਮ ਰਹਿਣਗੇ ? ਅਕਾਲ ਤਖ਼ਤ ਦੇ ਕਾਰਜਕਾਰੀ ਜਥੇਦਾਰ ਨੂੰ ਇਨਸਾਫ਼ ਦਿਵਾਉਣ ਵਿੱਚ 28 ਸਾਲਾਂ ਦੀ ਅਸਫਲਤਾ ਸਿੱਖ ਕੌਮ ਦੀ ਲੀਡਰਸ਼ਿਪ, ਧਾਰਮਿਕ ਸੰਸਥਾਵਾਂ ਅਤੇ ਸੰਗਤਾਂ ਦੀ ਸੋਚ 'ਤੇ ਇੱਕ ਵੱਡਾ ਸਵਾਲੀਆ ਨਿਸ਼ਾਨ ਹੈ। ਸ਼ਹਾਦਤਾਂ ਦੀ ਅਸਲ ਪ੍ਰੇਰਨਾ ਸਿਨੇਮਾ ਦੀਆਂ ਟਿਕਟਾਂ ਖਰੀਦਣ ਨਾਲ ਨਹੀਂ, ਬਲਕਿ ਸ਼ਹੀਦਾਂ ਦੇ ਦੱਸੇ ਹੋਏ ਸਿਧਾਂਤਾਂ 'ਤੇ ਪਹਿਰਾ ਦੇਣ ਅਤੇ ਹਰ ਧੱਕੇਸ਼ਾਹੀ ਖ਼ਿਲਾਫ਼ ਸੜਕਾਂ 'ਤੇ ਉੱਤਰ ਕੇ ਇਨਸਾਫ਼ ਖੋਹਣ ਨਾਲ ਮਿਲਦੀ ਹੈ ।

ਕੌਮੀ ਦਰਦ ਦੀ ਕਲਮ, ਇਨਸਾਫ ਦੀ ਆਸ ਵਿੱਚ

**ਪਰਗਟ ਸਿੰਘ ਬਲਬੇੜਾ**, 9022000070

# 12ਵੀਂ ਯੂਕੇ ਗੱਤਕਾ ਚੈਂਪੀਅਨਸ਼ਿਪ 'ਚੋਂ ਬਾਬਾ ਫਤਹਿ ਸਿੰਘ ਅਖਾੜਾ ਵੂਲਿਚ ਦਾ ਜੋਰਾ ਸਿੰਘ ਰਿਹਾ ਜੇਤੂ

**ਐਮਪੀ ਤਨਮਨਜੀਤ ਸਿੰਘ ਢੇਸੀ ਵੱਲੋਂ ਸਿੰਘ ਸਭਾ ਲੰਡਨ ਈਸਟ ਗੁਰਦੁਆਰਾ ਤੇ ਖੇਡ ਕਲੱਬ ਦੇ ਸਹਿਯੋਗ ਨਾਲ ਕਰਵਾਏ ਸਲਾਨਾ ਗੱਤਕਾ ਮੁਕਾਬਲੇ**





ਲੰਡਨ , 16 ਜੁਲਾਈ (ਸਰਬਜੀਤ ਸਿੰਘ ਬਨੂੜ)- ਸਿੰਘ ਸਭਾ ਲੰਡਨ ਈਸਟ ਗੁਰਦੁਆਰਾ ਅਤੇ ਖੇਡ ਕਲੱਬ ਦੇ ਸਹਿਯੋਗ ਨਾਲ ਯੂਕੇ ਦੇ ਸੰਸਦ ਮੈਂਬਰ ਤਨਮਨਜੀਤ ਸਿੰਘ ਢੇਸੀ ਦੇ ਯਤਨਾਂ ਸਦਕਾ 12ਵੀਂ ਯੂਕੇ ਗੱਤਕਾ ਚੈਂਪੀਅਨਸ਼ਿਪ ਕਰਵਾਈ ਗਈ। ਇਲਫੋਰਡ ਵਿਖੇ ਆਯੋਜਿਤ ਇਸ ਚੈਂਪੀਅਨਸ਼ਿਪ ਦੌਰਾਨ ਵਾਰਿੰਗਟਨ, ਕਵੈਂਟਰੀ, ਡਰਬੀ, ਲੇਟਨ, ਗੁੱਡਮੇਅਜ਼, ਗ੍ਰੇਵਜ਼ੈਂਡ, ਵੂਲਿਚ ਅਤੇ ਬੋਅ ਸ਼ਹਿਰਾਂ ਤੋਂ ਪਹੁੰਚੇ 9 ਗੱਤਕਾ ਅਖਾੜਿਆਂ ਦੇ ਸਿੱਖ ਨੌਜਵਾਨਾਂ ਅਤੇ ਬੀਬੀਆਂ ਨੇ ਖਾਲਸਾਈ ਪ੍ਰੰਪਰਾਵਾਂ ਮੁਤਾਬਿਕ ਜੌਹਰ ਵਿਖਾਏ। ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਵਿਸ਼ਵ ਗੱਤਕਾ ਫੈਡਰੇਸ਼ਨ ਦੇ ਪ੍ਰਧਾਨ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਨੇ ਦੱਸਿਆ ਕਿ ਅਰਦਾਸ ਤੋਂ ਉਪਰੰਤ ਢੇਸੀ ਸਮੇਤ ਪ੍ਰਬੰਧਕਾਂ ਨੇ ਗੱਤਕਾ ਮੁਕਾਬਲਿਆਂ ਦੀ ਸ਼ੁਰੂਆਤ ਕਰਵਾਈ। ਢੇਸੀ ਨੇ ਦੱਸਿਆ ਕਿ ਇਹਨਾਂ ਸਲਾਨਾ ਮੁਕਾਬਲਿਆਂ ਦੌਰਾਨ ਗੱਤਕਾ ਖੇਡ ਦੇ ਵੱਖ-ਵੱਖ ਉਮਰ ਦੇ ਬੱਚਿਆਂ, ਬੀਬੀਆਂ ਅਤੇ ਮਰਦਾਂ ਦੇ ਜੰਗਜੂ ਮੁਕਾਬਲੇ ਕਰਵਾਏ ਗਏ। ਇੰਨਾ ਵਿੱਚੋਂ 18 ਸਾਲ ਤੋਂ ਵੱਧ ਉਮਰ ਦੇ ਲੜਕਿਆਂ ਦੇ ਮੁਕਾਬਲਿਆਂ 'ਚੋਂ ਜੋਰਾ ਸਿੰਘ ਬਾਬਾ ਫਤਹਿ ਸਿੰਘ ਅਖਾੜਾ ਵੂਲਿਚ ਜੇਤੂ ਰਿਹਾ ਜਦਕਿ ਗੁਰਦੀਪ ਸਿੰਘ ਦਮਦਮੀ ਟਕਸਾਲ ਅਖਾੜਾ ਡਰਬੀ ਦੂਜੇ ਸਥਾਨ 'ਤੇ ਰਿਹਾ। ਬੀਬੀਆਂ 'ਚੋਂ ਦਮਦਮੀ ਟਕਸਾਲ ਅਖਾੜਾ ਡਰਬੀ ਦੀ ਕਮਲਪ੍ਰੀਤ ਕੌਰ ਪਹਿਲੇ ਅਤੇ ਕਰਮਜੀਤ ਕੌਰ ਦੂਜੇ ਸਥਾਨ 'ਤੇ ਰਹੀ। 18 ਤੋਂ ਸਾਲ ਦੇ ਲੜਕਿਆਂ ਦੇ ਮੁਕਾਬਲਿਆਂ ਵਿੱਚੋਂ ਦਮਦਮੀ ਟਕਸਾਲ ਦਾ ਹਰਸ਼ਦੀਪ ਸਿੰਘ ਪਹਿਲੇ ਅਤੇ ਜਸਕੀਰਤ ਸਿੰਘ ਦੂਜੇ ਸਥਾਨ ਤੇ ਜਦਕਿ ਇਸੇ ਉਮਰ ਵਰਗ ਵਿੱਚ ਲੜਕੀਆਂ 'ਚੋਂ ਗੁਰਸੁਖਮਨ ਕੌਰ ਅਕਾਲੀ ਫੂਲਾ ਸਿੰਘ ਅਖਾੜਾ ਪਹਿਲੇ ਅਤੇ ਹਰਲੀਨ ਕੌਰ ਦਮਦਮੀ ਟਕਸਾਲ ਅਖਾੜਾ ਦੂਜੇ ਸਥਾਨ 'ਤੇ, 14 ਸਾਲ ਤੋਂ ਘੱਟ ਉਮਰ ਵਰਗ ਦੇ ਮੁਕਾਬਲੇ 'ਚੋਂ ਦਮਦਮੀ ਟਕਸਾਲ ਅਖਾੜੇ ਦੇ ਯੁਵਰਾਜ ਸਿੰਘ ਪਹਿਲੇ ਅਤੇ ਰਬਜੋਤ ਸਿੰਘ ਦੂਜੇ ਸਥਾਨ ਤੇ ਜਦਕਿ ਲੜਕੀਆਂ ਚੋਂ ਅਕਾਲੀ ਫੂਲਾ ਸਿੰਘ ਅਖਾੜਾ ਕਵੈਂਟਰੀ ਦੀ ਮਨਰੂਪ ਕੌਰ ਪਹਿਲੇ ਅਤੇ ਅਕਾਲੀ ਬਾਬਾ ਅਜੀਤ ਸਿੰਘ ਅਖਾੜਾ ਵਾਰਿੰਗਟਨ ਦੀ ਨਕੀਤਾ ਕੌਰ ਦੂਜੇ ਸਥਾਨ ਤੇ ਰਹੀ। ਇਸ ਮੌਕੇ ਬੋਲਦਿਆਂ ਗੱਤਕਾ ਫੈਡਰੇਸ਼ਨ ਯੂਕੇ ਦੇ ਪ੍ਰਧਾਨ ਐਮਪੀ ਤਨਮਨਜੀਤ ਸਿੰਘ ਢੇਸੀ ਨੇ ਕਿਹਾ ਕਿ ਸੰਗਤਾਂ ਦੇ ਸਹਿਯੋਗ ਹਰ ਸਾਲ ਗੱਤਕਾ ਚੈਂਪੀਅਨਸ਼ਿਪ ਕਰਵਾਈ ਜਾਂਦੀ ਹੈ। ਉਹਨਾਂ ਇਸ ਚੈਂਪੀਅਨਸ਼ਿਪ ਦੇ ਆਯੋਜਨ ਲਈ ਗੁਰਦੁਆਰਾ ਸਿੰਘ ਸਭਾ ਲੰਡਨ ਈਸਟ ਬਾਰਕਿੰਗ ਅਤੇ ਸੈਵਨਕਿੰਗਜ਼, ਸਿੰਘ ਸਭਾ ਲੰਡਨ ਈਸਟ ਸਪੋਰਟਸ ਕਲੱਬ ਦੇ ਸੇਵਾਦਾਰਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਬਰਤਾਨੀਆ ਵਿੱਚ ਗੱਤਕਾ ਕਲਾ ਅਤੇ ਸ਼ਸਤਰ ਵਿੱਦਿਆ ਨੂੰ ਹੋਰ ਪ੍ਰਫੁਲਤ ਕਰਨ ਅਤੇ ਬੱਚਿਆਂ ਨੂੰ ਇਸ ਖੇਡ ਨਾਲ ਜੋੜਨ ਲਈ ਯੂਕੇ ਗੱਤਕਾ ਫੈਡਰੇਸ਼ਨ ਪੂਰੇ ਯਤਨ ਕਰ ਰਹੀ ਹਾਂ ਤਾਂ ਕਿ ਨੌਜਵਾਨ ਪੀੜੀ ਸਿੱਖ ਸਵੈ ਰੱਖਿਆ ਦੇ ਨਾਲ-ਨਾਲ ਸਿੱਖੀ ਪ੍ਰੰਪਰਾਵਾਂ ਅਤੇ ਸ਼ਸਤਰ ਵਿਦਿਆ ਦੇ ਹੁਨਰ ਨੂੰ ਅਪਣਾ ਸਕੇ। ਉਹਨਾਂ ਯੂਕੇ ਗੱਤਕਾ ਫੈਡਰੇਸ਼ਨ ਦੇ ਜਨਰਲ ਸਕੱਤਰ ਹਰਮਨ ਸਿੰਘ ਜੌਹਲ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਤਨਾਮ ਸਿੰਘ ਸੰਧੂ, ਗੁਰਦੀਪ ਸਿੰਘ ਹੁੰਦਲ, ਖੇਡ ਕਲੱਬ ਦੇ ਪਿੰਦਰ ਸਿੰਘ ਭਰੋਲੀ, ਲਹਿੰਬਰ ਸਿੰਘ ਲੱਧੜ, ਅਜਮੇਰ ਸਿੰਘ ਮੇਲਾ, ਮੇਜਰ ਸਿੰਘ ਬਾਸੀ, ਮਨਦੀਪ ਸਿੰਘ ਬੜਿੰਗ, ਮਨਜਿੰਦਰ ਸਿੰਘ ਬੜਿੰਗ, ਰਾਣਾ ਪੱਡਾ, ਜਸਪਾਲ ਸਿੰਘ ਢੇਸੀ, ਮਨਜੀਤ ਸਿੰਘ ਸ਼ਾਲਾਪੁਰੀ, ਸਾਹਿਬ ਸਿੰਘ ਢੇਸੀ, ਨਿਸ਼ਾਨ ਸਿੰਘ ਸਲੋਹ, ਜਗਬੀਰ ਸਿੰਘ ਜੱਗਾ ਚਕਰ, ਜਸਬੀਰ ਸਿੰਘ ਢੇਸੀ, ਹਰਨੇਕ ਸਿੰਘ ਨੇਕਾ ਮੈਰੀਪੁਰ, ਸੁਖਦੇਵ ਸਿੰਘ ਸਿੱਧੂ, ਪ੍ਰਮਜੀਤ ਸਿੰਘ ਛੋਕਰ, ਕੁਲਵਿੰਦਰ ਸਿੰਘ ਸਹੋਤਾ, ਰਸ਼ਪਾਲ ਸਿੰਘ ਪਾਲਾ ਸਹੋਤਾ ਜੀਐਨਜੀ ਕਬੱਡੀ ਕਲੱਬ ਗ੍ਰੇਵਜ਼ੈਂਡ, ਡਾ: ਚਾਨਣ ਸਿੰਘ ਸਿੱਧੂ, ਜਸਬੀਰ ਸਿੰਘ ਸ਼ੇਰਗਿੱਲ, ਗੁਰਪ੍ਰੀਤ ਸਿੰਘ ਟੁੱਟ, ਕੁਲਦੀਪ ਸਿੰਘ ਰਾਏ, ਜੈਜ਼ ਸਿੰਘ ਸਿੱਧੂ, ਬਿੰਦਰ ਪੁਆਦੜਾ, ਜਸ ਬਾਠ, ਬੂਟਾ ਸਿੰਘ ਨਿੱਝਰ, ਹਰਜਿੰਦਰ ਸਿੰਘ ਜੌਹਲ, ਦਵਿੰਦਰ ਸਿੰਘ ਪਤਾਰਾ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਮਪੀ ਜਸ ਅਠਵਾਲ, ਰਾਣਾ ਪੱਡਾ, ਸੁਰਿੰਦਰ ਸਿੰਘ ਮਾਣਕ, ਸੋਖਾ ਢੇਸੀ, ਸੁਰਜੀਤ ਸਿੰਘ ਘੁੰਮਣ 'ਪੰਜਾਬ ਰੇਡੀਓ' ਅਤੇ ਪੰਜਾਬ ਟੀਵੀ, ਮਨਪ੍ਰੀਤ ਸਿੰਘ ਬੱਧਨੀ ਕਲਾਂ ਅਜੀਤ ਅਤੇ ਪੰਜਾਬ ਟਾਈਮਜ਼, ਅਮਨਜੀਤ ਸਿੰਘ ਖਹਿਰਾ ਜਨ ਸ਼ਕਤੀ, ਸੁਖਦੇਵ ਸਿੰਘ ਅਤੇ ਪਾਲ ਸਿੰਘ ਝੱਲੀ ਅਕਾਲ ਚੈਨਲ, ਹਰਵਿੰਦਰ ਸਿੰਘ ਸਿੱਖ ਚੈਨਲ, ਅਨਮੋਲ ਕੌਰ ਜੀਟੀਸੀ, ਪ੍ਰਭਜੋਤ ਸਿੰਘ ਪੀਟੀਸੀ ਆਦਿ ਵੀ ਉਚੇਚੇ ਤੌਰ ਤੇ ਪਹੁੰਚੇ।

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ

ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸੱਜਣਗੇ

ਕਥਾ ਵਾਚਕ,ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸੱਜਣਗੇ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਖਾਂ ਦੇ ਨਗਰ ਵਿਖੇ ਸਾਉਣ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ ਗਿਆ

















ਮੋਗਾ, 16 ਜੁਲਾਈ (ਗੁਰਪ੍ਰੀਤ ਸਿੰਘ)-ਅੱਜ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਵਿਖੇ ਸਾਵਣ (ਸਾਉਣ) ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਤਿਉਹਾਰ ਮਨਾਇਆ ਗਿਆ, ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਕੀਰਤਨ ਦਰਬਾਰ ਸਜਾਇਆ ਗਿਆ। ਅਰਦਾਸ ਉਪਰੰਤ ਗੁਰੂ ਘਰ ਦੇ ਕੀਰਤਨੀ ਜੱਥੇ ਵੱਲੋਂ ਸੰਗਤਾਂ ਨੂੰ ਕੀਰਤਨ ਦੁਆਰਾ ਨਿਹਾਲ ਕੀਤਾ ਗਿਆ। ਕੀਰਤਨ ਉਪਰੰਤ ਗਿਆਨੀ ਅਵਤਾਰ ਸਿੰਘ ਜੀ ਨੇ ਕਥਾ ਵਿਚਾਰਾਂ ਨਾਲ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਅਤੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ ਵੱਲੋਂ ਅੱਜ ਦੇ ਇਤਿਹਾਸ ਸ਼ਹੀਦ ਭਾਈ ਤਾਰੂ ਸਿੰਘ ਜੀ ਦੇ ਜੀਵਨ ਬਾਰੇ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਈ। ਸਮਾਪਤੀ ਉਪਰੰਤ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ। ਸਾਵਣ ਮਹੀਨੇ ਦੀ ਸੰਗਰਾਂਦ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਤੇ ਲਾਈਵ ਪ੍ਰਸਾਰਣ ਦੀ ਸੇਵਾ ਸਾਵਣ ਮਹੀਨੇ ਦੀ ਪਵਿੱਤਰ ਸੰਗਰਾਂਦ ਦੇ ਪਾਵਨ ਅਵਸਰ ’ਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਅਤੇ ਜਪੁਜੀ ਸਾਹਿਬ ਜੀ ਦੀ ਸੇਵਾ ਇੰਗਲੈਂਡ ਨਿਵਾਸੀ ਸਰਦਾਰ ਰਘਵੀਰ ਸਿੰਘ ਅਤੇ ਬੀਬੀ ਕੁਲਵਿੰਦਰ ਕੌਰ ਦੇ ਪਰਿਵਾਰ ਵੱਲੋਂ ਆਪਣੇ ਬੱਚਿਆਂ ਦੇ ਆ ਰਹੇ ਜਨਮ ਦਿਨਾਂ ਦੀ ਖੁਸ਼ੀ ਅਤੇ ਗੁਰੂ ਸਾਹਿਬ ਦੀਆਂ ਬਖ਼ਿਸ਼ਸ਼ਾਂ

ਆਵਾਜ਼ਿ ਕੌਮ AWAZE QAUM
International Newspaper & WEB TV

ਦੇ ਸ਼ੁਕਰਾਨੇ ਵਜੋਂ ਕਰਵਾਈ ਗਈ ਹੈ। ਇਸ ਦੇ ਨਾਲ ਹੀ ਅੱਜ ਦੇ ਸਮੁੱਚੇ ਧਾਰਮਿਕ ਸਮਾਗਮ ਦੇ ਲਾਈਵ ਪ੍ਰਸਾਰਣ ਦੀ ਸੇਵਾ ਵੀ ਪਰਿਵਾਰ ਵੱਲੋਂ ਸਪਾਂਸਰ ਕੀਤੀ ਗਈ ਹੈ। ਇਹ ਪਾਵਨ ਸਮਾਗਮ ਗੁਰਦੁਆਰਾ ਸੰਤ ਖਾਲਸਾ, ਪਿੰਡ ਰੋਡੇ (ਜਨਮ ਅਸਥਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ) ਵਿਖੇ ਹੋ ਰਿਹਾ ਹੈ, ਜਿਸ ਦਾ ਸਿੱਧਾ ਪ੍ਰਸਾਰਣ ਆਵਾਜ਼ਿ ਕੌਮ ਟੀਵੀ ਵੱਲੋਂ ਕੀਤਾ ਜਾ ਰਿਹਾ ਹੈ। ਹੇ ਅਕਾਲ ਪੁਰਖ ਵਾਹਿਗੁਰੂ ਜੀ! ਖਾਲਸਾ ਪੰਥ ਨੂੰ ਚੜ੍ਹਦੀ ਕਲਾ, ਏਕਤਾ ਅਤੇ ਗੁਰਮਤਿ ਅਨੁਸਾਰ ਕਹਿਣੀ ਤੇ ਕਰਨੀ ਵਾਲੇ ਸੱਚੇ ਲੀਡਰ ਦੀ ਅਗਵਾਈ ਬਖ਼ਸ਼ੋ। ਸਰਬੱਤ ਸੰਗਤ ’ਤੇ ਆਪਣੀ ਮਿਹਰ ਭਰੀ ਨਜ਼ਰ ਰੱਖੋ। ਸਰਦਾਰ ਰਘਵੀਰ ਸਿੰਘ, ਬੀਬੀ ਕੁਲਵਿੰਦਰ ਕੌਰ ਅਤੇ ਸਮੂਹ ਪਰਿਵਾਰ ’ਤੇ ਆਪਣੀਆਂ ਅਪਾਰ ਬਖ਼ਿਸ਼ਸ਼ਾਂ ਵਰਸਾਓ। ਪਰਿਵਾਰ ਦੇ ਸਾਰੇ ਕਾਰਜ ਸਫਲ ਕਰੋ, ਵਿਦੇਸ਼ਾਂ ਵਿੱਚ ਵੱਸਦੇ ਹੋਏ ਹਰ ਵੇਲੇ ਅੰਗ-ਸੰਗ ਸਹਾਈ ਹੋਵੋ, ਤੰਦਰੁਸਤੀ, ਤਰੱਕੀ ਅਤੇ ਚੜ੍ਹਦੀ ਕਲਾ ਬਖ਼ਸ਼ੋ। ਬੱਚਿਆਂ ਨੂੰ ਲੰਬੀ ਉਮਰ, ਉੱਚੀ ਸੁੱਚੀ ਸੋਚ, ਗੁਰਸਿੱਖੀ ਜੀਵਨ ਅਤੇ ਸਿੱਖੀ ਸਰੂਪ ਦੀ ਦਾਤ ਬਖ਼ਸ਼ੋ। ਵਾਹਿਗੁਰੂ ਜੀ ਸਮੂਹ ਪਰਿਵਾਰ ਨੂੰ ਸਦਾ ਆਪਣੀ ਰਹਿਮਤ ਦੀ ਛਾਂ ਹੇਠ ਰੱਖਣ ਅਤੇ ਗੁਰੂ ਘਰ ਦੀ ਸੇਵਾ, ਸਿਮਰਨ ਅਤੇ ਸੰਗਤ ਨਾਲ ਸਦਾ ਜੋੜੀ ਰੱਖਣ। ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ।